ਸ਼ਲੋਕਾਂ ਦਾ ਵੇਰਵਾ

ਇਹ ਸਾਰੇ ਸ਼ਲੋਕ ਗਿਣਤੀ ਵਿਚ 130 ਹਨ। ਇਹਨਾਂ ਵਿਚ 18 ਸ਼ਲੋਕ ਗੁਰੂ ਨਾਨਕ ਦੇਵ, ਗੁਰੂ ਅਮਰਦਾਸ, ਗੁਰੂ ਰਾਮ ਦਾਸ ਤੇ ਗੁਰੂ ਅਰਜਨ ਸਾਹਿਬ ਦੇ ਭੀ ਹਨ, ਜੋ ਫਰੀਦ ਜੀ ਦੇ ਕੁਝ ਸ਼ਲੋਕਾਂ ਦੇ ਭਾਵ ਹੋਰ ਵਧੀਕ ਖੁਲ੍ਹੀ ਤਰ੍ਹਾਂ ਸਮਝਾਣ ਵਾਸਤੇ ਲਿਖੇ ਗਏ ਹਨ, ਤਾ ਕਿ ਕੋਈ ਅੰਞਾਣ ਮਨੁੱਖ ਟਪਲਾ ਨਾ ਖਾ ਜਾਏ। ਸੋ, ਫਰੀਦ ਜੀ ਦੇ ਨਿਰੋਲ ਆਪਣੇ ਸ਼ਲੋਕਾਂ ਦਾ ਭਾਵ ਲਿਖਣ ਵੇਲੇ ਸਤਿਗੁਰੂ ਜੀ ਦੇ ਸਲੋਕਾਂ ਨੂੰ ਨਾਲ ਰਲਾਣ ਦੀ ਲੋੜ ਨਹੀਂ ਹੈ।

ਖ਼ਿਆਲ ਦੀ ਮਿਲਵੀਂ ਲੜੀ-ਅਨੁਸਾਰ ਇਹਨਾਂ ਸ਼ਲੋਕਾਂ ਦੇ ਹੇਠ-ਲਿਖੀ ਗਿਣਤੀ ਦੇ ਮੁਤਾਬਿਕ ਪੰਜ ਹਿੱਸੇ ਕੀਤੇ ਗਏ ਹਨ।

1. ਸ਼ਲੋਕ ਨੰ: 1 ਤੋਂ 15 ਤਕ। ਇਹਨਾਂ ਵਿਚ ਸ਼ਲੋਕ ਨੰ: 13 ਗੁਰੂ ਅਮਰਦਾਸ ਜੀ ਦਾ ਹੈ (ਫਰੀਦ ਜੀ ਦੇ ਆਪਣੇ 14 ਹਨ)।

2. ਸ਼ਲੋਕ ਨੰ: 16 ਤੋਂ 36 ਤਕ (21 ਸ਼ਲੋਕ)। ਇਹਨਾਂ ਵਿਚ ਸ਼ਲੋਕ ਨੰ: 32 ਗੁਰੂ ਨਾਨਕ ਸਾਹਿਬ ਦਾ ਹੈ, (ਫਰੀਦ ਜੀ ਦੇ ਆਪਣੇ 20 ਹਨ)।

3. ਸ਼ਲੋਕ ਨੰ: 37 ਤੋਂ 65 ਤਕ, (29 ਸ਼ਲੋਕ)। ਇਹਨਾਂ ਵਿਚ ਸ਼ਲੋਕ ਨੰ: 52 ਗੁਰੂ ਅਮਰਦਾਸ ਜੀ ਦਾ ਹੈ (ਫਰੀਦ ਜੀ ਦੇ ਆਪਣੇ 28 ਹਨ)।

4. ਸ਼ਲੋਕ ਨੰ: 66 ਤੋਂ 92 ਤਕ (27 ਸ਼ਲੋਕ)। ਇਹਨਾਂ ਵਿਚ ਸ਼ਲੋਕ ਨੰ: 75, 82, 83, ਗੁਰੂ ਅਰਜਨ ਸਾਹਿਬ ਦੇ ਹਨ (ਫਰੀਦ ਜੀ ਦੇ ਆਪਣੇ 24 ਹਨ)।

5. ਸ਼ਲੋਕ ਨੰ: 93 ਤੋਂ 130 ਤਕ, (38 ਸ਼ਲ਼ੋਕ)। ਇਹਨਾਂ ਵਿਚ ਗੁਰੂ ਨਾਨਕ ਦੇਵ ਜੀ ਦੇ ਤਿੰਨ ਸ਼ਲ਼ੋਕ ਹਨ (ਨੰ: 113, 120, 124), ਗੁਰੂ ਅਮਰਦਾਸ ਜੀ ਦੇ ਤਿੰਨ ਸ਼ਲੋਕ ਹਨ (ਨੰ: 104, 122, 123), ਗੁਰੂ ਰਾਮਦਾਸ ਜੀ ਦਾ ਇਕ ਸ਼ਲ਼ੋਕ (ਨੰ: 121), ਤੇ ਗੁਰੂ ਅਰਜਨ ਸਾਹਿਬ ਦੇ ਪੰਜ ਸ਼ਲ਼ੋਕ ਹਨ (ਨੰ: 105, 108 109, 110, 111)। ਫਰੀਦ ਜੀ ਦੇ ਆਪਣੇ ਸ਼ਲੋਕ 26 ਹਨ।

ਸੋ

ਬਾਬਾ ਫਰੀਦ ਜੀ ਦੇ ਕੁੱਲ ਸ਼ਲੋਕ=112

ਗੁਰੂ ਨਾਨਕ ਦੇਵ ਜੀ=4, (ਨੰ: 32, 113, 120, 124)

ਗੁਰੂ ਅਮਰਦਾਸ ਜੀ=5, (13, 52, 104, 122, 123)

ਗੁਰੂ ਰਾਮਦਾਸ ਜੀ=1, (ਨੰ: 121)

ਗੁਰੂ ਅਰਜਨ ਸਾਹਿਬ=8, (ਨੰ: 75, 82, 83, 105, 108 ਤੋਂ 111)

ਕੁੱਲ ਜੋੜ=130

ਬਾਬਾ ਫਰੀਦ ਜੀ ਦੇ ਸ਼ਲੋਕਾਂ ਦਾ ਭਾਵ

ਸ਼ਲੋਕ-ਵਾਰ

(1) ਨੰ: 1 ਤੋਂ 15 ਤਕ=15 ਸ਼ਲੋਕ

ਹਰੇਕ ਜੀਵ ਦੇ ਜ਼ਿੰਦਗੀ ਦੇ ਦਿਨ ਗਿਣੇ-ਮਿਥੇ ਹੋਏ ਹਨ, ਜੀਵ ਇਥੇ ਬੰਦਗੀ, 'ਦਰਵੇਸ਼ੀ' ਕਰਨ ਆਇਆ ਹੈ। ਪਰ

ਮਨੁੱਖ ਮੋਹ ਦੀ ਪੋਟਲੀ ਸਿਰ ਉਤੇ ਬੰਨ੍ਹੀ ਫਿਰਦਾ ਹੈ, ਇਹ ਗੁੱਝੀ ਅੱਗ ਹਰ ਵੇਲੇ ਇਸ ਨੂੰ ਸਾੜਦੀ ਹੈ। ਫਿਰ ਭੀ ਮਾਇਆ ਦੇ ਕਾਰਨ ਅਹੰਕਾਰੀ ਹੋਇਆ ਜੀਵ ਰੱਬ ਨਾਲੋਂ ਸਾਕ ਤੋੜ ਲੈਂਦਾ ਹੈ। ਇਸ ਮਸਤੀ ਵਿਚ ਕਿਸੇ ਦੀ ਨਿੰਦਾ ਕਰਦਾ ਹੈ, ਕਿਸੇ ਨਾਲ ਵੈਰ ਬੰਨ੍ਹ ਬਹਿੰਦਾ ਹੈ। ਇਹਨੀ ਕੰਮੀਂ ਜਵਾਨੀ ਦਾ ਸਮਾ (ਜਦੋਂ ਬੰਦਗੀ ਹੋ ਸਕਦੀ ਹੈ) ਗੰਵਾ ਲੈਂਦਾ ਹੈ। ਆਖ਼ਰ ਬੁਢੇਪਾ ਆ ਜਾਂਦਾ ਹੈ, ਦੁਨੀਆ ਦੇ ਪਦਾਰਥ ਭੀ ਨਹੀਂ ਸੁਖਾਂਦੇ, ਕਿਉਂਕਿ ਸਾਰੇ ਅੰਗ ਕਮਜ਼ੋਰ ਹੋ ਜਾਂਦੇ ਹਨ, ਤੇ, ਜਵਾਨੀ ਲੰਘਾ ਕੇ ਬੁੱਢੀ ਉਮਰੇ ਬੰਦਗੀ ਦਾ ਸੁਭਾਉ ਪਕਾਣਾ ਬੜਾ ਔਖਾ ਹੋ ਜਾਂਦਾ ਹੈ। ਅੰਤ ਮਰਨ ਤੇ ਇਹ ਸੋਹਣਾ ਸਰੀਰ ਮਿੱਟੀ ਹੋ ਜਾਂਦਾ ਹੈ। ਪਰ, ਅਚਰਜ ਗੱਲ ਇਹ ਹੈ ਕਿ ਇਸ ਮਨ-ਦੇ-ਮੁਰੀਦ ਬੰਦੇ ਨੂੰ ਕਿਤਨੀ ਭੀ ਮੱਤ ਦਿਉ, ਇਹ ਇੱਕ ਨਹੀਂ ਸੁਣਦਾ।

(2) ਨੰ: 16 ਤੋਂ 36 ਤਕ=21 ਸ਼ਲੋਕ

ਇਸ ਜਗਤ-ਮੇਲੇ ਦੀ ਭੀੜ ਵਿਚ ਕਈ ਵਾਰੀ ਧੱਕੇ ਖਾਣੇ ਪੈਂਦੇ ਹਨ, ਵਧੀਕੀ ਸਹਿਣੀ ਪੈਂਦੀ ਹੈ; ਪਰ, 'ਦਰਵੇਸ਼' ਦੱਭ ਤੇ ਖ਼ਾਕ ਵਾਂਗ ਸਹਿਨ-ਸ਼ੀਲ ਹੋ ਜਾਂਦਾ ਹੈ।

'ਦਰਵੇਸ਼' ਦਾ ਰੱਬੀ ਪਿਆਰ ਕਿਸੇ ਦੁਨੀਆਵੀ ਲਾਲਚ ਦੇ ਆਸਰੇ ਨਹੀਂ ਹੁੰਦਾ। ਉਸ ਨੂੰ ਇਹ ਲੋੜ ਭੀ ਨਹੀਂ ਪੈਂਦੀ ਕਿ ਰੱਬ ਨੂੰ ਜੰਗਲਾਂ ਵਿਚ ਲੱਭਣ ਜਾਏ, ਉਸ ਨੂੰ ਹਿਰਦੇ ਵਿਚ ਹੀ ਲੱਭ ਪੈਂਦਾ ਹੈ। ਪਰ, 'ਦਰਵੇਸ਼ੀ' ਕਮਾਣ ਦਾ ਵੇਲਾ ਜਵਾਨੀ ਹੀ ਹੈ।

'ਦਰਵੇਸ਼' ਕਦੇ ਪਰਾਈ ਆਸ ਨਹੀਂ ਤੱਕਦਾ, ਤੇ ਨਾ ਹੀ ਘਰ ਆਏ ਕਿਸੇ ਪਰਦੇਸੀ ਦੀ ਸੇਵਾ ਤੋਂ ਚਿੱਤ ਚੁਰਾਂਦਾ ਹੈ।

ਸੁਖੀ ਜੀਵਨ ਦੀ ਖ਼ਾਤਰ ਬੰਦਗੀ ਤੋਂ ਬਿਨਾ ਕੋਈ ਆਹਰ ਕਰਨੇ ਮੂਰਖਪੁਣਾ ਹੈ। ਦਰਵੇਸ਼ ਨੂੰ ਕੋਈ ਹੋਰ ਲਾਲਚ ਆਦਿਕ ਬੰਦਗੀ ਦੇ ਰਾਹ ਤੋਂ ਲਾਂਭੇ ਨਹੀਂ ਲੈ ਜਾ ਸਕਦਾ, ਕਿਉਂਕਿ ਉਹ ਜਾਣਦਾ ਹੈ ਕਿ ਜਿਸ ਸਰੀਰ ਦੇ ਸੁਖ ਲਈ ਜਗਤ ਉਕਾਈ ਖਾਂਦਾ ਹੈ, ਆਖ਼ਰ ਉਹ ਸਰੀਰ ਭੀ ਮਿੱਟੀ ਵਿਚ ਮਿਲ ਜਾਂਦਾ ਹੈ। ਸੋ, 'ਦਰਵੇਸ਼' ਸਰੀਰ ਦੇ ਨਿਰਬਾਹ ਲਈ ਪਰਾਈ ਚੋਪੜੀ ਨਾਲੋਂ ਆਪਣੀ ਕਮਾਈ ਹੋਈ ਰੁੱਖੀ-ਮਿੱਸੀ ਨੂੰ ਵਧੀਕ ਚੰਗਾ ਜਾਣਦਾ ਹੈ।

'ਦਰਵੇਸ਼' ਇਕ ਪਲ ਭਰ ਭੀ ਰੱਬ ਦੀ ਯਾਦ ਤੋਂ ਬਿਨਾ ਨਹੀਂ ਰਹਿ ਸਕਦਾ। ਸਿਮਰਨ ਤੋਂ ਖੁੰਝ ਕੇ ਧਾਰਮਿਕ ਭੇਖ ਤੇ ਸਾਧਨਾਂ ਨੂੰ 'ਦਰਵੇਸ਼' ਨਿਕੰਮੇ ਜਾਣਦਾ ਹੈ, ਕਿਉਂਕਿ ਇਹਨਾਂ ਵਿਚ ਉਮਰ ਵਿਅਰਥ ਹੀ ਗੁਜ਼ਰਦੀ ਹੈ, ਚਿੰਤਾ ਤੇ ਦੁੱਖ ਸਦਾ ਵਾਪਰਦੇ ਹੀ ਰਹਿੰਦੇ ਹਨ। ਜਿਸ ਮਨੁੱਖ ਨੂੰ ਕਦੇ ਚੇਤਾ ਨਹੀਂ ਆਇਆ ਕਿ ਮੈਂ ਰੱਬ ਤੋਂ ਵਿਛੁੜਿਆ ਪਿਆ ਹਾਂ, ਉਸ ਦੀ ਆਤਮਾ ਵਿਕਾਰਾਂ ਵਿਚ ਸੜ ਗਈ ਜਾਣੋ।

(3) ਨੰ: 37 ਤੋਂ 65 ਤਕ = 29 ਸ਼ਲੋਕ:

ਦੁਨੀਆ ਦੇ ਇਹਨਾਂ ਖੰਡ-ਗਲੇਫੇ ਪਰ ਜ਼ਹਿਰੀਲੇ ਪਦਾਰਥਾਂ ਦੀ ਖ਼ਾਤਰ ਮਨੁੱਖ ਸਾਰਾ ਦਿਨ ਭਟਕਦਾ ਹੈ, ਤੇ ਉਮਰ ਦੁੱਖਾਂ ਵਿਚ ਗੁਜ਼ਾਰਦਾ ਹੈ। ਬੁਢੇਪੇ ਵਿਚ ਭੀ ਇਸ ਦਾ ਇਹੀ ਹਾਲ ਰਹਿੰਦਾ ਹੈ, ਦੂਜਿਆਂ ਦੇ ਦਰ ਤੇ ਜਾ ਜਾ ਕੇ ਧੱਕੇ ਖਾਂਦਾ ਹੈ। ਹੈ ਸੀ ਇਹ ਸ੍ਰਿਸ਼ਟੀ ਦਾ ਸਰਦਾਰ; ਪਰ ਇਸਦੀ ਸਾਰੀ ਉਮਰ, ਮਾਨੋ, ਕੋਲੇ ਵਿਹਾਝਦਿਆਂ ਲੰਘ ਜਾਂਦੀ ਹੈ।

ਮਨੁੱਖਾ ਜੀਵਨ ਦੀ ਕਾਮਯਾਬੀ ਦਾ ਮਾਪ ਇਹ ਪਦਾਰਥ ਨਹੀਂ ਹਨ, ਕਿਉਂਕਿ ਛਤ੍ਰ-ਧਾਰੀ ਪਾਤਸ਼ਾਹ ਭੀ ਆਖ਼ਰ ਯਤੀਮਾਂ ਵਰਗੇ ਹੋ ਗਏ। ਮਹਲ-ਮਾੜੀਆਂ ਵਾਲੇ ਭੀ ਇਥੇ ਹੀ ਛੱਡ ਕੇ ਤੁਰ ਗਏ। ਇਹ ਪਦਾਰਥ ਤਾਂ ਕਿਤੇ ਰਹੇ, ਇਸ ਆਪਣੀ ਜਿੰਦ ਦੀ ਭੀ ਕੋਈ ਪਾਂਇਆਂ ਨਹੀਂ; ਇਸ ਨਾਲੋਂ ਤਾਂ ਨਕਾਰੀ ਗੋਦੜੀ ਦਾ ਹੀ ਵਧੀਕ ਇਤਬਾਰ ਹੋ ਸਕਦਾ ਹੈ। ਵੇਂਹਦਿਆਂ ਵੇਂਹਦਿਆਂ ਹੀ ਮੌਤ ਇਸ ਸਰੀਰ-ਕਿਲ੍ਹੇ ਨੂੰ ਲੁੱਟ ਕੇ ਲੈ ਜਾਂਦੀ ਹੈ। ਸੋ, ਇਹ ਪਦਾਰਥ ਭੀ ਨਾਲ ਨਾ ਨਿਭੇ, ਤੇ ਇਹਨਾਂ ਦੀ ਖ਼ਾਤਰ ਕੀਤੇ ਮੰਦੇ ਕੰਮਾਂ ਦੇ ਕਾਰਨ ਉਮਰ ਭੀ ਦੁੱਖਾਂ ਵਿਚ ਕੱਟੀ।

ਬਾਹਰਲਾ ਧਾਰਮਿਕ ਭੇਖ ਭੀ ਸਹੈਤਾ ਨਹੀਂ ਕਰਦਾ। ਚਾਹੀਦਾ ਤਾਂ ਇਹ ਹੈ ਕਿ ਬੰਦਗੀ ਦੀ ਬਰਕਤਿ ਨਾਲ ਇਹਨਾਂ

'ਵਿਸੁ-ਗੰਦਲਾਂ' ਦਾ ਲਾਲਚ ਨਾ ਰਹੇ।

ਇਹਨਾਂ 'ਵਿਸੁ-ਗੰਦਲਾਂ' ਦੀ ਖ਼ਾਤਰ ਭਟਕਦਿਆਂ ਜਵਾਨੀ ਬੀਤ ਜਾਂਦੀ ਹੈ, ਧੌਲੇ ਆ ਜਾਂਦੇ ਹਨ। ਆਖ਼ਰ ਕਦ ਤਕ? ਜ਼ਿੰਦਗੀ ਦੇ ਗਿਣਵੇਂ ਦਿਨ ਮੁੱਕਦੇ ਜਾਂਦੇ ਹਨ, ਮਹਲ-ਮਾੜੀਆਂ ਤੇ ਧਨ ਇਥੇ ਹੀ ਪਏ ਰਹਿ ਜਾਂਦੇ ਹਨ, ਤੇ ਖਸਮ ਦੇ ਦਰ ਤੇ ਜਾ ਕੇ ਸ਼ਰਮਿੰਦਾ ਹੋਣਾ ਪੈਂਦਾ ਹੈ।

ਜੇ ਫ਼ਕੀਰੀ ਦੇ ਰਾਹ ਤੁਰਦੇ ਹੋਇਆਂ, ਤੇ ਆਪਣੇ ਵਲੋਂ ਧਾਰਮਿਕ ਜੀਵਨ ਬਤੀਤ ਕਰਦੇ ਹੋਇਆਂ, ਮਨ ਵਿਚ 'ਵਿਸੁ-ਗੰਦਲਾਂ' ਲਈ ਭਟਕਣਾ ਟਿਕੀ ਰਹੇ ਤਾਂ ਸਾਰੇ ਧਾਰਮਿਕ ਉੱਦਮ ਬਾਹਰ-ਮੁਖੀ ਹੋ ਜਾਂਦੇ ਹਨ। ਸਗੋਂ, ਇਕ ਨੁਕਸਾਨ ਦਾ ਖ਼ਤਰਾ ਹੋ ਜਾਂਦਾ ਹੈ ਕਿ ਉਹ ਪਹਿਲਾ ਧਾਰਮਿਕ ਚਾਅ ਮੁੱਕ ਹੀ ਜਾਂਦਾ ਹੈ, ਉਸ ਦਾ ਮੁੜ ਪਲ੍ਹਰਨਾ ਔਖਾ ਹੋ ਜਾਂਦਾ ਹੈ। ਪਰ, ਹੰਸ ਇਸ ਦੁਨੀਆ-ਕੱਲਰ ਦੀ ਛਪੜੀ ਵਿਚੋਂ ਪਾਣੀ ਨਹੀਂ ਪੀਂਦਾ, ਹੰਸ ਕੋਧਰਾ ਨਹੀਂ ਖਾਂਦਾ, ਉਸ ਦੀ ਖ਼ੁਰਾਕ ਮਾਨਸਰੋਵਰ ਦੇ ਮੋਤੀ ਹਨ।

(4) ਨੰ: 66 ਤੋਂ 92 ਤਕ=27 ਸ਼ਲੋਕ:

ਇਸ ਸੰਸਾਰ-ਸਰੋਵਰ ਦੇ ਜੀਵ-ਪੰਛੀਆਂ ਦੀਆਂ ਡਾਰਾਂ ਵਿਚੋਂ ਨਿੱਤ ਕਿਸੇ ਨਾ ਕਿਸੇ ਦੀ ਤੁਰਨ ਦੀ ਵਾਰੀ ਆਉਂਦੀ ਰਹਿੰਦੀ ਹੈ। ਇਥੇ ਬੰਦਗੀ-ਹੀਣ ਬੰਦੇ ਦਾ ਜੀਵਨ ਕਿਸੇ ਕੰਮ ਦਾ ਨਹੀਂ। ਇਥੇ ਹੀ ਰਹਿ ਜਾਣ ਵਾਲੀ ਮਾਇਆ ਦੇ ਕਾਰਨ ਉਸ ਦਾ ਆਕੜਿਆ ਹੋਇਆ ਸਿਰ ਸੁੱਕੀ ਲੱਕੜੀ ਹੀ ਸਮਝੋ।

ਅਹੰਕਾਰੀ ਮਨੁੱਖ ਇਸ ਜ਼ਿੰਦਗੀ ਨੂੰ ਇਤਨਾ ਦੋਜ਼ਕ ਬਣਾ ਦੇਂਦੇ ਹਨ ਕਿ ਜੀਊਣ ਦਾ ਕੋਈ ਚਾਅ ਹੀ ਨਹੀਂ ਰਹਿ ਜਾਂਦਾ। ਪਰ ਮਾਇਆ ਦਾ ਮਾਣ ਤਾਂ ਕਿਤੇ ਰਿਹਾ, ਇਹ ਆਪਣੇ ਸਰੀਰਕ ਅੰਗ ਭੀ ਆਖ਼ਰ ਜਵਾਬ ਦੇ ਜਾਂਦੇ ਹਨ। ਕਿਸੇ ਨੂੰ ਦੁਖਾਣਾ ਹੈ ਹੀ ਮੂਰਖਤਾ। ਇਥੇ ਤਾਂ ਸਾਰੇ ਪੰਛੀ ਪਰਾਹੁਣੇ ਹੀ ਹਨ। ਇਸ ਸੰਸਾਰ-ਰੁੱਖ ਤੇ ਗ਼ਫ਼ਲਤਿ ਵਿਚ ਸਾਰੀ ਰਾਤ ਸੁੱਤੇ ਰਹਿਣ ਦੇ ਥਾਂ ਅਗਲੇ ਸਫ਼ਰ ਦੀ ਤਿਆਰੀ ਕਰਨ ਦੀ ਲੋੜ ਹੈ।

ਮਾਇਆ ਵਿਚ ਭੁੱਲ ਕੇ, ਬੰਦਗੀ-ਹੀਣ ਹੋ ਕੇ ਸਭ ਜੀਵ ਦੁਖੀ ਹੋ ਰਹੇ ਹਨ, ਇਹ ਆਪਣੇ-ਹੀ-ਕੀਤੇ ਮੰਦ ਕਰਮਾਂ ਦਾ ਫਲ ਮਿਲਦਾ ਹੈ, ਦਿਨ ਦੁੱਖਾਂ ਵਿਚ ਤੇ ਰਾਤ ਚਿੰਤਾ ਵਿਚ ਬੀਤਦੀ ਹੈ। ਦੁੱਖਾਂ ਦੇ ਇਸ ਹੜ੍ਹ ਵਿਚ ਰੁੜ੍ਹਨੋਂ ਸਿਰਫ਼ ਉਹ ਮਨੁੱਖ ਬਚਦੇ ਹਨ, ਜਿਨ੍ਹਾਂ ਦੀ ਜ਼ਿੰਦਗੀ ਦਾ ਮਲਾਹ ਗੁਰੂ ਹੈ।

ਜਗਤ ਵਿਚ ਚਾਰ-ਚੁਫੇਰੇ ਸੁਆਦਲੇ ਤੇ ਮਨ-ਮੋਹਣੇ ਮਨੁੱਖ ਦੇ ਮਨ ਨੂੰ ਖਿੱਚ ਪਾਂਦੇ ਹਨ, ਇਹਨਾਂ ਦੇ ਚਸਕਿਆਂ ਵਿਚ ਪੈ ਕੇ ਸਰੀਰ ਦਾ ਸੱਤਿਆਨਾਸ ਹੋ ਜਾਂਦਾ ਹੈ, ਪਰ, ਝਾਕ ਨਹੀਂ ਮਿਟਦੀ। ਹਾਂ, ਜਿਸ ਹਿਰਦੇ ਵਿਚ ਖਸਮ-ਪ੍ਰਭੂ ਦਾ ਪਿਆਰ ਵੱਸਦਾ ਹੈ, ਉਸ ਨੂੰ ਕੋਈ ਵਿਕਾਰ ਵਿਸ਼ੇ-ਭੋਗਾਂ ਵਲ ਪਰੇਰ ਨਹੀਂ ਸਕਦੇ।

(5) ਨੰ: 93 ਤੋਂ 130 ਤਕ=38 ਸ਼ਲੋਕ:

ਮਨੁੱਖ ਦੇ ਵੇਖਦਿਆਂ ਹੀ ਖ਼ਲਕਤ ਮੌਤ ਦਾ ਸ਼ਿਕਾਰ ਹੋ ਕੇ ਕਬਰੀਂ ਪੈਂਦੀ ਜਾ ਰਹੀ ਹੈ। ਇਹ ਬੰਦਾ ਨਦੀ-ਕੰਢੇ ਰੁੱਖੜੇ ਵਾਂਗ ਹੈ, ਉਸ ਬਗੁਲੇ ਵਾਂਗ ਹੈ, ਜਿਸ ਨੂੰ ਕੇਲ ਕਰਦੇ ਨੂੰ ਬਾਜ਼ ਆ ਬੋਚਦਾ ਹੈ। ਸਾਰੇ ਜਗਤ ਨੂੰ ਮੌਤ ਦੀ ਢਾਹ ਲੱਗੀ ਹੋਈ ਹੈ, ਚੰਗੇ ਪਲੇ ਹੋਏ ਸਰੀਰ ਭੀ ਮੌਤ ਤੋਂ ਨਹੀਂ ਬਚ ਸਕਦੇ, ਕਿਉਂਕਿ ਬੁਢੇਪਾ ਆਇਆਂ ਆਖ਼ਰ ਪਲੇ ਹੋਏ ਅੰਗ ਭੀ ਕਮਜ਼ੋਰ ਹੋ ਜਾਂਦੇ ਹਨ, ਜਿਵੇਂ ਰੁੱਖ ਤੋਂ ਪੱਤਰ ਝੜ ਜਾਂਦੇ ਹਨ। ਪਰ, ਇਹ ਵੇਖਦਿਆਂ ਭੀ ਹਰੇਕ ਮਨੁੱਖ ਸੁਆਰਥ ਦਾ ਮਾਰਿਆ ਪਿਆ ਹੈ। ਅਜੇਹੇ ਮਨੁੱਖ ਨਾਲੋਂ ਤਾਂ ਉਹ ਪੰਛੀ ਚੰਗੇ, ਜੋ ਕੰਕਰ ਚੁਗ ਕੇ ਰੁੱਖਾਂ ਤੇ ਆਲ੍ਹਣੇ ਬਣਾ ਗੁਜ਼ਾਰਾ ਕਰਦੇ ਹਨ, ਪਰ ਰੱਬ ਨੂੰ ਚੇਤੇ ਰੱਖਦੇ ਹਨ।

ਅਜੇਹੇ ਮਹਲ-ਮਾੜੀਆਂ ਦੇ ਵਸੇਬੇ ਨਾਲੋਂ ਤਾਂ ਕੰਬਲੀ ਪਾ ਕੇ ਫ਼ਕੀਰ ਬਣ ਜਾਣਾ ਚੰਗਾ ਹੈ ਜੇ ਉਥੇ ਰੱਬ ਚੇਤੇ ਰਹਿ ਸਕੇ, ਕਿਉਂਕਿ ਮਹਲ-ਮਾੜੀਆਂ ਦਾ ਵਾਸਾ ਤੇ ਹੰਢਾਣ ਲਈ ਪੱਟ-ਰੇਸ਼ਮ ਹੁੰਦਿਆਂ ਭੀ ਜੇ ਰੱਬ ਵਿਸਰਿਆ ਹੈ ਤਾਂ ਇਥੇ ਭੀ ਦੁੱਖ ਹੀ ਦੁੱਖ, ਤੇ ਰੱਬ ਦੀ ਹਜ਼ੂਰੀ ਵਿਚ ਭੀ ਸ਼ਰਮਿੰਦਗੀ।

ਉਂਞ ਕੰਬਲੀ ਪਾ ਕੇ ਫ਼ਕੀਰ ਬਣਨ ਦੀ ਲੋੜ ਨਹੀਂ, ਘਰ ਵਿਚ ਰਹਿ ਕੇ ਹੀ 'ਦਰਵੇਸ਼ੀ' ਕਮਾਣੀ ਹੈ। ਉਹ ਦਰਵੇਸ਼ੀ ਹੈ—ਅੰਮ੍ਰਿਤ ਵੇਲੇ ਉੱਠ ਕੇ ਮਾਲਕ ਨੂੰ ਯਾਦ ਕਰਨਾ, ਹੋਰ ਝਾਕ ਛੱਡ ਕੇ ਸਬਰ ਧਾਰਨਾ (ਇਹ ਪੈਂਡਾ ਔਖਾ ਜ਼ਰੂਰ ਹੈ, ਪਰ ਮਾਇਆ ਦੀਆਂ ਅਨੇਕਾਂ ਫਾਹੀਆਂ ਵਿਚੋਂ ਬਚਣ ਲਈ ਰਸਤਾ ਇਹੀ ਹੈ), ਨਿਮ੍ਰਤਾ, ਸਹਿਨ-ਸ਼ੀਲਤਾ, ਮਿੱਠਾ ਬੋਲਣਾ ਤੇ ਕਿਸੇ ਦਾ ਦਿਲ ਨਾ ਦੁਖਾਣਾ, ਕਿਉਂਕਿ ਸਭ ਵਿਚ ਉਹੀ ਮਾਲਕ ਮੌਜੂਦ ਹੈ ਜਿਸ ਦੀ ਬੰਦਗੀ ਕਰਨ ਲਈ ਮਨੁੱਖ ਇਥੇ ਆਇਆ ਹੈ।

ਸੰਖੇਪ-ਭਾਵ

1. (ਸ਼ਲੋਕ ਨੰ: 1 ਤੋਂ 15 ਤਕ) ਮਨੁੱਖ ਮਿਥੇ ਹੋਏ ਦਿਨ ਲੈ ਕੇ, 'ਦਰਵੇਸ਼ੀ' ਲਈ ਆਉਂਦਾ ਹੈ, ਪਰ, ਮਾਇਆ ਦੇ ਮੋਹ ਦੀ ਪੋਟਲੀ ਇਸ ਨੂੰ ਨਿੰਦਾ ਵੈਰ ਆਦਿਕ ਵਾਲੇ ਕੁਰਾਹੇ ਪਾ ਦੇਂਦੀ ਹੈ।

2. (ਸ਼ਲੋਕ ਨੰ: 16 ਤੋਂ 26 ਤਕ) ਸਹਨ-ਸ਼ੀਲਤਾ, ਦੁਨੀਆਵੀ ਲਾਲਚ ਤੋਂ ਨਜਾਤ, ਇਕ ਰੱਬ ਦੀ ਆਸ, ਖ਼ਲਕਤਿ ਦੀ ਸੇਵਾ, ਹੱਕ ਦੀ ਕਮਾਈ, ਤੇ ਰੱਬ ਦੀ ਯਾਦ—ਇਹ ਹਨ ਲੱਛਣ 'ਦਰਵੇਸ਼' ਦੇ। ਐਸੇ 'ਦਰਵੇਸ਼' ਨੂੰ ਜੰਗਲ ਵਿਚ ਜਾਣ ਦੀ ਲੋੜ ਨਹੀਂ ਪੈਂਦੀ, ਘਰ ਵਿਚ ਹੀ ਉਹ ਰੱਬ ਨੂੰ ਮਿਲ ਪੈਂਦਾ ਹੈ।

3. (ਸ਼ਲੋਕ ਨੰ: 37 ਤੋਂ 65 ਤਕ) ਮਾਇਆ ਦੀ ਖ਼ਾਤਰ ਭਟਕਦਿਆਂ ਸਾਰੀ ਉਮਰ ਖ਼ੁਆਰੀ ਵਿਚ ਲੰਘਦੀ ਹੈ, ਮਾਇਆ ਭੀ ਇਥੇ ਹੀ ਰਹਿ ਜਾਂਦੀ ਹੈ। ਜਿਤਨਾ ਚਿਰ ਮਾਇਆ ਦਾ ਲਾਲਚ ਮੌਜੂਦ ਹੈ ਧਾਰਮਿਕ ਭੇਖ ਤੇ ਆਹਰ 'ਦਰਵੇਸ਼' ਜੀਵਨ ਨੂੰ ਸਗੋਂ ਘੁੱਟ ਦੇਂਦੇ ਹਨ, ਉਸ ਦਾ ਪਲ੍ਹਰਨਾ ਔਖਾ ਹੋ ਜਾਂਦਾ ਹੈ।

4. (ਸ਼ਲੋਕ ਨੰ: 65 ਤੋਂ 93 ਤਕ) ਇਥੇ ਹੀ ਰਹਿ ਜਾਣ ਵਾਲੀ ਮਾਇਆ ਦੇ ਕਾਰਨ ਅਹੰਕਾਰੀ ਹੋਇਆ ਮਨੁੱਖ ਜ਼ਿੰਦਗੀ ਨੂੰ ਇਤਨਾ ਦੋਜ਼ਕ ਬਣਾ ਦੇਂਦਾ ਹੈ ਕਿ ਜੀਊਣ ਦਾ ਚਾਅ ਹੀ ਮੁੱਕ ਜਾਂਦਾ ਹੈ। ਦਿਨ ਰਾਤ ਦੁੱਖਾਂ ਵਿਚ ਬੀਤਦੇ ਹਨ, ਮਨ-ਮੋਹਣੇ ਪਦਾਰਥਾਂ ਦੇ ਚਸਕੇ ਸਰੀਰ ਦਾ ਸੱਤਿਆਨਾਸ ਕਰ ਦੇਂਦੇ ਹਨ। ਇਹ ਜੀਵਨ ਅਸਲ ਵਿਚ 'ਦਰਵੇਸ਼ੀ' ਕਮਾਣ ਲਈ ਮਿਲਿਆ ਹੈ। ਜੋ ਮਨੁੱਖ ਪ੍ਰਭੂ-ਪਿਆਰ ਵਿਚ ਜੁੜਦਾ ਹੈ ਉਸ ਨੂੰ ਵਿਸ਼ੇ-ਭੋਗ ਸਤਾਂਦੇ ਨਹੀਂ ਹਨ। ਉਹ ਸੁਖੀ ਹੋ ਜਾਂਦਾ ਹੈ।

5. (ਸ਼ਲੋਕ ਨੰ: 93 ਤੋਂ 130 ਤਕ) ਦੂਜਿਆਂ ਨੂੰ ਮਰਦਿਆਂ ਵੇਖ ਕੇ ਭੀ ਸੁਆਰਥ-ਵਿਚ-ਫਸਿਆ ਮਨੁੱਖ ਰੱਬ ਨੂੰ ਚੇਤੇ ਨਹੀਂ ਕਰਦਾ। ਅਜੇਹੇ ਮਨੁੱਖ ਨਾਲੋਂ ਪੰਛੀ ਚੰਗੇ। ਅਜੇਹੇ ਮਹਲ-ਮਾੜੀਆਂ ਨਾਲੋਂ ਫ਼ਕੀਰੀ ਚੰਗੀ। ਉਂਞ ਘਰ-ਘਾਟ ਛੱਡਣ ਦੀ ਲੋੜ ਨਹੀਂ ਹੈ। ਘਰ ਵਿਚ ਰਹਿੰਦਿਆਂ ਹੀ 'ਦਰਵੇਸ਼ੀ' ਕਮਾਣੀ ਹੈ। ਉਹ 'ਦਰਵੇਸ਼ੀ' ਇਹ ਹੈ—ਅੰਮ੍ਰਿਤ ਵੇਲੇ ਪ੍ਰਭੂ ਦੀ ਯਾਦ, ਇਕ ਰੱਬ ਦੀ ਆਸ, ਨਿਮ੍ਰਤਾ, ਸਹਿਨ-ਸ਼ੀਲਤਾ ਤੇ ਕਿਸੇ ਦਾ ਦਿਲ ਨਾਹ ਦੁਖਾਣਾ।

ਸਲੋਕ ਸੇਖ ਫਰੀਦ ਕੇ ੴ ਸਤਿਗੁਰ ਪ੍ਰਸਾਦਿ ॥ ਜਿਤੁ ਦਿਹਾੜੈ ਧਨ ਵਰੀ ਸਾਹੇ ਲਏ ਲਿਖਾਇ ॥ ਮਲਕੁ ਜਿ ਕੰਨੀ ਸੁਣੀਦਾ ਮੁਹੁ ਦੇਖਾਲੇ ਆਇ ॥ ਜਿੰਦੁ ਨਿਮਾਣੀ ਕਢੀਐ ਹਡਾ ਕੂ ਕੜਕਾਇ ॥ ਸਾਹੇ ਲਿਖੇ ਨ ਚਲਨੀ ਜਿੰਦੂ ਕੂੰ ਸਮਝਾਇ ॥ ਜਿੰਦੁ ਵਹੁਟੀ ਮਰਣੁ ਵਰੁ ਲੈ ਜਾਸੀ ਪਰਣਾਇ ॥ ਆਪਣ ਹਥੀ ਜੋਲਿ ਕੈ ਕੈ ਗਲਿ ਲਗੈ ਧਾਇ ॥ ਵਾਲਹੁ ਨਿਕੀ ਪੁਰਸਲਾਤ ਕੰਨੀ ਨ ਸੁਣੀ ਆਇ ॥ ਫਰੀਦਾ ਕਿੜੀ ਪਵੰਦੀਈ ਖੜਾ ਨ ਆਪੁ ਮੁਹਾਇ ॥੧॥ {ਪੰਨਾ 1377}

ਪਦ ਅਰਥ:- ਜਿਤੁ—ਜਿਸ ਵਿਚ। ਜਿਤੁ ਦਿਹਾੜੈ—ਜਿਸ ਦਿਨ ਵਿਚ, ਜਿਸ ਦਿਨ। ਧਨ—ਇਸਤ੍ਰੀ। ਵਰੀ—ਚੁਣੀ ਜਾਇਗੀ, ਵਿਆਹੀ ਜਾਇਗੀ। ਸਾਹੇ—(ਉਸ ਦਾ) ਨੀਯਤ ਸਮਾ। ਮਲਕੁ—ਮਲਕੁਤ ਮੌਤ, (ਮੌਤ ਦਾ) ਫ਼ਰਿਸਤਾ। ਕੂੰ—ਨੂੰ। ਨ ਚਲਨੀ—ਨਹੀਂ ਟਲ ਸਕਦੇ। ਜਿੰਦੂ ਕੂੰ—ਜਿੰਦ ਨੂੰ। ਮਰਣੁ—ਮੌਤ। ਵਰੁ—ਲਾੜਾ। ਪਰਣਾਇ—ਵਿਆਹ ਕੇ। ਜੋਲਿ ਕੈ—ਤੋਰ ਕੇ। ਕੈ ਗਲਿ—ਕਿਸ ਦੇ ਗਲ ਵਿਚ? ਧਾਇ—ਦੌੜ ਕੇ। ਵਾਲਹੁ—ਵਾਲ ਤੋਂ। ਪੁਰਸਲਾਤ—ਪੁਲ ਸਿਰਾਤ। ਕੰਨੀ—ਕੰਨਾਂ ਨਾਲ। ਕਿੜੀ ਪਵੰਦੀਈ—ਵਾਜਾਂ ਪੈਂਦਿਆਂ। ਕਿੜੀ—

ਵਾਜ। ਆਪੁ—ਆਪਣੇ ਆਪ ਨੂੰ। ਨ ਮੁਹਾਇ—ਨਾ ਠੱਗਾ, ਧੋਖੇ ਵਿਚ ਨਾ ਪਾ, ਨਾ ਲੁਟਾ।

ਅਰਥ:- ਜਿਸ ਦਿਨ (ਜੀਵ-) ਇਸਤ੍ਰੀ ਵਿਆਹੀ ਜਾਇਗੀ, ਉਹ ਸਮਾ (ਪਹਿਲਾਂ ਹੀ) ਲਿਖਿਆ ਗਿਆ ਹੈ (ਭਾਵ, ਜੀਵ ਦੇ ਜਗਤ ਵਿਚ ਆਉਣ ਤੋਂ ਪਹਿਲਾਂ ਹੀ ਇਸ ਦੀ ਮੌਤ ਦਾ ਸਮਾ ਮਿਥਿਆ ਜਾਂਦਾ ਹੈ), ਮੌਤ ਦਾ ਫ਼ਰਿਸਤਾ ਜੋ ਕੰਨਾਂ ਨਾਲ ਸੁਣਿਆ ਹੀ ਹੋਇਆ ਸੀ, ਆ ਕੇ ਮੂੰਹ ਵਿਖਾਂਦਾ ਹੈ (ਭਾਵ, ਜਿਸ ਬਾਰੇ ਪਹਿਲਾਂ ਹੋਰਨਾਂ ਦੀ ਮੌਤ ਸਮੇ ਸੁਣਿਆ ਸੀ, ਹੁਣ ਉਸ ਜੀਵ-ਇਸਤ੍ਰੀ ਨੂੰ ਆ ਮੂੰਹ ਵਿਖਾਂਦਾ ਹੈ ਜਿਸ ਦੀ ਵਾਰੀ ਆ ਜਾਂਦੀ ਹੈ)।

ਹੱਡਾਂ ਨੂੰ ਭੰਨ ਭੰਨ ਕੇ (ਭਾਵ, ਸਰੀਰ ਨੂੰ ਰੋਗ ਆਦਿਕ ਨਾਲ ਨਿਤਾਣਾ ਕਰ ਕੇ) ਵਿਚਾਰੀ ਜਿੰਦ (ਇਸ ਵਿਚੋਂ) ਕੱਢ ਲਈ ਜਾਂਦੀ ਹੈ। (ਹੇ ਭਾਈ!) ਜਿੰਦ ਨੂੰ (ਇਹ ਗੱਲ) ਸਮਝਾ ਕਿ (ਮੌਤ ਦਾ) ਇਹ ਮਿਥਿਆ ਹੋਇਆ ਸਮਾ ਟਲ ਨਹੀਂ ਸਕਦਾ।

ਜਿੰਦ, ਮਾਨੋ, ਵਹੁਟੀ ਹੈ, ਮੌਤ (ਦਾ ਫ਼ਰਿਸਤਾ ਇਸ ਦਾ) ਲਾੜਾ ਹੈ (ਜਿੰਦ ਨੂੰ) ਵਿਆਹ ਕੇ ਜ਼ਰੂਰ ਲੈ ਜਾਇਗਾ, ਇਹ (ਕਾਂਇਆਂ ਜਿੰਦ ਨੂੰ) ਆਪਣੀ ਹੱਥੀਂ ਤੋਰ ਤੇ ਕਿਸ ਦੇ ਗਲ ਲੱਗੇਗੀ? (ਭਾਵ ਨਿਆਸਰੀ ਹੋ ਜਾਇਗੀ)।

ਹੇ ਫਰੀਦ! ਤੂੰ ਕਦੇ 'ਪੁਲ ਸਿਰਾਤ' ਦਾ ਨਾਮ ਨਹੀਂ ਸੁਣਿਆ ਜੋ ਵਾਲ ਤੋਂ ਭੀ ਬਰੀਕ ਹੈ? ਕੰਨੀਂ ਵਾਜਾਂ ਪੈਂਦਿਆਂ ਭੀ ਆਪਣੇ ਆਪ ਨੂੰ ਲੁਟਾਈ ਨਾ ਜਾਹ (ਭਾਵ, ਜਗਤ ਵਿਚ ਸਮੁੰਦਰ ਹੈ ਜਿਸ ਵਿਚ ਵਿਕਾਰਾਂ ਦੀਆਂ ਲਹਿਰਾਂ ਉੱਠ ਰਹੀਆਂ ਹਨ, ਇਸ ਵਿਚੋਂ ਸਹੀ ਸਲਾਮਤਿ ਪਾਰ ਲੰਘਣ ਲਈ 'ਦਰਵੇਸ਼ੀ', ਮਾਨੋ, ਇਕ ਪੁਲ ਹੈ, ਜੋ ਹੈ ਬਹੁਤ ਸੌੜਾ ਤੇ ਬਾਰੀਕ, ਭਾਵ, ਦਰਵੇਸ਼ੀ ਕਮਾਣੀ ਬੜੀ ਹੀ ਔਖੀ ਹੈ, ਪਰ ਦੁਨੀਆ ਦੇ ਵਿਕਾਰਾਂ ਤੋਂ ਬਚਣ ਲਈ ਰਸਤਾ ਸਿਰਫ਼ ਇਹੀ ਹੈ। ਹੇ ਭਾਈ! ਧਰਮ-ਪੁਸਤਕਾਂ ਦੀ ਰਾਹੀਂ ਗੁਰੂ-ਪੈਗ਼ੰਬਰ ਤੈਨੂੰ ਵਿਕਾਰਾਂ ਦੀਆਂ ਲਹਿਰਾਂ ਦੇ ਖ਼ਤਰੇ ਤੋਂ ਬਚਣ ਲਈ ਵਾਜਾਂ ਮਾਰ ਰਹੇ ਹਨ; ਧਿਆਨ ਨਾਲ ਸੁਣ ਤੇ ਜੀਵਨ ਅਜ਼ਾਈਂ ਨਾਹ ਗਵਾ)।1।

ਨੋਟ:- ਲਫ਼ਜ਼ 'ਜਿੰਦੁ' ਦੇ ਅੰਤ ਵਿਚ ਸਦਾ (ੁ) ਹੁੰਦਾ ਹੈ, ਉਂਵ ਇਹ 'ਇਸਤ੍ਰੀ ਲਿੰਗ' ਹੈ। 'ਸੰਬੰਧਕ' ਆਦਿਕ ਨਾਲ 'ਜਿੰਦੁ' ਤੋਂ 'ਜਿੰਦੂ' ਹੋ ਜਾਂਦਾ ਹੈ, ਜਿਵੇਂ 'ਖਾਕੁ' ਤੋਂ 'ਖਾਕੂ', 'ਵਿਸੁ' ਤੋਂ 'ਵਿਸੂ'।

(ਵੇਖੋ 'ਗੁਰਬਾਣੀ ਵਿਆਕਰਣ')

ਫਰੀਦਾ ਦਰ ਦਰਵੇਸੀ ਗਾਖੜੀ ਚਲਾਂ ਦੁਨੀਆਂ ਭਤਿ ॥ ਬੰਨ੍ਹਿ ਉਠਾਈ ਪੋਟਲੀ ਕਿਥੈ ਵੰਞਾ ਘਤਿ ॥੨॥ {ਪੰਨਾ 1377-1378}

ਪਦ ਅਰਥ:- ਗਾਖੜੀ—ਔਖੀ। ਦਰਵੇਸੀ—ਫ਼ਕੀਰੀ। ਦਰ—(ਪਰਮਾਤਮਾ ਦੇ) ਦਰ ਦੀ। ਭਤਿ—ਭਾਂਤਿ, ਵਾਂਗ। ਬੰਨ੍ਹਿ—(ਅੱਖਰ 'ਨ' ਦੇ ਹੇਠ ਅੱਧਾ 'ਹ' ਹੈ) ਬੰਨ੍ਹ ਕੇ। ਵੰਞਾ—ਜਾਵਾਂ। ਘਤਿ—ਸੁੱਟ ਕੇ। ਪੋਟਲੀ—ਨਿੱਕੀ ਜਿਹੀ ਗੰਢ।

ਅਰਥ:- ਹੇ ਫਰੀਦ! (ਪਰਮਾਤਮਾ ਦੇ) ਦਰ ਦੀ ਫ਼ਕੀਰੀ ਔਖੀ (ਕਾਰ) ਹੈ, ਤੇ ਮੈਂ ਦੁਨੀਆਦਾਰਾਂ ਵਾਂਗ ਹੀ ਤੁਰ ਰਿਹਾ ਹਾਂ, ('ਦੁਨੀਆ' ਵਾਲੀ) ਨਿੱਕੀ ਜਹੀ ਗੰਢ (ਮੈਂ ਭੀ) ਬੰਨ੍ਹ ਕੇ ਚੁੱਕੀ ਹੋਈ ਹੈ, ਇਸ ਨੂੰ ਸੁੱਟ ਕੇ ਕਿਥੇ ਜਾਵਾਂ? (ਭਾਵ, ਦੁਨੀਆ ਦੇ ਮੋਹ ਨੂੰ ਛੱਡਣਾ ਕੋਈ ਸੌਖਾ ਕੰਮ ਨਹੀਂ ਹੈ)।2।

ਕਿਝੁ ਨ ਬੁਝੈ ਕਿਝੁ ਨ ਸੁਝੈ ਦੁਨੀਆ ਗੁਝੀ ਭਾਹਿ ॥ ਸਾਂਈਂ ਮੇਰੈ ਚੰਗਾ ਕੀਤਾ ਨਾਹੀ ਤ ਹੰ ਭੀ ਦਝਾਂ ਆਹਿ ॥੩॥ {ਪੰਨਾ 1378}

ਪਦ ਅਰਥ:- ਕਿਝੁ—ਕੁਝ ਭੀ। ਬੁਝੈ—ਸਮਝ ਆਉਂਦੀ, ਪਤਾ ਲੱਗਦਾ। ਦੁਨੀਆ—ਦੁਨੀਆ ਦਾ ਮੋਹ। ਗੁਝੀ—ਲੁਕਾਵੀਂ। ਭਾਹਿ—ਅੱਗ। ਸਾਂਈ ਮੇਰੈ—ਮੇਰੇ ਸਾਂਈ ਨੇ। ਹੰਭੀ—ਹਉਂ ਭੀ, ਮੈਂ ਭੀ। ਦਝਾਂ ਆਹਿ—ਸੜ ਜਾਂਦਾ।

ਅਰਥ:- ਦੁਨੀਆ (ਵੇਖਣ ਨੂੰ ਤਾਂ ਗੁਲਜ਼ਾਰ ਹੈ, ਪਰ ਇਸ ਦਾ ਮੋਹ ਅਸਲ ਵਿਚ) ਲੁਕਵੀਂ ਅੱਗ ਹੈ (ਜੋ ਅੰਦਰ ਹੀ

ਅੰਦਰ ਮਨ ਵਿਚ ਧੁਖਦੀ ਰਹਿੰਦੀ ਹੈ; ਇਸ ਵਿਚ ਪਏ ਹੋਏ ਜੀਵਾਂ ਨੂੰ ਜ਼ਿੰਦਗੀ ਦੇ ਸਹੀ ਰਸਤੇ ਦੀ) ਕੁਝ ਸੂਝ-ਬੂਝ ਨਹੀਂ ਪੈਂਦੀ। ਮੇਰੇ ਸਾਂਈ ਨੇ (ਮੇਰੇ ਉਤੇ) ਮੇਹਰ ਕੀਤੀ ਹੈ (ਤੇ ਮੈਨੂੰ ਇਸ ਤੋਂ ਬਚਾ ਲਿਆ ਹੈ) ਨਹੀਂ ਤਾਂ (ਬਾਕੀ ਲੋਕਾਂ ਵਾਂਗ) ਮੈਂ ਭੀ (ਇਸ ਵਿਚ) ਸੜ ਜਾਂਦਾ (ਭਾਵ, ਮਾਇਆ ਦੇ ਮੋਹ ਤੋਂ ਪ੍ਰਭੂ ਆਪ ਹੀ ਮੇਹਰ ਕਰ ਕੇ ਬਚਾਂਦਾ ਹੈ, ਅਸਾਡੇ ਆਪਣੇ ਵੱਸ ਦੀ ਗੱਲ ਨਹੀਂ ਕਿ ਇਹ 'ਪੋਟਲੀ' ਸਿਰੋਂ ਲਾਹ ਕੇ ਸੁੱਟ ਦੇਈਏ)।3।

ਫਰੀਦਾ ਜੇ ਜਾਣਾ ਤਿਲ ਥੋੜੜੇ ਸੰਮਲਿ ਬੁਕੁ ਭਰੀ ॥ ਜੇ ਜਾਣਾ ਸਹੁ ਨੰਢੜਾ ਤਾਂ ਥੋੜਾ ਮਾਣੁ ਕਰੀ ॥੪॥ {ਪੰਨਾ 1378}

ਪਦ ਅਰਥ:- ਤਿਲ—(ਭਾਵ), ਸੁਆਸ। ਥੋੜੜੇ—ਬਹੁਤ ਥੋੜ੍ਹੇ। ਸੰਮਲਿ—ਸੰਭਲ ਕੇ, ਸੋਚ-ਸਮਝ ਕੇ। ਸਹੁ—ਖਸਮ-ਪ੍ਰਭੂ। ਨੰਢੜਾ—ਨਿੱਕਾ ਜਿਹਾ ਨੱਢਾ, ਨਿੱਕਾ ਜਿਹਾ ਬਾਲ, (ਭਾਵ, ਬਾਲ-ਸੁਭਾਉ ਵਾਲਾ)।

ਅਰਥ:- ਹੇ ਫਰੀਦ! ਜੇ ਮੈਨੂੰ ਪਤਾ ਹੋਵੇ ਕਿ (ਇਸ ਸਰੀਰ-ਰੂਪ ਭਾਂਡੇ ਵਿਚ) ਬਹੁਤ ਥੋੜ੍ਹੇ ਜਿਹੇ (ਸੁਆਸ ਰੂਪ) ਤਿਲ ਹਨ ਤਾਂ ਮੈਂ ਸੋਚ-ਸਮਝ ਕੇ (ਇਹਨਾਂ ਦਾ) ਬੁੱਕ ਭਰਾਂ (ਭਾਵ, ਬੇ-ਪਰਵਾਹੀ ਨਾਲ ਜੀਵਨ ਦੇ ਸੁਆਸ ਨਾ ਗੁਜ਼ਾਰੀ ਜਾਵਾਂ)। ਜੇ ਮੈਨੂੰ ਸਮਝ ਆ ਜਾਏ ਕਿ (ਮੇਰਾ) ਪਤੀ (-ਪ੍ਰਭੂ) ਬਾਲ-ਸੁਭਾਵ ਵਾਲਾ ਹੈ (ਭਾਵ, ਭੋਲੇ ਸੁਭਾਵ ਨੂੰ ਪਿਆਰ ਕਰਦਾ ਹੈ) ਤਾਂ ਮੈਂ ਭੀ (ਇਸ ਦੁਨੀਆ ਵਾਲੀ 'ਪੋਟਲੀ' ਦਾ) ਮਾਣ ਛੱਡ ਦਿਆਂ।4।

ਨੋਟ:- ਵਿਆਹ ਹੋ ਜਾਣ ਤੇ ਜਦੋਂ ਨਵੀਂ ਵਿਆਹੀ ਕੁੜੀ ਸਹੁਰੇ ਘਰ ਆਉਂਦੀ ਹੈ, ਤਾਂ ਲਾੜੇ ਵਾਲੇ ਘਰ ਦੀਆਂ ਜ਼ਨਾਨੀਆਂ ਪਰਾਤ ਆਦਿਕ ਕਿਸੇ ਖੁਲ੍ਹੇ ਚੌੜੇ ਭਾਂਡੇ ਵਿਚ ਬਹੁਤ ਸਾਰੇ ਤਿਲ ਲਿਆਉਂਦੀਆਂ ਹਨ। ਪਹਿਲਾਂ ਲਾੜਾਂ ਆਪਣਾ ਬੁਕ ਭਰ ਕੇ ਵਹੁਟੀ ਦੇ ਬੁਕ ਵਿਚ ਪਾਂਦਾ ਹੈ, ਫਿਰ ਵਹੁਟੀ ਬੁਕ ਭਰ ਕੇ ਪਤੀ ਦੇ ਬੁਕ ਵਿਚ ਪਾਂਦੀ ਹੈ। ਇਸ ਰਸਮ ਨੂੰ 'ਤਿਲ ਭੱਲੋ' ਜਾਂ 'ਤਿਲ-ਵੇਤਰੇ' ਕਹਿੰਦੇ ਹਨ। ਪਤੀ ਨਾਲ 'ਤਿਲ-ਵੇਤਰੇ' ਖੇਡ ਚੁਕਣ ਤੇ ਵਹੁਟੀ ਆਪਣੀਆਂ ਨਨਾਣਾਂ ਤੇ ਦਿਰਾਣੀਆਂ ਜਿਠਾਣੀਆਂ ਨਾਲ 'ਤਿਲ-ਵੇਤਰੇ' ਖੇਡਦੀ ਹੈ। ਇਸ ਰਸਮ ਦਾ ਭਾਵ ਇਹ ਲਿਆ ਜਾਂਦਾ ਹੈ ਕਿ ਨਵੀਂ ਆਈ ਵਹੁਟੀ ਦਾ ਦਿਲ ਨਵੇਂ ਪਰਵਾਰ ਵਿਚ ਸਭ ਨਾਲ ਰਚ-ਮਿਚ ਜਾਏ। ਲਹਿੰਦੇ ਪੰਜਾਬ ਵਿਚ ਇਸ ਰਸਮ ਦਾ ਹਿੰਦੂ-ਘਰਾਂ ਵਿਚ ਆਮ ਰਿਵਾਜ ਸੀ। ਫਰੀਦ ਜੀ ਇਸ ਰਸਮ ਵਲ ਇਸ਼ਾਰਾ ਕਰ ਕੇ ਸ਼ਲੋਕ ਨੰ: 4 ਵਿਚ ਫ਼ੁਰਮਾਉਂਦੇ ਹਨ ਕਿ ਜੀਵ-ਇਸਤ੍ਰੀ ਨੇ ਪਤੀ-ਪ੍ਰਭੂ ਦੇ ਸਾਰੇ ਪਰਵਾਰ (ਖ਼ਲਕਤਿ) ਨਾਲ ਬਾਲ-ਸੁਭਾਵ ਬਣ ਕੇ ਪਿਆਰ ਕਰਨਾ ਹੈ।

ਇਸੇ ਤਰ੍ਹਾਂ ਇਕ ਰਸਮ ਹੈ ਜਿਸ ਨੂੰ 'ਗੰਢ ਚਿਤ੍ਰਾਵਾ' ਆਖਦੇ ਹਨ। ਜਦੋਂ ਨਵੀਂ ਵਿਆਹੀ ਕੁੜੀ ਆਪਣੇ ਪੇਕੇ ਘਰੋਂ ਵਿਦਾ ਹੋਣ ਲੱਗਦੀ ਹੈ, ਤਾਂ ਪਹਿਲਾਂ ਕੁੜੀ ਮੁੰਡੇ ਦੋਹਾਂ ਨੂੰ ਦਾਜ ਵਿਚ ਦਿੱਤੇ ਪਲੰਘ ਉਤੇ ਬਿਠਾ ਕੇ ਉਹਨਾਂ ਦੇ ਦੁਪੱਟਿਆਂ ਦੀ ਗੰਢ ਬੰਨ੍ਹ ਦੇਂਦੇ ਹਨ। ਘਰ ਦਾ ਪਰੋਹਤ ਉਸ ਵੇਲੇ ਕੁਝ ਸ਼ਲੋਕ ਪੜ੍ਹਦਾ ਹੈ, ਇਸ ਰਸਮ ਦਾ ਭਾਵ ਇਹ ਹੁੰਦਾ ਹੈ ਕਿ ਇਸ ਨਵੀਂ ਵਿਆਹੀ ਜੋੜੀ ਦਾ ਆਪੋ ਵਿਚ ਉਸੇ ਤਰ੍ਹਾਂ ਪੱਕਾ ਪਿਆਰ ਰਹੇ, ਜਿਵੇਂ ਇਹਨਾਂ ਦੁਪੱਟਿਆਂ ਦੀ ਪੱਕੀ ਗੰਢ ਪਾਈ ਗਈ ਹੈ। ਇਸ ਰਸਮ ਵਲ ਬਾਬਾ ਫਰੀਦ ਜੀ ਸ਼ਲੋਕ ਨੰ: 5 ਵਿਚ ਇਸ਼ਾਰਾ ਕਰਦੇ ਹਨ।

ਜੇ ਜਾਣਾ ਲੜੁ ਛਿਜਣਾ ਪੀਡੀ ਪਾਈਂ ਗੰਢਿ ॥ ਤੈ ਜੇਵਡੁ ਮੈ ਨਾਹਿ ਕੋ ਸਭੁ ਜਗੁ ਡਿਠਾ ਹੰਢਿ ॥ ੫॥ {ਪੰਨਾ 1378}

ਪਦ ਅਰਥ:- ਲੜੁ—ਪੱਲਾ। ਛਿਜਣਾ—ਟੁੱਟ ਜਾਣਾ ਹੈ। ਪੀਡੀ—ਪੱਕੀ। ਤੈ ਜੇਵਡੁ—ਤੇਰੇ ਜੇਡਾ। ਹੰਢਿ—ਫਿਰ ਕੇ।

ਅਰਥ:- (ਹੇ ਪਤੀ-ਪ੍ਰਭੂ!) ਜੇ ਮੈਨੂੰ ਸਮਝ ਹੋਵੇ ਕਿ (ਇਸ 'ਪੋਟਲੀ' ਦੇ ਕਾਰਨ ਤੇਰਾ ਫੜਿਆ ਹੋਇਆ) ਪੱਲਾ ਛਿੱਜ ਜਾਂਦਾ ਹੈ (ਭਾਵ, ਤੇਰੇ ਨਾਲੋਂ ਵਿੱਥ ਪੈ ਜਾਂਦੀ ਹੈ) ਤਾਂ ਮੈਂ (ਤੇਰੇ ਪੱਲੇ ਨਾਲ ਹੀ) ਪੱਕੀ ਗੰਢ ਪਾਵਾਂ। (ਹੇ ਸਾਂਈ!) ਮੈਂ ਸਾਰਾ ਜਗਤ ਫਿਰ ਕੇ ਵੇਖ ਲਿਆ ਹੈ, ਤੇਰੇ ਵਰਗਾ (ਸਾਥੀ) ਮੈਨੂੰ ਹੋਰ ਕੋਈ ਨਹੀਂ ਲੱਭਾ।5।

ਫਰੀਦਾ ਜੇ ਤੂ ਅਕਲਿ ਲਤੀਫੁ ਕਾਲੇ ਲਿਖੁ ਨ ਲੇਖ ॥ ਆਪਨੜੇ ਗਿਰੀਵਾਨ ਮਹਿ ਸਿਰੁ ਨੀਵਾਂ ਕਰਿ ਦੇਖੁ ॥੬॥ {ਪੰਨਾ 1378}

ਪਦ ਅਰਥ:- ਅਕਲਿ ਲਤੀਫੁ—ਲਤੀਫ਼ ਅਕਲ ਵਾਲਾ, ਬਰੀਕ ਸਮਝ ਵਾਲਾ। ਕਾਲੇ ਲੇਖੁ—ਕਾਲੇ ਕਰਮਾਂ ਦਾ ਲੇਖਾ, ਹੋਰਨਾਂ ਦੇ ਮੰਦੇ ਕਰਮਾਂ ਦਾ ਲੇਖਾ-ਪੜਚੋਲ। ਗਿਰੀਵਾਨ—ਬੁੱਕਲ।

ਅਰਥ:- ਹੇ ਫਰੀਦ! ਜੇ ਤੂੰ ਬਰੀਕ ਅਕਲ ਵਾਲਾ (ਸਮਝਦਾਰ) ਹੈਂ, ਤਾਂ ਹੋਰ ਬੰਦਿਆਂ ਦੇ ਮੰਦੇ ਕਰਮਾਂ ਦੀ ਪੜਚੋਲ ਨਾ ਕਰ; ਆਪਣੀ ਬੁੱਕਲ ਵਿਚ ਮੂੰਹ ਪਾ ਕੇ ਵੇਖ (ਕਿ ਤੇਰੇ ਆਪਣੇ ਕਰਮ ਕੈਸੇ ਹਨ)।6।

ਫਰੀਦਾ ਜੋ ਤੈ ਮਾਰਨਿ ਮੁਕੀਆਂ ਤਿਨ੍ਾ ਨ ਮਾਰੇ ਘੁੰਮਿ ॥ ਆਪਨੜੈ ਘਰਿ ਜਾਈਐ ਪੈਰ ਤਿਨ੍ਾ ਦੇ ਚੁੰਮਿ ॥੭॥ {ਪੰਨਾ 1378}

ਪਦ ਅਰਥ:- ਤੈ—ਤੈਨੂੰ। ਤਿਨ੍ਾ—(ਅੱਖਰ 'ਨ' ਦੇ ਨਾਲ ਅੱਧਾ 'ਹ' ਹੈ)। ਮਾਰੇ—ਮਾਰਿ। ਨ ਮਾਰੇ—ਨਾਹ ਮਾਰ। ਘੁੰਮਿ—ਘੁੰਮ ਕੇ, ਪਰਤ ਕੇ। ਆਪਨੜੈ ਘਰਿ—ਆਪਣੇ ਘਰ ਵਿਚ, ਸ੍ਵੈ-ਸਰੂਪ ਵਿਚ, ਸ਼ਾਂਤ ਅਵਸਥਾ ਵਿਚ। ਚੁੰਮਿ—ਚੁੰਮ ਕੇ। ਜਾਈਐ—ਅੱਪੜ ਜਾਈਦਾ ਹੈ।

ਅਰਥ:- ਹੇ ਫਰੀਦ! ਜੋ (ਮਨੁੱਖ) ਤੈਨੂੰ ਮੁੱਕੀਆਂ ਮਾਰਨ (ਭਾਵ, ਕੋਈ ਦੁੱਖ ਦੇਣ) ਉਹਨਾਂ ਨੂੰ ਤੂੰ ਪਰਤ ਕੇ ਨਾ ਮਾਰੀਂ (ਭਾਵ, ਬਦਲਾ ਨਾ ਲਈਂ, ਸਗੋਂ) ਉਹਨਾਂ ਦੇ ਪੈਰ ਚੁੰਮ ਕੇ ਆਪਣੇ ਘਰ ਵਿਚ (ਸ਼ਾਂਤ ਅਵਸਥਾ ਵਿਚ) ਟਿਕੇ ਰਹੀਦਾ ਹੈ।7।

ਨੋਟ:- ਫਰੀਦ ਜੀ ਇਹਨਾਂ ਸਾਰੇ ਸ਼ਲੋਕਾਂ ਵਿਚ ਦੱਸ ਰਹੇ ਹਨ ਕਿ ਜਿਸ ਬੰਦੇ ਉੱਤੇ ਸਾਈਂ ਦੀ ਮਿਹਰ ਹੋਵੇ ਉਹ ਇਹਨਾਂ ਉਪਰ ਲਿਖਿਆਂ ਜੁਗਤੀਆਂ ਨਾਲ ਦੁਨੀਆ ਵਾਲੀ 'ਪੋਟਲੀ' ਸਿਰ ਤੋਂ ਲਾਹ ਦੇਂਦਾ ਹੈ।

ਫਰੀਦਾ ਜਾਂ ਤਉ ਖਟਣ ਵੇਲ ਤਾਂ ਤੂ ਰਤਾ ਦੁਨੀ ਸਿ ਉ ॥ ਮਰਗ ਸਵਾਈ ਨੀਹਿ ਜਾਂ ਭਰਿਆ ਤਾਂ ਲਦਿਆ ॥੮॥ {ਪੰਨਾ 1378}

ਪਦ ਅਰਥ:- ਤਉ—ਤੇਰਾ। ਖਟਣ ਵੇਲ—ਖੱਟਣ ਦਾ ਵੇਲਾ। ਰਤਾ—ਰੱਤਾ, ਰੰਗਿਆ ਹੋਇਆ, ਮਸਤ। ਸਿਉ—ਨਾਲ। ਮਾਰਗ—ਮੌਤ। ਸਵਾਈ—ਵਧਦੀ ਗਈ, ਪੱਕੀ ਹੁੰਦੀ ਗਈ। ਜਾਂ—ਜਦੋਂ। ਭਰਿਆ—(ਪਾਈ) ਭਰੀ ਗਈ, ਸੁਆਸ ਪੂਰੇ ਹੋ ਗਏ। ਨੀ੍ਹਿ—(ਅੱਖਰ 'ਨ' ਦੇ ਨਾਲ ਅੱਧਾ 'ਹ' ਹੈ), ਨੀਂਹ।

ਅਰਥ:- ਹੇ ਫਰੀਦ! ਜਦੋਂ ਤੇਰਾ (ਅਸਲ ਖੱਟੀ) ਖੱਟਣ ਦਾ ਵੇਲਾ ਸੀ ਤਦੋਂ ਤੂੰ ਦੁਨੀਆ (ਦੀ 'ਪੋਟਲੀ') ਨਾਲ ਮਸਤ ਰਿਹਾ। (ਇਸ ਤਰ੍ਹਾਂ) ਮੌਤ ਦੀ ਨੀਂਹ ਪੱਕੀ ਹੁੰਦੀ ਗਈ, (ਭਾਵ, ਮੌਤ ਦਾ ਸਮਾਂ ਨੇੜੇ ਆਉਂਦਾ ਗਿਆ) ਜਦੋਂ ਸਾਰੇ ਸੁਆਸ ਪੂਰੇ ਹੋ ਗਏ, ਤਾਂ ਇਥੋਂ ਕੂਚ ਕਰਨਾ ਪਿਆ।8।

ਦੇਖੁ ਫਰੀਦਾ ਜੁ ਥੀਆ ਦਾੜੀ ਹੋਈ ਭੂ ਰ ॥ ਅਗਹੁ ਨੇੜਾ ਆਇਆ ਪਿਛਾ ਰਹਿਆ ਦੂਰਿ ॥ ੯॥ {ਪੰਨਾ 1378}

ਪਦ ਅਰਥ:- ਥੀਆ—ਹੋ ਗਿਆ ਹੈ। ਜੁ—ਜੋ ਕੁਝ। ਭੂਰ—ਚਿੱਟੀ। ਅਗਹੁ—ਅਗਲੇ ਪਾਸਿਓਂ। ਪਿਛਾ—ਪਿਛਲਾ ਪਾਸਾ, ਜਦੋਂ ਜੰਮਿਆ ਸੈਂ।

ਅਰਥ:- ਹੇ ਫਰੀਦ! ਵੇਖ ਜੋ ਕੁਝ (ਹੁਣ ਤਕ) ਹੋ ਚੁਕਿਆ ਹੈ (ਉਹ ਇਹ ਹੈ ਕਿ) ਦਾੜ੍ਹੀ ਚਿੱਟੀ ਹੋ ਗਈ ਹੈ, ਮੌਤ ਵਾਲੇ ਪਾਸਿਓਂ ਸਮਾਂ ਨੇੜੇ ਆ ਰਿਹਾ ਹੈ, ਤੇ ਪਿਛਲਾ ਪਾਸਾ (ਜਦੋਂ ਜੰਮਿਆਂ ਸੈਂ) ਦੂਰ (ਪਿਛਾਂਹ) ਰਹਿ ਗਿਆ ਹੈ, (ਸੋ ਹੁਣ ਅੰਞਾਣਾਂ ਵਾਲੇ ਕੰਮ ਨਾਹ ਕਰ, ਤੇ ਅਗਾਂਹ ਦੀ ਤਿਆਰੀ ਲਈ ਕਮਾਈ ਕਰ)।9।

ਦੇਖੁ ਫਰੀਦਾ ਜਿ ਥੀਆ ਸਕਰ ਹੋਈ ਵਿਸੁ ॥ ਸਾਂਈ ਬਾਝਹੁ ਆਪਣੇ ਵੇਦਣ ਕਹੀਐ ਕਿਸੁ ॥ ੧੦॥ {ਪੰਨਾ 1378}

ਪਦ ਅਰਥ:- ਜਿ ਥੀਆ—ਜੋ ਕੁਝ ਹੋਇਆ ਹੈ। ਸਕਰ—ਮਿੱਠੇ ਪਦਾਰਥ। ਵਿਸੁ—ਜ਼ਹਿਰ, ਦੁਖਦਾਈ। ਵੇਦਣ—ਪੀੜ, ਦੁੱਖੜਾ।

ਅਰਥ:- ਹੇ ਫਰੀਦ! ਵੇਖ, (ਹੁਣ ਤਕ) ਜੋ ਹੋਇਆ ਹੈ (ਉਹ ਇਹ ਹੈ ਕਿ 'ਦਾੜ੍ਹੀ ਭੂਰ' ਹੋ ਜਾਣ ਕਰਕੇ) ਦੁਨੀਆ ਦੇ ਮਿੱਠੇ ਪਦਾਰਥ (ਭੀ) ਦੁਖਦਾਈ ਲੱਗਦੇ ਹਨ (ਕਿਉਂਕਿ ਹੁਣ ਸਰੀਰਕ ਇੰਦ੍ਰੇ ਕਮਜ਼ੋਰ ਪੈ ਜਾਣ ਕਰਕੇ ਉਨ੍ਹਾਂ ਭੋਗਾਂ ਨੂੰ ਚੰਗੀ ਤਰ੍ਹਾਂ ਭੋਗ ਨਹੀਂ ਸਕਦੇ) ਇਹ ਦੁੱਖੜਾ ਆਪਣੇ ਸਾਈਂ ਬਾਝੋਂ ਹੋਰ ਕਿਸ ਨੂੰ ਆਖੀਏ? (ਭਾਵ, ਪ੍ਰਭੂ ਦੇ ਨਿਯਮਾਂ ਅਨੁਸਾਰ ਹੋ ਰਹੀ ਇਸ ਤਬਦੀਲੀ ਵਿਚ ਕੋਈ ਰੋਕ ਨਹੀਂ ਪਾ ਸਕਦਾ)।10।

ਫਰੀਦਾ ਅਖੀ ਦੇਖਿ ਪਤੀਣੀਆਂ ਸੁਣਿ ਸੁਣਿ ਰੀਣੇ ਕੰਨ ॥ ਸਾਖ ਪਕੰਦੀ ਆਈਆ ਹੋਰ ਕਰੇਂਦੀ ਵੰਨ ॥੧੧॥ {ਪੰਨਾ 1378}

ਪਦ ਅਰਥ:- ਪਤੀਣੀਆਂ—ਪਤਲੀਆਂ ਪੈ ਗਈਆਂ ਹਨ, ਹੇਠਾਂ ਲਹਿ ਗਈਆਂ ਹਨ। ਰੀਣੇ—ਖ਼ਾਲੀ, ਬੋਲੇ। ਸਾਖ—ਟਹਿਣੀ, ਸਰੀਰ। ਪਕੰਦੀ ਆਈਆ—ਪੱਕ ਗਈ ਹੈ। ਵੰਨ—ਰੰਗ।

ਅਰਥ:- ਹੇ ਫਰੀਦ! ('ਸੱਕਰ' ਦੇ 'ਵਿਸੁ' ਹੋ ਜਾਣ ਦਾ ਕਾਰਨ ਇਹ ਹੈ ਕਿ) ਅੱਖਾਂ (ਜਗਤ ਦੇ ਰੰਗ-ਤਮਾਸ਼ੇ) ਵੇਖ ਕੇ (ਹੁਣ) ਕਮਜ਼ੋਰ ਹੋ ਗਈਆਂ ਹਨ (ਜਗਤ ਦੇ ਰੰਗ-ਤਮਾਸ਼ੇ ਤਾਂ ਉਸੇ ਤਰ੍ਹਾਂ ਮੌਜੂਦ ਹਨ, ਪਰ ਅੱਖਾਂ ਵਿਚ ਹੁਣ ਵੇਖਣ ਦੀ ਸੱਤਿਆ ਨਹੀਂ ਰਹੀ), ਕੰਨ (ਦੁਨੀਆ ਦੇ ਰਾਗ-ਰੰਗ) ਸੁਣ ਸੁਣ ਕੇ (ਹੁਣ) ਬੋਲੇ ਹੋ ਗਏ ਹਨ। (ਨਿਰਾ ਅੱਖਾਂ ਤੇ ਕੰਨ ਹੀ ਨਹੀਂ, ਸਾਰਾ) ਸਰੀਰ ਹੀ ਬਿਰਧ ਹੋ ਗਿਆ ਹੈ, ਇਸ ਨੇ ਹੋਰ ਹੀ ਰੰਗ ਵਟਾ ਲਿਆ ਹੈ (ਹੁਣ ਭੋਗ ਭੋਗਣ ਜੋਗਾ ਨਹੀਂ ਰਿਹਾ, ਤੇ ਇਸ ਹਹੁਕੇ ਦਾ ਕੋਈ ਇਲਾਜ ਨਹੀਂ ਹੈ)।11।

ਫਰੀਦਾ ਕਾਲੀ ਜਿਨੀ ਨ ਰਾਵਿਆ ਧਉਲੀ ਰਾਵੈ ਕੋਇ ॥ ਕਰਿ ਸਾਂਈ ਸਿਉ ਪਿਰਹੜੀ ਰੰਗੁ ਨਵੇਲਾ ਹੋਇ ॥੧੨॥ {ਪੰਨਾ 1378}

ਪਦ ਅਰਥ:- ਕਾਲੀ—ਜਦੋਂ ਕੇਸ ਕਾਲੇ ਸਨ, ਕਾਲੇ ਕੇਸਾਂ ਦੇ ਹੁੰਦਿਆਂ। ਰਾਵਿਆ—ਮਾਣਿਆ। ਧਉਲੀ—ਧਉਲੇ ਆਇਆਂ। ਕੋਇ—ਕੋਈ ਵਿਰਲਾ। ਪਿਰਹੜੀ—ਪਿਆਰ। ਨਵੇਲਾ—ਨਵਾਂ। ਰੰਗ—ਪਿਆਰ।

ਅਰਥ:- ਹੇ ਫਰੀਦ! ਕਾਲੇ ਕੇਸਾਂ ਦੇ ਹੁੰਦਿਆਂ ਜਿਨ੍ਹਾਂ ਨੇ ਪਤੀ-ਪ੍ਰਭੂ ਨਾਲ ਪਿਆਰ ਨਹੀਂ ਕੀਤਾ, ਉਨ੍ਹਾਂ ਵਿਚੋਂ ਕੋਈ ਵਿਰਲਾ ਹੀ ਧਉਲੇ ਆਇਆਂ (ਭਾਵ, ਬਿਰਧ ਉਮਰੇ) ਰੱਬ ਨੂੰ ਯਾਦ ਕਰ ਸਕਦਾ ਹੈ। (ਹੇ ਫਰੀਦ!) ਤੂੰ ਸਾਂਈਂ ਪ੍ਰਭੂ ਨਾਲ ਪਿਆਰ ਕਰ, (ਇਹ) ਪਿਆਰ (ਨਿੱਤ) ਨਵਾਂ ਰਹੇਗਾ (ਦੁਨੀਆ ਦੀ 'ਪੋਟਲੀ' ਵਾਲਾ ਪਿਆਰ ਤਾਂ ਸਰੀਰ-'ਸਾਖ' ਪੱਕਣ ਤੇ ਟੁੱਟ ਜਾਇਗਾ)।12।

ਨੋਟ:- ਇਸ ਸ਼ਲੋਕ ਦੇ ਪਰਥਾਇ ਅਗਲੇ ਸ਼ਲੋਕ ਵਿਚ ਗੁਰੂ ਅਮਰਦਾਸ ਜੀ ਫ਼ੁਰਮਾਂਦੇ ਹਨ ਕਿ ਜਿਸ ਭਾਗਾਂ ਵਾਲੇ ਉਤੇ ਸਾਂਈਂ ਮਿਹਰ ਕਰੇ, ਉਸ ਨੂੰ ਆਪਣੇ ਚਰਨਾਂ ਦਾ ਪਿਆਰ ਬਖ਼ਸ਼ਦਾ ਹੈ, ਉਮਰ ਭਾਵੇਂ ਜੁਆਨੀ ਦੀ ਹੋਵੇ ਭਾਵੇਂ ਬੁਢੇਪੇ ਦੀ।

ਮਃ ੩ ॥ ਫਰੀਦਾ ਕਾਲੀ ਧਉਲੀ ਸਾਹਿਬੁ ਸਦਾ ਹੈ ਜੇ ਕੋ ਚਿਤਿ ਕਰੇ ॥ ਆਪਣਾ ਲਾਇਆ ਪਿਰਮੁ ਨ ਲਗਈ ਜੇ ਲੋਚੈ ਸਭੁ ਕੋਇ ॥ ਏਹੁ ਪਿਰਮੁ ਪਿਆਲਾ ਖਸਮ ਕਾ ਜੈ ਭਾਵੈ ਤੈ ਦੇਇ ॥ ੧੩॥ {ਪੰਨਾ 1378}

ਪਦ ਅਰਥ:- ਚਿਤਿ—ਚਿੱਤ ਵਿਚ। ਚਿਤਿ ਕਰੇ—ਚਿੱਤ ਵਿਚ ਟਿਕਾਏ, ਬੰਦਗੀ ਕਰੇ। ਪਿਰਮੁ—ਪਿਆਰ। ਸਭ

ਕੋਇ—ਹਰੇਕ ਜੀਵ। ਜੈ—ਜਿਸ ਨੂੰ। ਤੈ—ਤਿਸ ਨੂੰ।

ਨੋਟ:- ਇਹ ਸ਼ਲੋਕ ਉਪਰਲੇ ਹੀ ਸ਼ਲੋਕ ਦੀ ਵਿਆਖਿਆ ਹੈ। ਬੁਢੇਪੇ ਵਿਚ ਕਿਉਂ ਪ੍ਰਭੂ ਨੂੰ ਮਿਲਣਾ ਔਖਾ ਹੋ ਜਾਂਦਾ ਹੈ? ਇਸ ਲਈ ਕਿ ਜਵਾਨੀ ਵਿਚ ਮਾਇਕ ਆਦਤਾਂ ਪੱਕ ਜਾਣ ਕਰਕੇ ਬੁਢੇਪੇ ਵਿਚ 'ਬੰਦਗੀ' ਵਲ ਪਰਤਣਾ ਔਖਾ ਹੁੰਦਾ ਹੈ। ਪਰ ਜੁਆਨੀ ਹੋਵੇ ਚਾਹੇ ਬੁਢੇਪਾ, 'ਬੰਦਗੀ' ਸਦਾ ਹੈ ਹੀ ਪ੍ਰਭੂ ਦੀ 'ਬਖ਼ਸ਼ਸ਼'।

ਅਰਥ:- ਹੇ ਫਰੀਦ! ਜੇ ਕੋਈ ਬੰਦਾ ਬੰਦਗੀ ਕਰੇ, ਤਾਂ ਜੁਆਨੀ ਵਿਚ ਭੀ ਤੇ ਬੁਢੇਪੇ ਵਿਚ ਭੀ ਮਾਲਿਕ (ਮਿਲ ਸਕਦਾ) ਹੈ। ਪਰ ਬੇਸ਼ਕ ਕੋਈ ਤਾਂਘ ਕਰ ਕੇ ਵੇਖ ਲਏ, 'ਇਹ ਪਿਆਰ' ਆਪਣਾ ਲਾਇਆ ਨਹੀਂ ਲੱਗ ਸਕਦਾ। ਇਹ ਪਿਆਰ-ਰੂਪ ਪਿਆਲਾ ਤਾਂ ਮਾਲਿਕ ਦਾ (ਆਪਣਾ) ਹੈ, ਜਿਸ ਨੂੰ ਉਸ ਦੀ ਮਰਜ਼ੀ ਹੁੰਦੀ ਹੈ ਦੇਂਦਾ ਹੈ।13।

ਫਰੀਦਾ ਜਿਨ੍ਹ ਲੋਇਣ ਜਗੁ ਮੋਹਿਆ ਸੇ ਲੋਇਣ ਮੈ ਡਿਠੁ ॥ ਕਜਲ ਰੇਖ ਨ ਸਹਦਿਆ ਸੇ ਪੰਖੀ ਸੂਇ ਬਹਿਠੁ ॥੧੪॥ {ਪੰਨਾ 1378}

ਪਦ ਅਰਥ:- ਲੋਇਣ—ਅੱਖਾਂ। ਸੂਇ—ਬੱਚੇ। ਬਹਿਠੁ—ਬੈਠਣ ਦੀ ਥਾਂ।

ਅਰਥ:- ਹੇ ਫਰੀਦ! (ਇਸ ਦਿੱਸਦੀ ਗੁਲਜ਼ਾਰ, ਪਰ ਅਸਲ ਵਿਚ, 'ਗੁਝੀ ਭਾਹਿ' ਵਿਚ ਮਸਤ ਜੀਵ ਨੂੰ ਕੁਝ ਸੁੱਝਦਾ-ਬੁੱਝਦਾ ਨਹੀਂ। ਪਿਆ ਮਾਣ ਕਰਦਾ ਹੈ। ਪਰ ਮਾਣ ਕਾਹਦਾ?) ਜਿਹੜੀਆਂ (ਸੋਹਣੀਆਂ) ਅੱਖਾਂ ਨੇ ਜਗਤ ਨੂੰ ਮੋਹ ਰੱਖਿਆ ਸੀ, ਉਹ ਅੱਖਾਂ ਮੈਂ ਭੀ ਵੇਖੀਆਂ, (ਪਹਿਲਾਂ ਤਾਂ ਇਤਨੀਆਂ ਨਾਜ਼ਕ ਸਨ ਕਿ) ਕੱਜਲ ਦੀ ਧਾਰ ਨਹੀਂ ਸਹਾਰ ਸਕਦੀਆਂ ਸਨ, ਫਿਰ ਉਹ ਪੰਛੀਆਂ ਦੇ ਬੱਚਿਆਂ ਦਾ ਆਹਲਣਾ ਬਣੀਆਂ (ਭਾਵ, ਅਸਾਡੇ ਸਾਹਮਣੇ ਸਰੀਰਕ ਸੁੰਦਰਤਾ ਆਖ਼ਰ ਨਿੱਤ ਨਾਸ ਹੋ ਜਾਂਦੀ ਹੈ, ਇਸ ਤੇ ਮਾਣ ਕੂੜਾ ਹੈ)।14।

ਫਰੀਦਾ ਕੂਕੇਦਿਆ ਚਾਂਗੇਦਿਆ ਮਤੀ ਦੇਦਿਆ ਨਿਤ ॥ ਜੋ ਸੈਤਾਨਿ ਵੰਞਾਇਆ ਸੇ ਕਿਤ ਫੇਰਹਿ ਚਿਤ ॥੧੫॥ {ਪੰਨਾ 1378}

ਪਦ ਅਰਥ:- ਸੈਤਾਨਿ—ਸ਼ੈਤਾਨ ਨੇ (ਭਾਵ, ਮਨ ਨੇ) (ਫਰੀਦ ਜੀ ਇਸਲਾਮੀ ਖ਼ਿਆਲ ਅਨੁਸਾਰ ਸ਼ੈਤਾਨ ਨੂੰ ਬਦੀ ਦਾ ਪਰੇਰਕ ਕਹਿ ਰਹੇ ਹਨ)। ਕੂਕੇਦਿਆ ਚਾਂਗੇਦਿਆ—ਮੁੜ ਮੁੜ ਪੁਕਾਰ ਪੁਕਾਰ ਕੇ ਸਮਝਾਣ ਤੇ ਭੀ। ਸੇ—ਉਹ ਬੰਦੇ। ਵੰਞਾਇਆ—ਵਿਗਾੜਿਆ ਹੈ।

ਅਰਥ:- ਹੇ ਫਰੀਦ! (ਭਾਵੇਂ ਕਿਤਨਾ ਹੀ) ਪੁਕਾਰ ਪੁਕਾਰ ਕੇ ਆਖੀਏ (ਕਿਤਨਾ ਹੀ) ਨਿੱਤ ਮੱਤਾਂ ਦੇਈਏ; ਪਰ, ਜਿਨ੍ਹਾਂ ਬੰਦਿਆਂ ਨੂੰ (ਮਨ-) ਸ਼ੈਤਾਨ ਨੇ ਵਿਗਾੜਿਆ ਹੋਇਆ ਹੈ, ਉਹ ਕਿਵੇਂ ('ਦੁਨੀ' ਵਲੋਂ) ਚਿੱਤ ਫੇਰ ਸਕਦੇ ਹਨ?।15।

ਨੰ: 16 ਤੋਂ 36:

ਫਰੀਦਾ ਥੀਉ ਪਵਾਹੀ ਦਭੁ ॥ ਜੇ ਸਾਂਈ ਲੋੜਹਿ ਸਭੁ ॥ ਇਕੁ ਛਿਜਹਿ ਬਿਆ ਲਤਾੜੀਅਹਿ ॥ ਤਾਂ ਸਾਈ ਦੈ ਦਰਿ ਵਾੜੀਅਹਿ ॥੧੬॥ {ਪੰਨਾ 1378}

ਪਦ ਅਰਥ:- ਥੀਉ—ਹੋ ਜਾ, ਬਣ ਜਾ। ਪਵਾਹੀ—ਪਹੇ ਦੀ, ਰਸਤੇ ਦੀ। ਦਭੁ—ਕੁਸ਼ਾ, ਘਾਹ। ਜੇ ਲੋੜਹਿ—ਜੇ ਤੂੰ ਲੱਭਦਾ ਹੈਂ। ਸਭੁ—ਹਰ ਥਾਂ, ਸਭ ਵਿਚ। ਇਕੁ—ਇੱਕ ਨੂੰ, ਕਿਸੇ ਦੱਭ ਦੇ ਬੂਟੇ ਨੂੰ। ਛਿਜਹਿ—(ਲੋਕ) ਤੋੜਦੇ ਹਨ। ਬਿਆ—ਕਈ ਹੋਰ (ਦੱਭ ਦੇ ਬੂਟੇ)। ਲਤਾੜੀਅਹਿ—ਲਤਾੜੇ ਜਾਂਦੇ ਹਨ। ਸਾਈ ਦੈ ਦਰਿ—ਮਾਲਕ ਦੇ ਦਰ ਤੇ। ਵਾੜੀਅਹਿ—ਤੂੰ ਵਾੜਿਆ ਜਾਏਂਗਾ, (ਭਾਵ,) ਕਬੂਲ ਹੋਵੇਂਗਾ।

ਅਰਥ:- ਹੇ ਫਰੀਦ! ਜੇ ਤੂੰ ਮਾਲਕ (-ਪ੍ਰਭੂ) ਨੂੰ ਹਰ ਥਾਂ ਭਾਲਦਾ ਹੈਂ (ਭਾਵ, ਵੇਖਣਾ ਚਾਹੁੰਦਾ ਹੈਂ) ਤਾਂ ਪਹੇ ਦੀ ਦੱਭ (ਵਰਗਾ) ਬਣ ਜਾ (ਜਿਸ ਦੇ) ਇਕ ਬੂਟੇ ਨੂੰ (ਲੋਕ) ਤੋੜਦੇ ਹਨ, ਤੇ ਕਈ ਹੋਰ ਬੂਟੇ (ਉਨ੍ਹਾਂ ਦੇ ਪੈਰਾਂ ਹੇਠ) ਲਤਾੜੇ

ਜਾਂਦੇ ਹਨ। (ਜੇ ਤੂੰ ਇਹੋ ਜਿਹਾ ਸੁਭਾਉ ਬਣਾ ਲਏਂ) ਤਾਂ ਤੂੰ ਮਾਲਕ ਦੇ ਦਰ ਤੇ ਕਬੂਲ ਹੋਵੇਂਗਾ। 16।

ਫਰੀਦਾ ਖਾਕੁ ਨ ਨਿੰਦੀਐ ਖਾਕੂ ਜੇਡੁ ਨ ਕੋਇ ॥ ਜੀਵਦਿਆ ਪੈਰਾ ਤਲੈ ਮੁਇਆ ਉਪਰਿ ਹੋਇ ॥੧੭॥ {ਪੰਨਾ 1378}

ਪਦ ਅਰਥ:- ਖਾਕੁ—ਮਿੱਟੀ (ਇਸ ਲਫ਼ਜ਼ ਦੇ ਅਖ਼ੀਰ ਵਿਚ ਸਦਾ (ੁ) ਹੁੰਦਾ ਹੈ, ਇਸੇ ਤਰ੍ਹਾਂ ਦੇ ਹੋਰ ਲਫ਼ਜ਼ ਖੰਡੁ, ਵਿਸੁ, ਜਿੰਦੁ। ਜਦੋਂ ਇਹਨਾਂ (ੁ) ਅੰਤ ਵਿਚ ਲਫ਼ਜ਼ਾਂ ਨਾਲ ਕੋਈ 'ਸੰਬੰਧਕ' ਵਰਤੀਦਾ ਹੈ ਜਾਂ ਇਹਨਾਂ ਨੂੰ ਕਿਸੇ 'ਕਾਰਕ'-ਰੂਪ ਵਿਚ ਵਰਤੀਦਾ ਹੈ ਤਾਂ (ੁ) ਦੇ ਥਾਂ (ੂ) ਹੋ ਜਾਂਦਾ ਹੈ, ਜਿਵੇਂ 'ਖਾਕੁ' ਤੋਂ 'ਖਾਕੂ', 'ਜਿੰਦੁ' ਤੋਂ 'ਜਿੰਦੂ', 'ਵਿਸੁ' ਅਤੇ 'ਵਿਸੂ')। ਜੇਡੁ—ਜੇਡਾ, ਵਰਗਾ।

ਅਰਥ:- ਹੇ ਫਰੀਦ! ਮਿੱਟੀ ਨੂੰ ਮਾੜਾ ਨਹੀਂ ਆਖਣਾ ਚਾਹੀਦਾ, ਮਿੱਟੀ ਦੀ ਬਰਾਬਰੀ ਕੋਈ ਨਹੀਂ ਕਰ ਸਕਦਾ। (ਮਨੁੱਖ ਦੇ) ਪੈਰਾਂ ਹੇਠ ਹੁੰਦੀ ਹੈ, (ਪਰ ਮਨੁੱਖ ਦੇ) ਮਰਿਆਂ ਉਸ ਦੇ ਉੱਤੇ ਹੋ ਜਾਂਦੀ ਹੈ, (ਇਸੇ ਤਰ੍ਹਾਂ 'ਗ਼ਰੀਬੀ-ਸੁਭਾਵ' ਦੀ ਰੀਸ ਨਹੀਂ ਹੋ ਸਕਦੀ, 'ਗ਼ਰੀਬੀ-ਸੁਭਾਵ' ਵਾਲਾ ਬੰਦਾ ਜ਼ਿੰਦਗੀ ਵਿਚ ਭਾਵੇਂ ਸਭ ਦੀ ਵਧੀਕੀ ਸਹਾਰਦਾ ਹੈ, ਪਰ ਮਨ ਨੂੰ ਮਾਰਨ ਕਰਕੇ ਆਤਮਕ ਅਵਸਥਾ ਵਿਚ ਉਹ ਸਭ ਤੋਂ ਉੱਚਾ ਹੁੰਦਾ ਹੈ)। 17।

ਫਰੀਦਾ ਜਾ ਲਬੁ ਤਾ ਨੇਹੁ ਕਿਆ ਲਬੁ ਤ ਕੂੜਾ ਨੇਹੁ ॥ ਕਿਚਰੁ ਝਤਿ ਲਘਾਈਐ ਛਪਰਿ ਤੁਟੈ ਮੇਹੁ ॥੧੮॥ {ਪੰਨਾ 1378}

ਪਦ ਅਰਥ:- ਨੇਹੁ ਕਿਆ—ਕਾਹਦਾ ਪਿਆਰ? (ਭਾਵ, ਅਸਲ ਪਿਆਰ ਨਹੀਂ)। ਕੂੜਾ—ਝੂਠਾ। ਕਿਚਰੁ—ਕਿਤਨਾ ਚਿਰ? ਝਤਿ—ਸਮਾ। ਛਪਰਿ—ਛੱਪਰ ਉਤੇ। ਛਪਰਿ ਤੁਟੇ—ਟੁੱਟੇ ਹੋਏ ਛੱਪਰ ਉਤੇ। ਮੇਹੁ—ਮੀਂਹ।

ਅਰਥ:- ਹੇ ਫਰੀਦ! ਜੇ (ਰੱਬ ਦੀ ਬੰਦਗੀ ਕਰਦਿਆਂ ਇਵਜ਼ਾਨੇ ਵਜੋਂ ਕੋਈ ਦੁਨੀਆ ਦਾ) ਲਾਲਚ ਹੈ, ਤਾਂ (ਰੱਬ ਨਾਲ) ਅਸਲ ਪਿਆਰ ਨਹੀਂ ਹੈ। (ਜਦ ਤਕ) ਲਾਲਚ ਹੈ, ਤਦ ਤਕ ਪਿਆਰ ਝੂਠਾ ਹੈ। ਟੁੱਟੇ ਹੋਏ ਛੱਪਰ ਉਤੇ ਮੀਂਹ ਪੈਂਦਿਆਂ ਕਦ ਤਾਂਈ ਸਮਾ ਨਿਕਲ ਸਕੇਗਾ? (ਭਾਵ, ਜਦੋਂ ਦੁਨੀਆ ਵਾਲੀ ਗ਼ਰਜ਼ ਪੂਰੀ ਨਾ ਹੋਈ, ਪਿਆਰ ਟੁੱਟ ਜਾਇਗਾ)। 18।

ਫਰੀਦਾ ਜੰਗਲੁ ਜੰਗਲੁ ਕਿਆ ਭਵਹਿ ਵਣਿ ਕੰਡਾ ਮੋੜੇਹਿ ॥ ਵਸੀ ਰਬੁ ਹਿਆਲੀਐ ਜੰਗਲੁ ਕਿਆ ਢੂਢੇਹਿ ॥੧੯॥ {ਪੰਨਾ 1378}

ਪਦ ਅਰਥ:- ਜੰਗਲੁ ਜੰਗਲੁ—ਹਰੇਕ ਜੰਗਲ। ਕਿਆ ਭਵਹਿ—ਗਾਹਣ ਦਾ ਕੀਹ ਲਾਭ? ਵਣਿ—ਵਣ ਵਿਚ, ਜੰਗਲ ਵਿਚ। ਕਿਆ ਮੋੜੇਹਿ—ਕਿਉਂ ਲਤਾੜਦਾ ਹੈਂ? ਵਸੀ—ਵੱਸਦਾ ਹੈ। ਹਿਆਲੀਐ—ਹਿਰਦੇ ਵਿਚ। ਕਿਆ ਢੂਢੇਹਿ—ਭਾਲਣ ਦਾ ਕੀਹ ਲਾਭ?

ਅਰਥ:- ਹੇ ਫਰੀਦ! ਹਰੇਕ ਜੰਗਲ ਨੂੰ ਗਾਹਣ ਦਾ ਕੀਹ ਲਾਭ ਹੈ? ਜੰਗਲ ਵਿਚ ਕੰਡੇ ਕਿਉਂ ਲਤਾੜਦਾ ਫਿਰਦਾ ਹੈਂ? ਰੱਬ (ਤਾਂ ਤੇਰੇ) ਹਿਰਦੇ ਵਿਚ ਵੱਸਦਾ ਹੈ, ਜੰਗਲ ਨੂੰ ਭਾਲਣ ਦਾ ਕੀ ਫ਼ਾਇਦਾ?। 19।

ਫਰੀਦਾ ਇਨੀ ਨਿਕੀ ਜੰਘੀਐ ਥਲ ਡੂੰਗਰ ਭਵਿਓਮ੍ਹਿ ॥ ਅਜੁ ਫਰੀਦੈ ਕੂਜੜਾ ਸੈ ਕੋਹਾਂ ਥੀਓਮਿ ॥੨੦॥ {ਪੰਨਾ 1378}

ਪਦ ਅਰਥ:- ਇਨੀ ਜੰਘੀਐ—ਇਹਨਾਂ ਲੱਤਾਂ ਨਾਲ। ਡੂਗਰ—ਡੂੰਗਰ, ਪਹਾੜ। ਭਵਿਓਮ੍ਹਿ—ਮੈਂ ਲਭਿਆ, ਮੈਂ ਭਉਂ ਆਇਆ (ਅੱਖਰ 'ਮ' ਦੇ ਹੇਠ ਅੱਧਾ 'ਹ' ਹੈ)। ਅਜੁ—(ਭਾਵ,) ਬੁਢੇਪੇ ਵਿਚ। ਫਰੀਦੈ ਥੀਓਮਿ—ਮੈਂ ਫਰੀਦ ਨੂੰ ਹੋ ਗਿਆ ਹੈ। ਕੂਜੜਾ—ਇਕ ਨਿੱਕਾ ਜਿਹਾ ਲੋਟਾ।

ਅਰਥ:- ਹੇ ਫਰੀਦ! ਇਹਨਾਂ ਨਿੱਕੀਆਂ ਨਿੱਕੀਆਂ ਲੱਤਾਂ ਨਾਲ (ਜਵਾਨੀ ਵੇਲੇ) ਮੈਂ ਥਲ ਤੇ ਪਹਾੜ ਗਾਹ ਆਉਂਦਾ

ਰਿਹਾ, ਪਰ ਅੱਜ (ਬੁਢੇਪੇ ਵਿਚ) ਮੈਨੂੰ ਫਰੀਦ ਨੂੰ (ਇਹ ਰਤਾ ਪਰੇ ਪਿਆ) ਲੋਟਾ ਸੈ ਕੋਹਾਂ ਤੇ ਹੋ ਗਿਆ ਹੈ (ਸੋ, ਬੰਦਗੀ ਦਾ ਵੇਲਾ ਭੀ ਜੁਆਨੀ ਹੀ ਹੈ ਜਦੋਂ ਸਰੀਰ ਕੰਮ ਦੇ ਸਕਦਾ ਹੈ)। 20।

ਫਰੀਦਾ ਰਾਤੀ ਵਡੀਆਂ ਧੁਖਿ ਧੁਖਿ ਉਠਨਿ ਪਾਸ ॥ ਧਿਗੁ ਤਿਨ੍ਹਾ ਦਾ ਜੀਵਿਆ ਜਿਨਾ ਵਿਡਾਣੀ ਆਸ ॥੨੧॥ {ਪੰਨਾ 1379}

ਪਦ ਅਰਥ:- ਧੁਖਿ ਉਠਨਿ—ਧੁਖ ਉੱਠਦੇ ਹਨ, ਅੰਬ ਜਾਂਦੇ ਹਨ। ਪਾਸ—ਸਰੀਰ ਦੇ ਪਾਸੇ। (ਲਫ਼ਜ਼ 'ਪਾਸ' ਅਤੇ 'ਪਾਸਿ' ਵਿਚ ਫ਼ਰਕ ਵੇਖਣਾ ਜ਼ਰੂਰੀ ਹੈ। ਵੇਖੋ ਸ਼ਲੋਕ ਨੰ: 45 'ਪਾਸਿ ਦਮਾਮੇ'। ਵਿਆਕਰਣ ਅਨੁਸਾਰ ਲਫ਼ਜ਼ 'ਪਾਸ' 'ਨਾਂਵ' ਬਹੁ-ਵਚਨ ਹੈ, (Noun, plural) ਭਾਵ, ਜਿਸਮ ਦੇ ਪਾਸੇ, ਪਸਲੀਆਂ। 'ਪਾਸਿ' ਸੰਬੰਧਕ ਹੈ, ਭਾਵ, ਜਿਨ੍ਹਾਂ ਦੇ ਪਾਸ; ਜਿਨ੍ਹਾਂ ਦੇ ਕੋਲ)। ਵਿਡਾਣੀ—ਬਿਗਾਨੀ। (ਲਫ਼ਜ਼ 'ਜਿਨ੍ਹਾਂ ਅਤੇ 'ਤਿਨ੍ਹਾਂ' ਦੇ ਅੱਖਰ 'ਨ' ਦੇ ਨਾਲ 'ਹ' ਹੈ)। ਵਡੀਆਂ—ਲੰਮੀਆਂ। ਧ੍ਰਿਗੁ—ਫਿਟਕਾਰ-ਜੋਗ।

ਅਰਥ:- ਹੇ ਫਰੀਦ! (ਸਿਆਲ ਦੀਆਂ) ਲੰਮੀਆਂ ਰਾਤਾਂ ਵਿਚ (ਸਉਂ ਸਉਂ ਕੇ) ਪਾਸੇ ਧੁਖ ਉੱਠਦੇ ਹਨ (ਇਸੇ ਤਰ੍ਹਾਂ ਪਰਾਈ ਆਸ ਤੱਕਦਿਆਂ ਸਮਾ ਮੁੱਕਦਾ ਨਹੀਂ, ਪਰਾਏ ਦਰ ਤੇ ਬੈਠਿਆਂ ਅੱਕ ਜਾਈਦਾ ਹੈ)। ਸੋ, ਜੋ ਲੋਕ ਦੂਜਿਆਂ ਦੀ ਆਸ ਤੱਕਦੇ ਹਨ ਉਹਨਾਂ ਦੇ ਜੀਉਣ ਨੂੰ ਫਿਟਕਾਰ ਹੈ, (ਆਸ ਇਕ ਰੱਬ ਦੀ ਰੱਖੋ)। 21।

ਫਰੀਦਾ ਜੇ ਮੈ ਹੋਦਾ ਵਾਰਿਆ ਮਿਤਾ ਆਇੜਿਆਂ ॥ ਹੇੜਾ ਜਲੈ ਮਜੀਠ ਜਿਉ ਉਪਰਿ ਅੰਗਾਰਾ ॥੨੨॥ {ਪੰਨਾ 1379}

ਪਦ ਅਰਥ:- ਵਾਰਿਆ ਹੋਦਾ—ਲੁਕਾਇਆ ਹੁੰਦਾ। ਮਿਤਾ ਆਇੜਿਆਂ—ਆਏ ਮਿੱਤ੍ਰਾਂ ਤੋਂ। ਹੇੜਾ—ਸਰੀਰ, ਮਾਸ। ਮਜੀਠ ਜਿਉ—ਮਜੀਠ ਵਾਂਗ। ਜਲੈ—ਸੜਦਾ ਹੈ।

ਅਰਥ:- ਹੇ ਫਰੀਦ! ਜੇ ਮੈਂ ਆਏ ਸੱਜਣਾਂ ਤੋਂ ਕਦੇ ਕੁਝ ਲੁਕਾ ਰੱਖਾਂ, ਤਾਂ ਮੇਰਾ ਸਰੀਰ (ਇਉਂ) ਸੜਦਾ ਹੈ ਜਿਵੇਂ ਬਲਦੇ ਕੋਲਿਆਂ ਉੱਤੇ ਮਜੀਠ (ਭਾਵ, ਘਰ-ਆਏ ਕਿਸੇ ਅੱਭਿਆਗਤ ਦੀ ਸੇਵਾ ਕਰਨ ਤੋਂ ਜੇ ਕਦੇ ਮਨ ਖਿਸਕੇ ਤਾਂ ਜਿੰਦ ਨੂੰ ਬੜਾ ਦੁੱਖ ਪ੍ਰਤੀਤ ਹੁੰਦਾ ਹੈ)। 22।

ਨੋਟ—ਉਪਰਲੇ ਦੋਹਾਂ ਸ਼ਲੋਕਾਂ ਵਿਚ ਮਨੁੱਖ ਨੂੰ ਜੀਊਣ ਦੀ ਜਾਚ ਸਿਖਾਂਦੇ ਹੋਏ, ਫਰੀਦ ਜੀ ਨੇ ਕਿਹਾ ਹੈ ਕਿ ਨਾਹ ਤਾਂ ਦੂਜਿਆਂ ਦੇ ਬੂਹੇ ਤੇ ਰੁਲਦਾ ਫਿਰ, ਅਤੇ ਨਾਹ ਹੀ ਘਰ ਆਏ ਕਿਸੇ ਪਰਦੇਸੀ ਦੀ ਸੇਵਾ ਤੋਂ ਚਿੱਤ ਚੁਰਾ।

ਫਰੀਦਾ ਲੋੜੈ ਦਾਖ ਬਿਜਉਰੀਆਂ ਕਿਕਰਿ ਬੀਜੈ ਜਟੁ ॥ ਹੰਢੈ ਉੰਨ ਕਤਾਇਦਾ ਪੈਧਾ ਲੋੜੈ ਪਟੁ ॥੨੩॥ {ਪੰਨਾ 1379}

ਪਦ ਅਰਥ:- ਬਿਜਉਰੀਆਂ—ਬਿਜੌਰ ਦੇ ਇਲਾਕੇ ਦੀ (ਇਹ ਇਲਾਕਾ ਪਠਾਣੀ ਦੇਸ ਵਿਚ ਮਾਲਾਕੰਦ ਸੁਾਤ ਤੋਂ ਪਰੇ ਹੈ)। ਦਾਖੁ—ਛੋਟਾ ਅੰਗੂਰ। ਕਿਕਰਿ—ਕਿਕਰੀਆਂ। ਹੰਢੈ—ਫਿਰਦਾ ਹੈ। ਪੈਧਾ ਲੋੜੈ—ਪਹਿਨਣਾ ਚਾਹੁੰਦਾ ਹੈ।

ਅਰਥ:- ਹੇ ਫਰੀਦ! (ਬੰਦਗੀ ਤੋਂ ਬਿਨਾ ਸੁਖੀ ਜੀਵਨ ਦੀ ਆਸ ਰੱਖਣ ਵਾਲਾ ਮਨੁੱਖ ਉਸ ਜੱਟ ਵਾਂਗ ਹੈ) ਜੋ ਜੱਟ ਕਿਕਰੀਆਂ ਬੀਜਦਾ ਹੈ ਪਰ (ਉਹਨਾਂ ਕਿਕਰੀਆਂ ਤੋਂ) ਬਿਜੌਰ ਦੇ ਇਲਾਕੇ ਦਾ ਛੋਟਾ ਅੰਗੂਰ (ਖਾਣਾ) ਚਾਹੁੰਦਾ ਹੈ, (ਸਾਰੀ ਉਮਰ) ਉੱਨ ਕਤਾਂਦਾ ਫਿਰਦਾ ਹੈ, ਪਰ ਰੇਸ਼ਮ ਪਹਿਨਣਾ ਚਾਹੁੰਦਾ ਹੈ। 23।

ਫਰੀਦਾ ਗਲੀਏ ਚਿਕੜੁ ਦੂਰਿ ਘਰੁ ਨਾਲਿ ਪਿਆਰੇ ਨੇਹੁ ॥ ਚਲਾ ਤ ਭਿਜੈ ਕੰਬਲੀ ਰਹਾਂ ਤ ਤੁਟੈ ਨੇਹੁ ॥੨੪॥ {ਪੰਨਾ 1379}

ਪਦ ਅਰਥ:- ਰਹਾਂ—ਜੇ ਮੈਂ ਰਹਿ ਪਵਾਂ, (ਭਾਵ,) ਜੇ ਮੈਂ ਨਾਹ ਜਾਵਾਂ। ਤ—ਤਾਂ। ਤੁਟੈ—ਟੁੱਟਦਾ ਹੈ। ਨੇਹੁ—ਪਿਆਰ।

ਅਰਥ:- ਹੇ ਫਰੀਦ! (ਵਰਖਾ ਦੇ ਕਾਰਨ) ਗਲੀ ਵਿਚ ਚਿੱਕੜ ਹੈ, (ਇਥੋਂ ਪਿਆਰੇ ਦਾ) ਘਰ ਦੂਰ ਹੈ (ਪਰ) ਪਿਆਰੇ ਨਾਲ (ਮੇਰਾ) ਪਿਆਰ (ਬਹੁਤ) ਹੈ। ਜੇ ਮੈਂ (ਪਿਆਰੇ ਨੂੰ ਮਿਲਣ) ਜਾਵਾਂ ਤਾਂ ਮੇਰੀ ਕੰਬਲੀ ਭਿੱਜਦੀ ਹੈ, ਜੇ (ਵਰਖਾ ਤੇ ਚਿੱਕੜ ਤੋਂ ਡਰਦਾ) ਨਾਹ ਜਾਵਾਂ ਤਾਂ ਮੇਰਾ ਪਿਆਰ ਟੁੱਟਦਾ ਹੈ। 24।

ਭਿਜਉ ਸਿਜਉ ਕੰਬਲੀ ਅਲਹ ਵਰਸਉ ਮੇਹੁ ॥ ਜਾਇ ਮਿਲਾ ਤਿਨਾ ਸਜਣਾ ਤੁਟਉ ਨਾਹੀ ਨੇਹੁ ॥੨੫॥ {ਪੰਨਾ 1379}

ਪਦ ਅਰਥ:- ਅਲਹ—ਅੱਲਾਹ ਕਰ ਕੇ, ਰੱਬ ਕਰ ਕੇ। ਭਿਜਉ—ਬੇਸ਼ਕ ਭਿੱਜੇ (Let it be soaked) (ਇਹ ਲਫ਼ਜ਼ ਵਿਆਕਰਣ ਅਨੁਸਾਰ 'ਹੁਕਮੀ ਭਵਿੱਖਤ' ਅੱਨ ਪੁਰਖ ਇਕ-ਵਚਨ (Imperative mood, Third person, Singular number) ਹੈ, ਇਸ ਵਾਸਤੇ ਲਫ਼ਜ਼ 'ਕੰਬਲੀ' ਦਾ ਅਰਥ 'ਹੇ ਕੰਬਲੀ!' ਨਹੀਂ ਹੋ ਸਕਦਾ। ਇਸੇ ਤਰ੍ਹਾਂ 'ਵਰਸਉ' ਭੀ 'ਹੁਕਮੀ ਭਵਿੱਖਤ, ਅੱਨ ਪੁਰਖ, ਇਕ-ਵਚਨ' ਹੈ, ਇਸ ਦਾ ਅਰਥ ਹੈ 'ਬੇਸ਼ਕ ਬਰਸੇ' (Let it rain) ਇਥੇ ਭੀ ਲਫ਼ਜ਼ 'ਮੇਹੁ' ਦਾ ਅਰਥ 'ਹੇ ਮੀਂਹ!' ਨਹੀਂ ਹੋ ਸਕਦਾ, ਕਿਉਂਕਿ ਲਫ਼ਜ਼ 'ਮੇਹੁ' ਵਿਆਕਰਣ ਅਨੁਸਾਰ ਪਰਤੱਖ ਤੌਰ ਤੇ 'ਕਰਤਾ ਕਾਰਕ, ਇਕ-ਵਚਨ' ਹੈ। ਜੇ 'ਸੰਬੋਧਨ' ਹੁੰਦਾ ਤਾਂ ਇਸ ਦੇ ਅੰਤ ਵਿਚ (ੁ) ਨਾਹ ਹੁੰਦਾ। ਵਧੀਕ ਵਿਚਾਰ ਵਾਸਤੇ ਵੇਖੋ ਮੇਰਾ 'ਗੁਰਬਾਣੀ ਵਿਆਕਰਣ')। ਲਫ਼ਜ਼ 'ਤੁਟਉ' ਭੀ ਲਫ਼ਜ਼ 'ਭਿਜਉ ਸਿਜਉ' ਅਤੇ 'ਵਰਸਉ' ਵਾਂਗ ਹੀ ਹੈ।

ਅਰਥ:- (ਮੇਰੀ) ਕੰਬਲੀ ਬੇਸ਼ੱਕ ਚੰਗੀ ਤਰ੍ਹਾਂ ਭਿੱਜ ਜਾਏ, ਰੱਬ ਕਰੇ ਮੀਂਹ (ਭੀ) ਬੇਸ਼ੱਕ ਵਰ੍ਹਦਾ ਰਹੇ, (ਪਰ) ਮੈਂ ਉਨ੍ਹਾਂ ਸੱਜਣਾਂ ਨੂੰ ਜ਼ਰੂਰ ਮਿਲਾਂਗਾ, (ਤਾਕਿ ਕਿਤੇ) ਮੇਰਾ ਪਿਆਰ ਨ ਟੁੱਟ ਜਾਏ। 25।

ਸ਼ਲੋਕ ਨੰ: 24, 25 ਦਾ ਭਾਵ:

ਦਰਵੇਸ਼ ਨੂੰ ਦੁਨੀਆ ਦਾ ਕੋਈ ਭੀ ਲਾਲਚ ਰੱਬ ਦੀ ਬੰਦਗੀ ਦੇ ਰਾਹ ਤੋਂ ਲਾਂਭੇ ਨਹੀਂ ਲੈ ਜਾ ਸਕਦਾ।

ਫਰੀਦਾ ਮੈ ਭੋਲਾਵਾ ਪਗ ਦਾ ਮਤੁ ਮੈਲੀ ਹੋਇ ਜਾਇ ॥ ਗਹਿਲਾ ਰੂਹੁ ਨ ਜਾਣਈ ਸਿਰੁ ਭੀ ਮਿਟੀ ਖਾਇ ॥੨੬॥ {ਪੰਨਾ 1379}

ਪਦ ਅਰਥ:- ਮੈ—ਮੈਨੂੰ। ਭੋਲਾਵਾ—ਭੁਲੇਖਾ, ਧੋਖਾ, ਵਹਿਮ, ਫ਼ਿਕਰ। ਮਤੁ—ਮਤਾਂ, ਕਿਤੇ ਨ। ਮਤੁ ਹੋ ਜਾਇ—ਮਤਾਂ ਹੋ ਜਾਏ, ਕਿਤੇ ਹੋ ਨ ਜਾਏ। ਗਹਿਲਾ—ਬੇਪਰਵਾਹ, ਗ਼ਾਫ਼ਿਲ। ਜਾਣਈ—ਜਾਣਦਾ।

ਅਰਥ:- ਹੇ ਫਰੀਦ! ਮੈਨੂੰ (ਆਪਣੀ) ਪੱਗ ਦਾ ਫ਼ਿਕਰ (ਰਹਿੰਦਾ) ਹੈ (ਕਿ ਮਿੱਟੀ ਨਾਲ ਮੇਰੀ ਪੱਗ) ਕਿਤੇ ਮੈਲੀ ਨਾ ਹੋ ਜਾਏ, ਪਰ ਕਮਲੀ ਜਿੰਦ ਇਹ ਨਹੀਂ ਜਾਣਦੀ ਕਿ ਮਿੱਟੀ (ਤਾਂ) ਸਿਰ ਨੂੰ ਭੀ ਖਾ ਜਾਂਦੀ ਹੈ। 26।

ਫਰੀਦਾ ਸਕਰ ਖੰਡੁ ਨਿਵਾਤ ਗੁੜੁ ਮਾਖਿਉ ਮਾਂਝਾ ਦੁਧੁ ॥ ਸਭੇ ਵਸਤੂ ਮਿਠੀਆਂ ਰਬ ਨ ਪੁਜਨਿ ਤੁਧੁ ॥੨੭॥ {ਪੰਨਾ 1379}

ਪਦ ਅਰਥ:- ਨਿਵਾਤ—ਮਿਸਰੀ। ਖੰਡੁ—(ਇਹ ਲਫ਼ਜ਼ ਸਦਾ (ੁ) ਅੰਤ ਹੈ। ਵੇਖੋ ਸ਼ਲੋਕ ਨੰ: 37)। ਮਾਖਿਉ—(ਇਸ ਲਫ਼ਜ਼ ਦੇ ਅੱਖਰ 'ਓ' ਨੂੰ ਦੋ ਮਾਤ੍ਰਾਂ ਲੱਗੀਆਂ ਹੋਈਆਂ ਹਨ, (ੋ) ਅਤੇ (ੁ) ਅਸਲ ਲਫ਼ਜ਼ (ੋ) ਨਾਲ ਹੈ 'ਮਾਖਿਓ'। ਪਰ ਇਥੇ ਛੰਦ ਦੀਆਂ ਮਾਤ੍ਰਾਂ ਪੂਰੀਆਂ ਰੱਖਣ ਵਾਸਤੇ ਪੜ੍ਹਨਾ ਹੈ 'ਮਾਖਿਉ'। ਇਸ ਦੋ ਮਾਤ੍ਰਾਂ ਦੀ ਇਕੱਠੀ ਵਰਤੋਂ ਨੂੰ ਵਧੀਕ ਸਮਝਣ ਵਾਸਤੇ ਪੜ੍ਹੋ 'ਗੁਰਬਾਣੀ ਵਿਆਕਰਣ') ਮਾਖਿਓ, ਸ਼ਹਿਦ। ਰਬ—ਹੇ ਰੱਬ! ਹੇ ਪਰਮਾਤਮਾ! ਨ ਪੁਜਨਿ—ਨਹੀਂ ਅੱਪੜਦੀਆਂ। ਤੁਧੁ—ਤੈਨੂੰ।

ਅਰਥ:- ਹੇ ਫਰੀਦ! ਸ਼ੱਕਰ, ਖੰਡ, ਮਿਸਰੀ, ਗੁੜ, ਸ਼ਹਿਦ ਅਤੇ ਮਾਝਾ ਦੁੱਧ—ਇਹ ਸਾਰੀਆਂ ਚੀਜ਼ਾਂ ਮਿੱਠੀਆਂ ਹਨ। ਪਰ, ਹੇ ਰੱਬ! (ਮਿਠਾਸ ਵਿਚ ਇਹ ਚੀਜ਼ਾਂ) ਤੇਰੇ (ਨਾਮ ਦੀ ਮਿਠਾਸ) ਤਕ ਨਹੀਂ ਅੱਪੜ ਸਕਦੀਆਂ। 27।

ਫਰੀਦਾ ਰੋਟੀ ਮੇਰੀ ਕਾਠ ਕੀ ਲਾਵਣੁ ਮੇਰੀ ਭੁਖ ॥ ਜਿਨਾ ਖਾਧੀ ਚੋਪੜੀ ਘਣੇ ਸਹਨਿਗੇ ਦੁਖ ॥੨੮॥ {ਪੰਨਾ 1379}

ਪਦ ਅਰਥ:- ਕਾਠ ਕੀ ਰੋਟੀ—ਕਾਠ ਵਾਂਗ ਸੁੱਕੀ ਰੋਟੀ, ਰੁੱਖੀ-ਮਿੱਸੀ ਰੋਟੀ। ਲਾਵਣੁ—ਭਾਜੀ, ਸਲੂਣਾ। ਘਣੇ—ਬੜੇ। ਚੋਪੜੀ—ਚੰਗੀ-ਚੋਖੀ, ਸੁਆਦਲੀ (ਰੋਟੀ)।

ਅਰਥ:- ਹੇ ਫਰੀਦ! (ਆਪਣੇ ਹੱਥਾਂ ਦੀ ਕਮਾਈ ਹੋਈ) ਮੇਰੀ ਰੁੱਖੀ-ਮਿੱਸੀ (ਭਾਵ, ਸਾਦਾ) ਰੋਟੀ ਹੈ, ਮੇਰੀ ਭੁੱਖ ਹੀ (ਇਸ ਰੋਟੀ ਦੇ ਨਾਲ) ਸਲੂਣਾ ਹੈ। ਜੋ ਲੋਕ ਚੰਗੀ-ਚੋਖੀ ਖਾਂਦੇ ਹਨ, ਉਹ ਬੜੇ ਕਸ਼ਟ ਸਹਿੰਦੇ ਹਨ (ਭਾਵ, ਆਪਣੀ ਕਮਾਈ ਦੀ ਸਾਦਾ ਰੋਟੀ ਚੰਗੀ ਹੈ, ਚਸਕੇ ਮਨੁੱਖ ਨੂੰ ਖ਼ੁਆਰ ਕਰਦੇ ਹਨ)। 28।

ਰੁਖੀ ਸੁਖੀ ਖਾਇ ਕੈ ਠੰਢਾ ਪਾਣੀ ਪੀਉ ॥ ਫਰੀਦਾ ਦੇਖਿ ਪਰਾਈ ਚੋਪੜੀ ਨਾ ਤਰਸਾਏ ਜੀਉ ॥੨੯॥ {ਪੰਨਾ 1379}

ਪਦ ਅਰਥ:- ਦੇਖਿ—ਵੇਖ ਕੇ।

ਅਰਥ:- ਹੇ ਫਰੀਦ! (ਆਪਣੀ ਕਮਾਈ ਦੀ) ਰੁੱਖੀ-ਸੁੱਖੀ ਹੀ ਖਾ ਕੇ ਠੰਢਾ ਪਾਣੀ ਪੀ ਲੈ। ਪਰ ਪਰਾਈ ਸੁਆਦਲੀ ਰੋਟੀ ਵੇਖ ਕੇ ਆਪਣਾ ਮਨ ਨਾਹ ਤਰਸਾਈਂ। 29।

ਨੋਟ:- ਇਹਨਾਂ 3 ਸ਼ਲੋਕਾਂ ਵਿਚ ਫਰੀਦ ਜੀ ਦੱਸਦੇ ਹਨ ਕਿ ਬੰਦਗੀ ਕਰਨ ਵਾਲੇ ਬੰਦੇ ਨੂੰ ਪਰਮਾਤਮਾ ਦਾ ਨਾਮ ਸਭ ਪਦਾਰਥਾਂ ਤੋਂ ਵਧੀਕ ਪਿਆਰਾ ਲੱਗਦਾ ਹੈ। ਉਸ ਦਾ ਜੀਵਨ ਸੰਤੋਖ ਵਾਲਾ ਹੁੰਦਾ ਹੈ। ਆਪਣੀ ਹੱਕ ਦੀ ਕਮਾਈ ਦੇ ਸਾਹਮਣੇ ਉਹ ਬਿਗਾਨੇ ਵਧੀਆ ਤੋਂ ਵਧੀਆ ਪਦਾਰਥਾਂ ਦੀ ਭੀ ਪਰਵਾਹ ਨਹੀਂ ਕਰਦਾ।

ਅਜੁ ਨ ਸੁਤੀ ਕੰਤ ਸਿਉ ਅੰਗੁ ਮੁੜੇ ਮੁੜਿ ਜਾਇ ॥ ਜਾਇ ਪੁਛਹੁ ਡੋਹਾਗਣੀ ਤੁਮ ਕਿਉ ਰੈਣਿ ਵਿਹਾਇ ॥੩੦॥ {ਪੰਨਾ 1379}

ਪਦ ਅਰਥ:- ਸਿਉ—ਨਾਲ। ਅੰਗੁ—ਸਰੀਰ, ਜਿਸਮ। ਮੁੜਿ ਜਾਇ—ਟੁੱਟ ਰਿਹਾ ਹੈ। ਮੁੜੇ ਮੁੜਿ ਜਾਇ—ਮੁੜ ਮੁੜ ਜਾਂਦਾ ਹੈ, ਇਉਂ ਹੈ ਜਿਵੇਂ ਟੁੱਟ ਰਿਹਾ ਹੈ। ਡੋਹਾਗਣੀ—ਦੁਹਾਗਣ, ਛੁੱਟੜ, ਪਤੀ ਤੋਂ ਵਿਛੁੜੀ ਹੋਈ, ਭਾਗ-ਹੀਣ, ਮੰਦ-ਭਾਗਣ। ਜਾਇ—ਜਾ ਕੇ। ਰੈਣਿ—ਰਾਤ (ਭਾਵ, ਸਾਰੀ ਜ਼ਿੰਦਗੀ-ਰੂਪ ਰਾਤ)।

ਅਰਥ:- ਮੈਂ (ਤਾਂ ਕੇਵਲ) ਅੱਜ (ਹੀ) ਪਿਆਰੇ ਨਾਲ ਨਹੀਂ ਸੁੱਤੀ (ਭਾਵ, ਮੈਂ ਤਾਂ ਕੇਵਲ ਅੱਜ ਹੀ ਪਿਆਰੇ ਪਤੀ-ਪਰਮਾਤਮਾ ਵਿਚ ਲੀਨ ਨਹੀਂ ਹੋਈ, ਤੇ ਹੁਣ) ਇਉਂ ਹੈ ਜਿਵੇਂ ਮੇਰਾ ਸਰੀਰ ਟੁੱਟ ਰਿਹਾ ਹੈ। ਜਾ ਕੇ ਛੁੱਟੜਾਂ (ਮੰਦ-ਭਾਗਣਾਂ) ਨੂੰ ਪੁੱਛੋ ਕਿ ਤੁਹਾਡੀ (ਸਦਾ ਹੀ) ਰਾਤ ਕਿਵੇਂ ਬੀਤਦੀ ਹੈ (ਭਾਵ, ਮੈਨੂੰ ਤਾਂ ਅੱਜ ਹੀ ਥੋੜਾ ਚਿਰ ਪ੍ਰਭੂ ਵਿਸਰਿਆ ਹੈ ਤੇ ਮੈਂ ਦੁਖੀ ਹਾਂ। ਜਿਨ੍ਹਾਂ ਕਦੇ ਭੀ ਉਸ ਨੂੰ ਯਾਦ ਨਹੀਂ ਕੀਤਾ, ਉਹਨਾਂ ਦੀ ਤਾਂ ਸਾਰੀ ਉਮਰ ਹੀ ਦੁਖੀ ਗੁਜ਼ਰਦੀ ਹੋਵੇਗੀ)। 90।

ਸਾਹੁਰੈ ਢੋਈ ਨਾ ਲਹੈ ਪੇਈਐ ਨਾਹੀ ਥਾਉ ॥ ਪਿਰੁ ਵਾਤੜੀ ਨ ਪੁਛਈ ਧਨ ਸੋਹਾਗਣਿ ਨਾਉ ॥੩੧॥ {ਪੰਨਾ 1379}

ਪਦ ਅਰਥ:- ਸਾਹੁਰੈ—ਸਹੁਰੇ ਘਰ, ਪਰਲੋਕ ਵਿਚ, ਪ੍ਰਭੂ ਦੀ ਹਜ਼ੂਰੀ ਵਿਚ। ਢੋਈ—ਆਸਰਾ, ਥਾਂ। ਪੇਈਐ—ਪੇਕੇ ਘਰ, ਇਸ ਲੋਕ ਵਿਚ। ਪਿਰੁ—ਖਸਮ-ਪ੍ਰਭੂ। ਵਾਤੜੀ—ਮਾੜੀ ਜਿਹੀ ਭੀ ਵਾਤ। ਧਨ—ਇਸਤ੍ਰੀ।

ਅਰਥ:- ਜਿਸ ਇਸਤ੍ਰੀ ਦੀ ਮਾੜੀ ਜਿਹੀ ਵਾਤ ਭੀ ਪਤੀ ਨਹੀਂ ਪੁੱਛਦਾ, ਉਹ ਆਪਣਾ ਨਾਮ ਬੇਸ਼ੱਕ ਸੁਹਾਗਣ ਰੱਖੀ ਰੱਖੇ, ਪਰ ਉਸ ਨੂੰ ਨਾਹ ਸਹੁਰੇ ਘਰ ਤੇ ਨਾਹ ਹੀ ਪੇਕੇ ਘਰ ਕੋਈ ਥਾਂ ਕੋਈ ਆਸਰਾ ਮਿਲਦਾ ਹੈ (ਭਾਵ, ਪ੍ਰਭੂ ਦੀ ਯਾਦ ਤੋਂ ਖੁੰਝੇ ਹੋਏ ਜੀਵ ਲੋਕ ਪਰਲੋਕ ਦੋਹੀਂ ਥਾਈਂ ਖ਼ੁਆਰ ਹੁੰਦੇ ਹਨ, ਬਾਹਰੋਂ ਬੰਦਗੀ ਵਾਲਾ ਵੇਸ ਸਹੈਤਾ ਨਹੀਂ

ਕਰ ਸਕਦਾ)। 31।

ਸਾਹੁਰੈ ਪੇਈਐ ਕੰਤ ਕੀ ਕੰਤੁ ਅਗੰਮੁ ਅਥਾਹੁ ॥ ਨਾਨਕ ਸੋ ਸੋਹਾਗਣੀ ਜੁ ਭਾਵੈ ਬੇਪਰਵਾਹ ॥੩੨॥ {ਪੰਨਾ 1379}

ਨੋਟ:- ਇਹ ਸ਼ਲੋਕ ਗੁਰੂ ਨਾਨਕ ਦੇਵ ਜੀ ਦਾ ਹੈ, 'ਵਾਰ ਮਾਰੂ ਮ: 3' ਦੀ ਛੇਵੀਂ ਪਉੜੀ ਵਿਚ ਭੀ ਇਹ ਸ਼ਲੋਕ ਦਰਜ ਹੈ, ਕਈ ਲਫ਼ਜ਼ਾਂ ਦਾ ਫ਼ਰਕ ਹੈ, ਓਥੇ ਇਹ ਸ਼ਲੋਕ ਇਉਂ ਹੈ:

ਮ: 1 ॥ ਸਸੁਰੈ ਪੇਈਐ ਕੰਤ ਕੀ, ਕੰਤੁ ਅਗੰਮੁ ਅਥਾਹੁ ॥ ਨਾਨਕ ਧੰਨੁ ਸੁੋਹਾਗਣੀ ਜੋ ਭਾਵਹਿ ਵੇਪਰਵਾਹੁ ॥2॥6॥

ਫਰੀਦ ਜੀ ਨੇ ਸ਼ਲੋਕ ਨੰ: 31 ਵਿਚ ਦੱਸਿਆ ਹੈ ਕਿ ਜੇ ਖਸਮ ਕਦੇ ਖ਼ਬਰ ਹੀ ਨਾਹ ਪੁੱਛੇ ਤਾਂ ਨਿਰਾ ਨਾਮ ਹੀ 'ਸੋਹਾਗਣ' ਰੱਖ ਲੈਣਾ ਕਿਸੇ ਕੰਮ ਨਹੀਂ। ਗੁਰੂ ਨਾਨਕ ਦੇਵ ਜੀ ਨੇ 'ਸੋਹਾਗਣ' ਦਾ ਅਸਲ ਲੱਛਣ ਭੀ ਇਸ ਸ਼ਲੋਕ ਵਿਚ ਦੱਸ ਕੇ ਫਰੀਦ ਜੀ ਦੇ ਸ਼ਲੋਕ ਦੀ ਹੋਰ ਵਿਆਖਿਆ ਕਰ ਦਿੱਤੀ ਹੈ।

ਪਦ ਅਰਥ:- ਅਗੰਮੁ—ਪਹੁੰਚ ਤੋਂ ਪਰੇ। ਅਥਾਹੁ—ਡੂੰਘਾ, ਅਗਾਧ। ਬੇਪਰਵਾਹ ਭਾਵੈ—ਬੇ-ਪਰਵਾਹ ਨੂੰ ਪਿਆਰੀ ਲੱਗਦੀ ਹੈ।

ਅਰਥ:- ਹੇ ਨਾਨਕ! ਖਸਮ ਪਰਮਾਤਮਾ ਜੀਵਾਂ ਦੀ ਪਹੁੰਚ ਤੋਂ ਪਰੇ ਹੈ, ਤੇ ਬਹੁਤ ਡੂੰਘਾ ਹੈ (ਭਾਵ, ਉਹ ਇਤਨਾ ਜਿਗਰੇ ਵਾਲਾ ਹੈ ਕਿ ਭੁੱਲੜਾਂ ਉੱਤੇ ਭੀ ਗੁੱਸੇ ਨਹੀਂ ਹੁੰਦਾ; ਪਰ) ਸੋਹਾਗਣ (ਜੀਵ-ਇਸਤ੍ਰੀ) ਉਹੀ ਹੈ ਜੋ ਉਸ ਬੇ-ਪਰਵਾਹ ਪ੍ਰਭੂ ਨੂੰ ਪਿਆਰੀ ਲੱਗਦੀ ਹੈ, ਜੋ ਇਸ ਲੋਕ ਤੇ ਪਰਲੋਕ ਵਿਚ ਉਸ ਖਸਮ ਦੀ ਬਣ ਕੇ ਰਹਿੰਦੀ ਹੈ। 32।

ਨਾਤੀ ਧੋਤੀ ਸੰਬਹੀ ਸੁਤੀ ਆਇ ਨਚਿੰਦੁ ॥ ਫਰੀਦਾ ਰਹੀ ਸੁ ਬੇੜੀ ਹਿੰਙੁ ਦੀ ਗਈ ਕਥੂਰੀ ਗੰਧੁ ॥੩੩॥ {ਪੰਨਾ 1379}

ਪਦ ਅਰਥ:- ਸੰਬਹੀ—ਸਜੀ ਹੋਈ, ਫਬੀ ਹੋਈ। ਨਚਿੰਦੁ—ਬੇ-ਫ਼ਿਕਰ। ਬੇੜੀ—ਵੇੜ੍ਹੀ ਹੋਈ, ਲਿੱਬੜੀ ਹੋਈ। ਕਥੂਰੀ—ਕਸਤੂਰੀ। ਗੰਧੁ—ਸੁਗੰਧੀ, ਖ਼ੁਸ਼ਬੋ।

ਅਰਥ:- (ਜੋ ਜੀਵ-ਇਸਤ੍ਰੀ) ਨ੍ਹਾ ਧੋ ਕੇ (ਪਤੀ ਮਿਲਣ ਦੀ ਆਸ ਵਿਚ) ਤਿਆਰ ਹੋ ਬੈਠੀ, (ਪਰ ਫਿਰ) ਬੇ-ਫ਼ਿਕਰ ਹੋ ਕੇ ਸਉਂ ਗਈ, ਹੇ ਫਰੀਦ! ਉਸ ਦੀ ਕਸਤੂਰੀ ਵਾਲੀ ਸੁਗੰਧੀ ਤਾਂ ਉੱਡ ਗਈ, ਉਹ ਹਿੰਙ ਦੀ (ਬੋ ਨਾਲ) ਭਰੀ ਰਹਿ ਗਈ (ਭਾਵ, ਜੇ ਬਾਹਰਲੇ ਧਾਰਮਿਕ ਸਾਧਨ ਕਰ ਲਏ, ਪਰ ਸਿਮਰਨ ਤੋਂ ਖੁੰਝੇ ਰਹੇ ਤਾਂ ਭਲੇ ਗੁਣ ਸਭ ਦੂਰ ਹੋ ਜਾਂਦੇ ਹਨ, ਤੇ ਪੱਲੇ ਅਉਗਣ ਹੀ ਰਹਿ ਜਾਂਦੇ ਹਨ)। 33।

ਜੋਬਨ ਜਾਂਦੇ ਨਾ ਡਰਾਂ ਜੇ ਸਹ ਪ੍ਰੀਤਿ ਨ ਜਾਇ ॥ ਫਰੀਦਾ ਕਿਤੀ ਜੋਬਨ ਪ੍ਰੀਤਿ ਬਿਨੁ ਸੁਕਿ ਗਏ ਕੁਮਲਾਇ ॥੩੪॥ {ਪੰਨਾ 1379}

ਪਦ ਅਰਥ:- ਸਹੁ—ਖਸਮ। ਸਹ ਪ੍ਰੀਤਿ—ਖਸਮ ਦਾ ਪਿਆਰ। (ਨੋਟ:- ਲਫ਼ਜ਼ 'ਸਹੁ' ਅਤੇ 'ਸਹ' ਦੇ 'ਜੋੜ', 'ਉੱਚਾਰਨ' ਅਤੇ 'ਅਰਥ' ਦੇ ਫ਼ਰਕ ਨੂੰ ਪਾਠਕ ਜਨ ਧਿਆਨ ਨਾਲ ਵੇਖ ਲੈਣ)। ਕਿਤੀ—ਕਿਤਨੇ ਹੀ।

ਅਰਥ:- ਜੇ ਖਸਮ (ਪ੍ਰਭੂ) ਨਾਲ ਮੇਰੀ ਪ੍ਰੀਤ ਨਾਹ ਟੁੱਟੇ ਤਾਂ ਮੈਨੂੰ ਜੁਆਨੀ ਦੇ (ਗੁਜ਼ਰ) ਜਾਣ ਦਾ ਡਰ ਨਹੀਂ ਹੈ। ਹੇ ਫਰੀਦ! (ਪ੍ਰਭੂ ਦੀ) ਪ੍ਰੀਤਿ ਤੋਂ ਸੱਖਣੇ ਕਿਤਨੇ ਹੀ ਜੋਬਨ ਕੁਮਲਾ ਕੇ ਸੁੱਕ ਗਏ (ਭਾਵ, ਜੇ ਪ੍ਰਭੂ-ਚਰਨਾਂ ਨਾਲ ਪਿਆਰ ਨਹੀਂ ਬਣਿਆ ਤਾਂ ਮਨੁੱਖਾ ਜੀਵਨ ਦਾ ਜੋਬਨ ਵਿਅਰਥ ਹੀ ਗਿਆ)। 34।

ਫਰੀਦਾ ਚਿੰਤ ਖਟੋਲਾ ਵਾਣੁ ਦੁਖੁ ਬਿਰਹਿ ਵਿਛਾਵਣ ਲੇਫੁ ॥ ਏਹੁ ਹਮਾਰਾ ਜੀਵਣਾ ਤੂ ਸਾਹਿਬ ਸਚੇ ਵੇਖੁ ॥੩੫॥ {ਪੰਨਾ 1379}

ਪਦ ਅਰਥ:- ਚਿੰਤ—ਚਿੰਤਾ। ਖਟੋਲਾ—ਨਿੱਕੀ ਜਿਹੀ ਖਾਟ, ਨਿੱਕੀ ਜਿਹੀ ਮੰਜੀ। ਬਿਰਹ—ਵਿਛੋੜਾ। ਬਿਰਹਿ—ਵਿਛੋੜੇ ਵਿਚ (ਤੜਪਣਾ)। ਵਿਛਾਵਣ—ਤੁਲਾਈ। ਸਾਹਿਬ—ਹੇ ਸਾਹਿਬ!

ਅਰਥ:- ਹੇ ਫਰੀਦ! (ਪ੍ਰਭੂ ਦੀ ਯਾਦ ਭੁਲਾ ਕੇ) ਚਿੰਤਾ (ਅਸਾਡੀ) ਨਿੱਕੀ ਜਿਹੀ ਮੰਜੀ (ਬਣੀ ਹੋਈ ਹੈ), ਦੁੱਖ (ਉਸ ਮੰਜੇ ਦਾ) ਵਾਣ ਹੈ ਅਤੇ ਵਿਛੋੜੇ ਦੇ ਕਾਰਣ (ਦੁੱਖ ਦੀ) ਤੁਲਾਈ ਤੇ ਲੇਫ਼ ਹੈ। ਹੇ ਸੱਚੇ ਮਾਲਿਕ! ਵੇਖ, (ਤੈਥੋਂ ਵਿਛੁੜ ਕੇ) ਇਹ ਹੈ ਅਸਾਡਾ ਜੀਊਣ (ਦਾ ਹਾਲ)। 35।

ਬਿਰਹਾ ਬਿਰਹਾ ਆਖੀਐ ਬਿਰਹਾ ਤੂ ਸੁਲਤਾਨੁ ॥ ਫਰੀਦਾ ਜਿਤੁ ਤਨਿ ਬਿਰਹੁ ਨ ਊਪਜੈ ਸੋ ਤਨੁ ਜਾਣੁ ਮਸਾਨੁ ॥੩੬॥ {ਪੰਨਾ 1379}

ਪਦ ਅਰਥ:- ਬਿਰਹਾ—ਵਿਛੋੜਾ। ਆਖੀਐ—ਆਖਿਆ ਜਾਂਦਾ ਹੈ। ਸੁਲਤਾਨੁ—ਰਾਜਾ। ਜਿਤੁ ਤਨਿ—ਜਿਸ ਤਨ ਵਿਚ। ਬਿਰਹੁ—ਵਿਛੋੜਾ, ਵਿਛੋੜੇ ਦੀ ਸੂਝ। ਮਸਾਨੁ—ਮੁਰਦੇ ਸਾੜਨ ਦੀ ਥਾਂ। ਜਿਤੁ—ਜਿਸ ਵਿਚ। ਤਨਿ—ਤਨ ਵਿਚ।

ਅਰਥ:- ਹਰ ਕੋਈ ਆਖਦਾ ਹੈ (ਹਾਇ!) ਵਿਛੋੜਾ (ਬੁਰਾ) (ਹਾਇ!) ਵਿਛੋੜਾ (ਬੁਰਾ)। ਪਰ ਹੇ ਵਿਛੋੜੇ! ਤੂੰ ਪਾਤਸ਼ਾਹ ਹੈਂ (ਭਾਵ, ਤੈਨੂੰ ਮੈਂ ਸਲਾਮ ਕਰਦਾ ਹਾਂ, ਕਿਉਂਕਿ), ਹੇ ਫਰੀਦ! ਜਿਸ ਸਰੀਰ ਵਿਚ ਵਿਛੋੜੇ ਦਾ ਸੱਲ ਨਹੀਂ ਪੈਦਾ ਹੁੰਦਾ (ਭਾਵ, ਜਿਸ ਮਨੁੱਖ ਨੂੰ ਕਦੇ ਇਹ ਚੋਭ ਨਹੀਂ ਵੱਜੀ ਕਿ ਮੈਂ ਪ੍ਰਭੂ ਤੋਂ ਵਿਛੁੜਿਆ ਹੋਇਆ ਹਾਂ) ਉਸ ਸਰੀਰ ਨੂੰ ਮਸਾਣ ਸਮਝੋ (ਭਾਵ, ਉਸ ਸਰੀਰ ਵਿਚ ਰਹਿਣ ਵਾਲੀ ਰੂਹ ਵਿਕਾਰਾਂ ਵਿਚ ਸੜ ਰਹੀ ਹੈ)। 36।

ਸਲੋਕ ਨੰ: 37 ਤੋਂ 65 ਤਕ:

ਫਰੀਦਾ ਏ ਵਿਸੁ ਗੰਦਲਾ ਧਰੀਆਂ ਖੰਡੁ ਲਿ ਵਾੜਿ ॥ ਇਕਿ ਰਾਹੇਦੇ ਰਹਿ ਗਏ ਇਕਿ ਰਾਧੀ ਗਏ ਉਜਾੜਿ ॥੩੭॥ {ਪੰਨਾ 1379}

ਪਦ ਅਰਥ:- ਏ—ਇਹ ਦੁਨੀਆ ਦੇ ਪਦਾਰਥ। ਵਿਸੁ—ਜ਼ਹਿਰ। ਖੰਡੁ ਲਿਵਾੜਿ—ਖੰਡ ਨਾਲ ਗਲੇਫ਼ ਕੇ। ਇਕਿ—ਕਈ ਜੀਵ। ਰਾਹੇਦੇ—ਬੀਜਦੇ। ਰਹਿ ਗਏ—ਥੱਕ ਗਏ, ਮੁੱਕ ਗਏ, ਮਰ ਗਏ। ਰਾਧੀ—ਬੀਜੀ ਹੋਈ। ਉਜਾੜਿ—ਉਜਾੜ ਕੇ, ਨਿਖਸਮੀ ਛੱਡ ਕੇ।

ਅਰਥ:- ਹੇ ਫਰੀਦ! ਇਹ ਦੁਨੀਆ ਦੇ ਪਦਾਰਥ (ਮਾਨੋ,) ਜ਼ਹਿਰ-ਭਰੀਆਂ ਗੰਦਲਾਂ ਹਨ, ਜੋ ਖੰਡ ਨਾਲ ਗਲੇਫ਼ ਰੱਖੀਆਂ ਹਨ। ਇਹਨਾਂ ਗੰਦਲਾਂ ਨੂੰ ਕਈ ਬੀਜਦੇ ਹੀ ਮਰ ਗਏ ਤੇ, ਬੀਜੀਆਂ ਨੂੰ (ਵਿਚੇ ਹੀ) ਛੱਡ ਗਏ। 37।

ਫਰੀਦਾ ਚਾਰਿ ਗਵਾਇਆ ਹੰਢਿ ਕੈ ਚਾਰਿ ਗਵਾਇਆ ਸੰਮਿ ॥ ਲੇਖਾ ਰਬੁ ਮੰਗੇਸੀਆ ਤੂ ਆਂਹੋ ਕੇਰ੍ਹੇ ਕੰਮਿ ॥੩੮॥ {ਪੰਨਾ 1379}

ਪਦ ਅਰਥ:- ਹੰਢਿ ਕੈ—ਭਉਂ ਕੇ, ਭਟਕ ਕੇ, ਦੌੜ-ਭੱਜ ਕੇ। ਸੰਮਿ—ਸਉਂ ਕੇ। ਮੰਗੇਸੀਆ—ਮੰਗੇਗਾ। ਆਂਹੋ—ਆਇਆ ਸੈਂ। ਕੇਰ੍ਹੇ ਕੰਮਿ—ਕਿਸ ਕੰਮ ਲਈ? (ਅੱਖਰ 'ਰ' ਦੇ ਹੇਠ 'ਹ' ਹੈ)।

ਅਰਥ:- ਹੇ ਫਰੀਦ! (ਇਹਨਾਂ 'ਵਿਸੁ-ਗੰਦਲਾਂ' ਲਈ, ਦੁਨੀਆ ਦੇ ਇਹਨਾਂ ਪਦਾਰਥਾਂ ਲਈ) ਚਾਰ (ਪਹਿਰ ਦਿਨ) ਤੂੰ ਦੌੜ-ਭੱਜ ਕੇ ਵਿਅਰਥ ਗੁਜ਼ਾਰ ਦਿੱਤਾ ਹੈ, ਤੇ ਚਾਰ (ਪਹਿਰ ਰਾਤਿ) ਸਉਂ ਕੇ ਗਵਾ ਦਿੱਤੀ ਹੈ। ਪਰਮਾਤਮਾ ਹਿਸਾਬ ਮੰਗੇਗਾ ਕਿ (ਜਗਤ ਵਿਚ) ਤੂੰ ਕਿਸ ਕੰਮ ਆਇਆ ਸੈਂ। 38।

ਫਰੀਦਾ ਦਰਿ ਦਰਵਾਜੈ ਜਾਇ ਕੈ ਕਿਉ ਡਿਠੋ ਘੜੀਆਲੁ ॥ ਏਹੁ ਨਿਦੋਸਾਂ ਮਾਰੀਐ ਹਮ ਦੋਸਾਂ ਦਾ ਕਿਆ ਹਾਲੁ ॥੩੯॥ {ਪੰਨਾ 1379}

ਪਦ ਅਰਥ:- ਦਰਿ—ਦਰ ਤੇ, ਬੂਹੇ ਤੇ। ਦਰਵਾਜੈ—ਦਰਵਾਜ਼ੇ ਤੇ। ਜਾਇ ਕੈ—ਜਾ ਕੇ। ਕਿਉਂ—ਕੀ? ਨਿਦੋਸਾ—ਬੇ-ਦੋਸਾ। ਮਾਰੀਐ—ਮਾਰ ਖਾਂਦਾ ਹੈ।

ਅਰਥ:- ਹੇ ਫਰੀਦ! ਕੀ (ਕਿਸੇ) ਬੂਹੇ ਤੇ (ਕਿਸੇ) ਦਰਵਾਜ਼ੇ ਤੇ ਜਾ ਕੇ (ਕਦੇ) ਘੜੀਆਲ (ਵੱਜਦਾ) ਵੇਖਿਆ ਈ? ਇਹ (ਘੜਿਆਲ) ਬੇ-ਦੋਸਾ (ਹੀ) ਮਾਰ ਖਾਂਦਾ ਹੈ, (ਭਲਾ) ਅਸਾਡਾ ਦੋਸੀਆਂ ਦਾ ਕੀਹ ਹਾਲ?। 39।

ਘੜੀਏ ਘੜੀਏ ਮਾਰੀਐ ਪਹਰੀ ਲਹੈ ਸਜਾਇ ॥ ਸੋ ਹੇੜਾ ਘੜੀਆਲ ਜਿਉ ਡੁਖੀ ਰੈਣਿ ਵਿਹਾਇ ॥੪੦॥ {ਪੰਨਾ 1379}

ਪਦ ਅਰਥ:- ਘੜੀਏ ਘੜੀਏ—ਘੜੀ ਘੜੀ ਪਿੱਛੋਂ। ਪਹਰੀ—ਹਰੇਕ ਪਹਿਰ ਮਗਰੋਂ। ਸਜਾਇ—ਦੰਡ, ਕੁੱਟ। ਹੇੜਾ—ਸਰੀਰ। ਸਿਉ—ਵਾਂਗ। ਰੈਣਿ—(ਜ਼ਿੰਦਗੀ ਦੀ) ਰਾਤਿ। ਵਿਹਾਇ—ਗੁਜ਼ਰਦੀ ਹੈ, ਬੀਤਦੀ ਹੈ।

ਅਰਥ:- (ਘੜੀਆਲ ਨੂੰ) ਹਰੇਕ ਘੜੀ ਪਿਛੋਂ ਮਾਰ ਪੈਂਦੀ ਹੈ, ਹਰੇਕ ਪਹਿਰ ਮਗਰੋਂ (ਇਹ) ਕੁੱਟ ਖਾਂਦਾ ਹੈ। ਘੜੀਆਲ ਵਾਂਗ ਹੀ ਹੈ ਉਹ ਸਰੀਰ (ਜਿਸ ਨੇ 'ਵਿਸੁ ਗੰਦਲਾਂ' ਦੀ ਖ਼ਾਤਰ ਹੀ ਉਮਰ ਗੁਜ਼ਾਰ ਦਿੱਤੀ)। ਉਸ ਦੀ (ਜ਼ਿੰਦਗੀ-ਰੂਪ) ਰਾਤਿ ਦੁੱਖਾਂ ਵਿਚ ਹੀ ਬੀਤਦੀ ਹੈ। 40।

ਬੁਢਾ ਹੋਆ ਸੇਖ ਫਰੀਦੁ ਕੰਬਣਿ ਲਗੀ ਦੇਹ ॥ ਜੇ ਸਉ ਵਰ੍ਹਿਆ ਜੀਵਣਾ ਭੀ ਤਨੁ ਹੋਸੀ ਖੇਹ ॥੪੧॥ {ਪੰਨਾ 1380}

ਪਦ ਅਰਥ:- ਦੇਹ—ਸਰੀਰ। ਖੇਹ—ਸੁਆਹ, ਮਿੱਟੀ। ਹੋਸੀ—ਹੋ ਜਾਇਗਾ।

ਅਰਥ:- ('ਵਿਸੁ ਗੰਦਲਾਂ' ਪਿੱਛੇ ਦੌੜ ਦੌੜ ਕੇ ਹੀ) ਸ਼ੇਖ਼ ਫਰੀਦ (ਹੁਣ) ਬੁੱਢਾ ਹੋ ਗਿਆ ਹੈ, ਸਰੀਰ ਕੰਬਣ ਲੱਗ ਪਿਆ ਹੈ। ਜੇ ਸਉ ਵਰ੍ਹੇ ਭੀ ਜੀਊਣਾ ਮਿਲ ਜਾਏ, ਤਾਂ ਭੀ (ਅੰਤ ਨੂੰ) ਸਰੀਰ ਮਿੱਟੀ ਹੋ ਜਾਇਗਾ (ਤੇ ਇਹਨਾਂ 'ਵਿਸੁ ਗੰਦਲਾਂ' ਤੋਂ ਸਾਥ ਟੁੱਟ ਜਾਇਗਾ)। 41।

ਫਰੀਦਾ ਬਾਰਿ ਪਰਾਇਐ ਬੈਸਣਾ ਸਾਂਈ ਮੁਝੈ ਨ ਦੇਹਿ ॥ ਜੇ ਤੂ ਏਵੈ ਰਖਸੀ ਜੀਉ ਸਰੀਰਹੁ ਲੇਹਿ ॥੪੨॥ {ਪੰਨਾ 1380}

ਪਦ ਅਰਥ:- ਬਾਰਿ—ਬੂਹੇ ਤੇ। ਬਾਰਿ ਪਰਾਇਐ—ਪਰਾਏ ਬੂਹੇ ਤੇ। ਬੈਸਣਾ—ਬੈਠਣਾ। ਸਾਂਈ—ਹੇ ਸਾਂਈ! ਏਵੈ—ਇਸੇ ਤਰ੍ਹਾਂ, (ਭਾਵ, ਦੂਜਿਆਂ ਦੇ ਬੂਹੇ ਤੇ)। ਸਰੀਰਹੁ—ਸਰੀਰ ਵਿਚੋਂ। ਜੀਉ—ਜਿੰਦ।

ਅਰਥ:- ਹੇ ਫਰੀਦ! (ਆਖ—) ਹੇ ਸਾਂਈ! (ਇਹਨਾਂ ਦੁਨੀਆ ਦੇ ਪਦਾਰਥਾਂ ਦੀ ਖ਼ਾਤਰ) ਮੈਨੂੰ ਪਰਾਏ ਬੂਹੇ ਤੇ ਬੈਠਣ ਨਾਹ ਦੇਈਂ। ਪਰ ਜੇ ਤੂੰ ਇਸੇ ਤਰ੍ਹਾਂ ਰੱਖਣਾ ਹੈ (ਭਾਵ, ਜੇ ਤੂੰ ਮੈਨੂੰ ਦੂਜਿਆਂ ਦਾ ਮੁਥਾਜ ਬਣਾਣਾ ਹੈ) ਤਾਂ ਮੇਰੇ ਸਰੀਰ ਵਿਚੋਂ ਜਿੰਦ ਕੱਢ ਲੈ। 82।

ਕੰਧਿ ਕੁਹਾੜਾ ਸਿਰਿ ਘੜਾ ਵਣਿ ਕੈ ਸਰੁ ਲੋਹਾਰੁ ॥ ਫਰੀਦਾ ਹਉ ਲੋੜੀ ਸਹੁ ਆਪਣਾ ਤੂ ਲੋੜਹਿ ਅੰਗਿਆਰ ॥੪੩॥ {ਪੰਨਾ 1380}

ਪਦ ਅਰਥ:- ਕੰਧਿ—ਕੰਧੇ ਉਤੇ, ਮੋਢੇ ਉਤੇ। ਸਿਰਿ—ਸਿਰ ਉਤੇ। ਵਣਿ—ਵਣ ਵਿਚ, ਜੰਗਲ ਵਿਚ। ਕੈਸਰੁ—ਬਾਦਸ਼ਾਹ। ਹਉ—ਮੈਂ। ਸਹੁ—ਖਸਮ। ਲੋੜੀ—ਮੈਂ ਲੱਭਦਾ ਹਾਂ, ਲੋੜੀਂ। ਅੰਗਿਆਰ—ਕੋਲੇ।

ਅਰਥ:- ਮੋਢੇ ਉੱਤੇ ਕੁਹਾੜਾ ਤੇ ਸਿਰ ਉਤੇ ਘੜਾ (ਰੱਖੀ) ਲੋਹਾਰ ਜੰਗਲ ਵਿਚ ਬਾਦਸ਼ਾਹ (ਬਣਿਆ ਹੁੰਦਾ) ਹੈ (ਕਿਉਂਕਿ ਜਿਸ ਰੁੱਖ ਤੇ ਚਾਹੇ ਕੁਹਾੜਾ ਚਲਾ ਸਕਦਾ ਹੈ) (ਇਸੇ ਤਰ੍ਹਾਂ ਮਨੁੱਖ ਜਗਤ-ਰੂਪ ਜੰਗਲ ਵਿਚ ਸਰਦਾਰ ਹੈ)। ਹੇ ਫਰੀਦ! (ਆਖ—) ਮੈਂ ਤਾਂ (ਇਸ ਜਗਤ-ਰੂਪ ਜੰਗਲ ਵਿਚ) ਆਪਣੇ ਮਾਲਕ-ਪ੍ਰਭੂ ਨੂੰ ਲੱਭ ਰਿਹਾ ਹਾਂ, ਤੇ,

ਤੂੰ, (ਹੇ ਜੀਵ! ਲੋਹਾਰ ਵਾਂਗ) ਕੋਲੇ ਲੱਭ ਰਿਹਾ ਹੈਂ (ਭਾਵ, 'ਵਿਸੁ ਗੰਦਲਾਂ'-ਰੂਪ ਕੋਲੇ ਲੱਭਦਾ ਹੈਂ)। 43।

ਫਰੀਦਾ ਇਕਨਾ ਆਟਾ ਅਗਲਾ ਇਕਨਾ ਨਾਹੀ ਲੋਣੁ ॥ ਅਗੈ ਗਏ ਸਿੰਞਾਪਸਨਿ ਚੋਟਾਂ ਖਾਸੀ ਕਉਣੁ ॥੪੪॥ {ਪੰਨਾ 1380}

ਪਦ ਅਰਥ:- ਅਗਲਾ—ਬਹੁਤਾ। ਲੋਣੁ—ਲੂਣ। ਅਗੈ—ਪਰਲੋਕ ਵਿਚ। ਸਿੰਞਾਪਸਨ੍ਹਿ—ਪਛਾਣੇ ਜਾਣਗੇ।

ਨੋਟ:- ਅੱਖਰ 'ਨ੍ਹਿ' ਦੇ ਅੰਤ ਵਿਚ ਅੱਧਾ ਅੱਖਰ 'ਹ' ਹੈ। ਖਾਸੀ—ਖਾਏਗਾ।

ਅਰਥ:- ਹੇ ਫਰੀਦ! ਕਈ ਬੰਦਿਆਂ ਪਾਸ ਆਟਾ ਬਹੁਤ ਹੈ ('ਵਿਸੁ ਗੰਦਲਾਂ' ਬਹੁਤ ਹਨ, ਦੁਨੀਆ ਦੇ ਪਦਾਰਥ ਬਹੁਤ ਹਨ), ਇਕਨਾਂ ਪਾਸ (ਇਤਨਾ ਭੀ) ਨਹੀਂ ਜਿਤਨਾ (ਆਟੇ ਵਿਚ) ਲੂਣ (ਪਾਈਦਾ) ਹੈ। (ਮਨੁੱਖੀ ਜੀਵਨ ਦੀ ਸਫਲਤਾ ਦਾ ਮਾਪ ਇਹ 'ਵਿਸੁ ਗੰਦਲਾਂ' ਨਹੀਂ), ਅੱਗੇ ਜਾ ਕੇ (ਅਮਲਾਂ ਉੱਤੇ) ਪਛਾਣ ਹੋਵੇਗੀ ਕਿ ਮਾਰ ਕਿਸ ਨੂੰ ਪੈਂਦੀ ਹੈ। 44।

ਪਾਸਿ ਦਮਾਮੇ ਛਤੁ ਸਿਰਿ ਭੇਰੀ ਸਡੋ ਰਡ ॥ ਜਾਇ ਸੁਤੇ ਜੀਰਾਣ ਮਹਿ ਥੀਏ ਅਤੀਮਾ ਗਡ ॥ ੪੫॥ {ਪੰਨਾ 1380}

ਪਦ ਅਰਥ:- ਪਾਸਿ—ਕੋਲ (ਜਿਨ੍ਹਾਂ ਦੇ)। ਦਮਾਮੇ—ਧੌਂਸੇ। ਛਤੁ—ਛਤਰ। ਸਿਰਿ—ਸਿਰ ਉਤੇ (ਵੇਖੋ ਸ਼ਲੋਕ ਨੰ: 43)। ਭੇਰੀ—ਤੂਤੀਆਂ। ਸਡੋ—ਸੱਦ। ਰਡ—ਇਕ 'ਛੰਦ' ਦਾ ਨਾਮ ਹੈ ਜੋ ਉਸਤਤੀ ਵਾਸਤੇ ਵਰਤਿਆ ਜਾਂਦਾ ਹੈ (ਵੇਖੋ, ਸਵਈਏ ਮਹਲੇ ਚਉਥੇ ਕੇ, ਭੱਟ ਨਲ੍ਯ, ਛੰਦ ਨੰ: 1॥5॥ ਤੋਂ 8॥12)। ਜੀਰਾਣ—ਮਸਾਣ। ਅਤੀਮ—ਯਤੀਮ, ਮਹਿੱਟਰ। ਗਡ ਥੀਏ—ਰਲ ਗਏ।

ਅਰਥ:- (ਇਹਨਾਂ 'ਵਿਸੁ ਗੰਦਲਾਂ' ਦਾ ਕੀਹ ਮਾਣ?) (ਜਿਨ੍ਹਾਂ ਲੋਕਾਂ ਦੇ) ਪਾਸ ਧੌਂਸੇ (ਵੱਜਦੇ ਸਨ), ਸਿਰ ਉੱਤੇ ਛਤਰ (ਝੁਲਦੇ ਸਨ), ਤੂਤੀਆਂ (ਵੱਜਦੀਆਂ ਸਨ) ਉਸਤਤੀ ਦੇ ਛੰਦ (ਗਾਂਵੇ ਜਾਂਦੇ ਸਨ), ਉਹ ਭੀ ਆਖ਼ਰ ਮਸਾਣਾਂ ਵਿਚ ਜਾ ਸੁੱਤੇ, ਤੇ ਯਤੀਮਾਂ ਨਾਲ ਜਾ ਰਲੇ (ਭਾਵ, ਯਤੀਮਾਂ ਵਰਗੇ ਹੀ ਹੋ ਗਏ)। 45।

ਫਰੀਦਾ ਕੋਠੇ ਮੰਡਪ ਮਾੜੀਆ ਉਸਾਰੇਦੇ ਭੀ ਗਏ ॥ ਕੂੜਾ ਸਉਦਾ ਕਰਿ ਗਏ ਗੋਰੀ ਆਇ ਪਏ ॥੪੬॥ {ਪੰਨਾ 1380}

ਪਦ ਅਰਥ:- ਮੰਡਪ—ਸ਼ਾਮੀਆਨੇ। ਮਾੜੀਆ—ਚੁਬਾਰਿਆਂ ਵਾਲੇ ਮਹਲ। ਕੂੜਾ—ਸੰਗ ਨਾਹ ਨਿਭਣ ਵਾਲਾ। ਗੋਰੀ—ਗੋਰੀਂ, ਕਬਰਾਂ ਵਿਚ।

ਅਰਥ:- ਹੇ ਫਰੀਦ! ('ਵਿਸੁ ਗੰਦਲਾਂ' ਦੇ ਵਪਾਰੀਆਂ ਵਲ ਤੱਕ!) ਘਰ ਮਹਲ ਮਾੜੀਆਂ ਉਸਾਰਨ ਵਾਲੇ ਭੀ (ਇਹਨਾਂ ਨੂੰ ਛੱਡ ਕੇ) ਚਲੇ ਗਏ। ਉਹੋ ਹੀ ਸਉਦਾ ਕੀਤੋ ਨੇ, ਜੋ ਨਾਲ ਨਾਹ ਨਿਭਿਆ ਤੇ (ਅੰਤ ਖ਼ਾਲੀ ਹੱਥ) ਕਬਰੀਂ ਜਾ ਪਏ। 46।

ਫਰੀਦਾ ਖਿੰਥੜਿ ਮੇਖਾ ਅਗਲੀਆ ਜਿੰਦੁ ਨ ਕਾਈ ਮੇਖ ॥ ਵਾਰੀ ਆਪੋ ਆਪਣੀ ਚਲੇ ਮਸਾਇਕ ਸੇਖ ॥੪੭॥ {ਪੰਨਾ 1380}

ਪਦ ਅਰਥ:- ਖਿੰਥੜਿ—ਗੋਦੜੀ। ਮੇਖਾ—ਟਾਂਕੇ, ਤ੍ਰੋਪੇ, ਮੇਖਾਂ। ਅਗਲੀਆ—ਬਹੁਤ (ਵੇਖੋ ਸ਼ਲੋਕ ਨੰ: 44, 'ਅਗਲਾ')। ਜਿੰਦੁ—(ਇਹ ਲਫ਼ਜ਼ ਸਦਾ (ੁ)-ਅੰਤ ਹੁੰਦਾ ਹੈ, ਵੇਖੋ 'ਗੁਰਬਾਣੀ ਵਿਆਕਰਣ')। ਮਸਾਇਕ—(ਲਫ਼ਜ਼ 'ਸ਼ੇਖ' ਦਾ 'ਬਹੁ-ਵਚਨ') ਕਈ ਸ਼ੇਖ਼।

ਅਰਥ:- ਹੇ ਫਰੀਦ! ਇਹ 'ਵਿਸੁ ਗੰਦਲਾਂ' ਤਾਂ ਕਿਤੇ ਰਹੀਆਂ, ਇਸ ਆਪਣੀ ਜਿੰਦ ਦੀ ਭੀ ਕੋਈ ਪਾਂਇਆਂ ਨਹੀਂ।

(ਇਸ ਨਾਲੋਂ ਤਾਂ ਨਕਾਰੀ ਗੋਦੜੀ ਦਾ ਹੀ ਵਧੀਕ ਇਤਬਾਰ ਹੋ ਸਕਦਾ ਹੈ, ਕਿਉਂਕਿ) ਗੋਦੜੀ ਨੂੰ ਕਈ ਟਾਂਕੇ ਲੱਗੇ ਹੋਏ ਹਨ, ਪਰ ਜਿੰਦ ਨੂੰ ਇੱਕ ਭੀ ਟਾਂਕਾ ਨਹੀਂ (ਕੀਹ ਪਤਾ, ਕੇਹੜੇ ਵੇਲੇ ਸਰੀਰ ਨਾਲੋਂ ਵੱਖ ਹੋ ਜਾਏ?) ਵੱਡੇ ਵੱਡੇ ਅਖਵਾਣ ਵਾਲੇ ਸ਼ੇਖ਼ ਆਦਿਕ ਸਭ ਆਪੋ ਆਪਣੀ ਵਾਰੀ ਇਥੋਂ ਤੁਰ ਗਏ। 47।

ਫਰੀਦਾ ਦੁਹੁ ਦੀਵੀ ਬਲੰਦਿਆ ਮਲਕੁ ਬਹਿਠਾ ਆਇ ॥ ਗੜੁ ਲੀਤਾ ਘਟੁ ਲੁਟਿਆ ਦੀਵੜੇ ਗਇਆ ਬੁਝਾਇ ॥੪੮॥ {ਪੰਨਾ 1380}

ਪਦ ਅਰਥ:- ਦੁਹੁ ਦੀਵੀ ਬਲੰਦਿਆ—ਅਜੇ ਇਹ ਦੋਵੇਂ ਦੀਵੇ ਜਗਦੇ ਹੀ ਸਨ, (ਭਾਵ,) ਇਹਨਾਂ ਦੋਹਾਂ ਅੱਖਾਂ ਦੇ ਸਾਹਮਣੇ ਹੀ। ਮਲਕੁ—(ਮੌਤ ਦਾ) ਫ਼ਰਿਸ਼ਤਾ। ਗੜੁ—ਕਿਲ੍ਹਾ (ਸਰੀਰ-ਰੂਪ)। ਘਟੁ—ਹਿਰਦਾ, ਅੰਤਹਕਰਣ। ਲੀਤਾ—ਲੈ ਲਿਆ, ਕਬਜ਼ਾ ਕਰ ਲਿਆ।

ਅਰਥ:- ਹੇ ਫਰੀਦ! ਇਹਨਾਂ ਦੋਹਾਂ ਅੱਖਾਂ ਦੇ ਸਾਹਮਣੇ (ਇਹਨਾਂ ਦੋਹਾਂ ਦੀਵਿਆਂ ਦੇ ਜਗਦਿਆਂ ਹੀ) ਮੌਤ ਦਾ ਫ਼ਰਿਸਤਾ (ਜਿਸ ਭੀ ਬੰਦੇ ਪਾਸ) ਆ ਬੈਠਾ, ਉਸ ਨੇ ਉਸ ਦੇ ਸਰੀਰ-ਰੂਪ ਕਿਲ੍ਹੇ ਉਤੇ ਕਬਜ਼ਾ ਕਰ ਲਿਆ, ਅੰਤਹਕਰਣ ਲੁੱਟ ਲਿਆ (ਭਾਵ, ਜਿੰਦ ਕਾਬੂ ਕਰ ਲਈ) ਤੇ (ਇਹ ਅੱਖਾਂ ਦੇ) ਦੀਵੇ ਬੁਝਾ ਗਿਆ। 48।

ਫਰੀਦਾ ਵੇਖੁ ਕਪਾਹੈ ਜਿ ਥੀਆ ਜਿ ਸਿਰਿ ਥੀਆ ਤਿਲਾਹ ॥ ਕਮਾਦੈ ਅਰੁ ਕਾਗਦੈ ਕੁੰਨੇ ਕੋਇਲਿਆਹ ॥ ਮੰਦੇ ਅਮਲ ਕਰੇਦਿਆ ਏਹ ਸਜਾਇ ਤਿਨਾਹ ॥੪੯॥ {ਪੰਨਾ 1380}

ਪਦ ਅਰਥ:- ਜਿ—ਜੋ ਕੁਝ। ਥੀਆ—ਹੋਇਆ, ਵਾਪਰਿਆ, ਬੀਤੀ। ਸਿਰਿ—ਸਿਰ ਉਤੇ (ਵੇਖੋ ਸ਼ਲੋਕ ਨੰ: 43)। ਕੁੰਨੀ—ਮਿੱਟੀ ਦੀ ਹਾਂਡੀ। ਸਜਾਇ—ਦੰਡ। ਤਿਨਾਹ—ਉਹਨਾਂ ਨੂੰ। ਅਮਲ—ਕੰਮ, ਕਰਤੂਤਾਂ।

ਅਰਥ:- ਹੇ ਫਰੀਦ! ਵੇਖ! ਜੋ ਹਾਲਤ ਕਪਾਹ ਦੀ ਹੁੰਦੀ ਹੈ (ਭਾਵ, ਵੇਲਣੇ ਵਿਚ ਵੇਲੀ ਜਾਂਦੀ ਹੈ), ਜੋ ਤਿਲਾਂ ਦੇ ਸਿਰ ਤੇ ਬੀਤਦੀ ਹੈ (ਕੋਹਲੂ ਵਿਚ ਪੀੜੇ ਜਾਂਦੇ ਹਨ), ਜੋ ਕਮਾਦ, ਕਾਗਜ਼, ਮਿੱਟੀ ਦੀ ਹਾਂਡੀ ਅਤੇ ਕੋਲਿਆਂ ਨਾਲ ਵਰਤਦੀ ਹੈ, ਇਹ ਸਜ਼ਾ ਉਹਨਾਂ ਲੋਕਾਂ ਨੂੰ ਮਿਲਦੀ ਹੈ ਜੋ (ਇਹਨਾਂ 'ਵਿਸੁ ਗੰਦਲਾਂ' ਦੀ ਖ਼ਾਤਰ) ਮੰਦੇ ਕੰਮ ਕਰਦੇ ਹਨ (ਭਾਵ, ਜਿਉਂ ਜਿਉਂ ਦੁਨੀਆਵੀ ਪਦਾਰਥਾਂ ਦੀ ਖ਼ਾਤਰ ਮੰਦੇ ਕੰਮ ਕਰਦੇ ਹਨ, ਤਿਉਂ ਤਿਉਂ ਬੜੇ ਦੁਖੀ ਹੁੰਦੇ ਹਨ। 49।

ਫਰੀਦਾ ਕੰਨਿ ਮੁਸਲਾ ਸੂਫੁ ਗਲਿ ਦਿਲਿ ਕਾਤੀ ਗੁੜੁ ਵਾਤਿ ॥ ਬਾਹ ਰਿ ਦਿਸੈ ਚਾਨਣਾ ਦਿਲਿ ਅੰਧਿਆਰੀ ਰਾਤਿ ॥੫੦॥ {ਪੰਨਾ 1380}

ਪਦ ਅਰਥ:- ਕੰਨਿ—ਕੰਧੇ ਉਤੇ, ਮੋਢੇ ਉਤੇ। ਸੂਫੁ—ਕਾਲੀ ਖ਼ਫਨੀ। ਗਲਿ—ਗਲ ਵਿਚ। ਦਿਲਿ—ਦਿਲ ਵਿਚ।

ਅਰਥ:- ਹੇ ਫਰੀਦ! (ਤੇਰੇ) ਮੋਢੇ ਉਤੇ ਮੁਸੱਲਾ ਹੈ, (ਤੂੰ) ਗਲ ਵਿਚ ਕਾਲੀ ਖ਼ਫ਼ਨੀ (ਪਾਈ ਹੋਈ ਹੈ), (ਤੇਰੇ) ਮੂੰਹ ਵਿਚ ਗੁੜ ਹੈ; (ਪਰ) ਦਿਲ ਵਿਚ ਕੈਂਚੀ ਹੈ (ਭਾਵ, ਬਾਹਰ ਲੋਕਾਂ ਨੂੰ ਵਿਖਾਲਣ ਲਈ ਫ਼ਕੀਰੀ ਵੇਸ ਹੈ, ਮੂੰਹੋਂ ਭੀ ਲੋਕਾਂ ਨਾਲ ਮਿੱਠਾ ਬੋਲਦਾ ਹੈਂ, ਪਰ ਦਿਲੋਂ 'ਵਿਸੁ ਗੰਦਲਾਂ' ਦੀ ਖ਼ਾਤਰ ਖੋਟਾ ਹੈਂ ਸੋ) ਬਾਹਰ ਤਾਂ ਚਾਨਣ ਦਿੱਸ ਰਿਹਾ ਹੈ (ਪਰ) ਦਿਲ ਵਿਚ ਹਨੇਰੀ ਰਾਤ (ਵਾਪਰੀ ਹੋਈ) ਹੈ। 50।

ਫਰੀਦਾ ਰਤੀ ਰਤੁ ਨ ਨਿਕਲੈ ਜੇ ਤਨੁ ਚੀਰੈ ਕੋਇ ॥ ਜੋ ਤਨ ਰਤੇ ਰਬ ਸਿਉ ਤਿਨਤਨਿ ਰਤੁ ਨ ਹੋਇ ॥੫੧॥ {ਪੰਨਾ 1380}

ਪਦ ਅਰਥ:- ਰਤੀ—ਰਤਾ ਜਿਤਨੀ ਭੀ। ਰਤੁ—ਲਹੂ। (ਇਹ ਲਫ਼ਜ਼ 'ਇਸਤਰੀ ਲਿੰਗ' ਹੈ, ਪਰ ਇਸ ਦੇ ਅੰਤ ਵਿਚ (ੁ) ਸਦਾ ਰਹਿੰਦਾ ਹੈ; ਇਸ ਵਰਗੇ ਹੋਰ ਲਫ਼ਜ਼ ਜੋ ਇਹਨਾਂ ਸ਼ਲੋਕਾਂ ਵਿਚ ਹੀ ਆਏ ਹਨ, ਇਹ ਹਨ—ਜਿੰਦੁ, ਖੰਡੁ, ਮੈਲੁ, ਲਜੁ, ਵਿਸੁ, ਖਾਕੁ)। ਰਤੇ—ਰੰਗੇ ਹੋਏ। ਸਿਉ—ਨਾਲ। ਤਿਨ ਤਨਿ—ਉਹਨਾਂ ਦੇ ਤਨ ਵਿਚ।

ਅਰਥ:- ਹੇ ਫਰੀਦ! ਜੋ ਬੰਦੇ ਰੱਬ ਨਾਲ ਰੰਗੇ ਹੁੰਦੇ ਹਨ (ਭਾਵ, ਰੱਬ ਦੇ ਪਿਆਰ ਵਿਚ ਰੰਗੇ ਹੁੰਦੇ ਹਨ), ਉਹਨਾਂ ਦੇ ਸਰੀਰ ਵਿਚ ('ਵਿਸੁ ਗੰਦਲਾਂ' ਦਾ ਮੋਹ-ਰੂਪ) ਲਹੂ ਨਹੀਂ ਹੁੰਦਾ, ਜੇ ਕੋਈ (ਉਹਨਾਂ ਦਾ) ਸਰੀਰ ਚੀਰੇ (ਤਾਂ ਉਸ ਵਿਚੋਂ) ਰਤਾ ਜਿਤਨਾ ਭੀ ਲਹੂ ਨਹੀਂ ਨਿਕਲਦਾ (ਪਰ, ਹੇ ਫਰੀਦ! ਤੂੰ ਤਾਂ ਮੁਸੱਲੇ ਤੇ ਖ਼ਫ਼ਨੀ ਆਦਿਕ ਨਾਲ ਨਿਰਾ ਬਾਹਰ ਦਾ ਹੀ ਖ਼ਿਆਲ ਰੱਖਿਆ ਹੋਇਆ ਹੈ)। 51।

ਮਃ ੩ ॥ ਇਹੁ ਤਨੁ ਸਭੋ ਰਤੁ ਹੈ ਰਤੁ ਬਿਨੁ ਤੰਨੁ ਨ ਹੋਇ ॥ ਜੋ ਸਹ ਰਤੇ ਆਪਣੇ ਤਿਤੁ ਤਨਿ ਲੋਭੁ ਰਤੁ ਨ ਹੋਇ ॥ ਭੈ ਪਇਐ ਤਨੁ ਖੀਣੁ ਹੋਇ ਲੋਭੁ ਰਤੁ ਵਿਚਹੁ ਜਾਇ ॥ ਜਿਉ ਬੈਸੰਤਰਿ ਧਾਤੁ ਸੁਧੁ ਹੋਇ ਤਿਉ ਹਰਿ ਕਾ ਭਉ ਦੁਰਮਤਿ ਮੈਲੁ ਗਵਾਇ ॥ ਨਾਨਕ ਤੇ ਜਨ ਸੋਹਣੇ ਜਿ ਰਤੇ ਹਰਿ ਰੰਗੁ ਲਾਇ ॥੫੨॥ {ਪੰਨਾ 1380}

ਨੋਟ:- ਫਰੀਦ ਜੀ ਨੇ ਜਿਸ 'ਰਤੁ' ਦਾ ਜ਼ਿਕਰ ਸ਼ਲੋਕ ਨੰ: 51 ਵਿਚ ਕੀਤਾ ਹੈ, ਉਸ ਨੂੰ ਸ਼ਲੋਕ ਨੰ: 50 ਵਿਚ ਲਫ਼ਜ਼ 'ਦਿਲਿ ਕਾਤੀ' ਵਿਚ ਇਸ਼ਾਰੇ-ਮਾਤ੍ਰ ਹੀ ਦੱਸਿਆ ਹੈ। ਉਸ ਨੂੰ ਹੋਰ ਸਪਸ਼ਟ ਕਰਨ ਵਾਸਤੇ ਗੁਰੂ ਅਮਰਦਾਸ ਜੀ ਨੇ ਇਹ ਸ਼ਲੋਕ ਉਚਾਰਿਆ।

ਪਦ ਅਰਥ:- ਸਭੋ—ਸਾਰਾ ਹੀ। ਰਤੁ ਬਿਨੁ—ਰੱਤ ਤੋਂ ਬਿਨਾ (ਜੋ ਲਫ਼ਜ਼ ਆਪਣੀ ਬਣਤਰ ਅਨੁਸਾਰ ਸਦਾ '(ੁ) ਅੰਤ' ਹੁੰਦੇ ਹਨ, ਉਹਨਾਂ ਦਾ ਅਖ਼ੀਰਲਾ (ੁ) 'ਸੰਬੰਧਕ' ਦੇ ਨਾਲ ਭੀ ਟਿਕਿਆ ਰਹਿੰਦਾ ਹੈ। ਇਥੇ ਲਫ਼ਜ਼ 'ਰਤੁ' ਦਾ (ੁ) 'ਸੰਬੰਧਕ' 'ਬਿਨੁ' ਦੇ ਹੁੰਦਿਆਂ ਭੀ ਕਾਇਮ ਹੈ)। ਤੰਨੁ—ਤਨ, ਸਰੀਰ। ਸਹ—ਖਸਮ। ਸਹ ਰਤੇ—ਖਸਮ ਨਾਲ ਰੰਗੇ ਹੋਏ। ਤਿਤੁ ਤਨਿ—ਉਸ ਸਰੀਰ ਵਿਚ। ਤਿਤੁ—ਉਸ ਵਿਚ। ਭੈ ਪਇਐ—ਡਰ ਵਿਚ ਪਿਆਂ, ਡਰ ਵਿਚ ਰਿਹਾਂ। ਖੀਣੁ—ਪਤਲਾ, ਲਿੱਸਾ। ਜਾਇ—ਦੂਰ ਹੋ ਜਾਂਦੀ ਹੈ। ਬੈਸੰਤਰਿ—ਅੱਗ ਵਿਚ। ਸੁਧੁ—ਸਾਫ਼। ਜਿ—ਜੇਹੜੇ। ਰੰਗੁ—ਪਿਆਰ।

ਅਰਥ:- ਇਹ ਸਾਰਾ ਸਰੀਰ ਲਹੂ ਹੈ (ਭਾਵ, ਸਾਰੇ ਸਰੀਰ ਵਿਚ ਲਹੂ ਮੌਜੂਦ ਹੈ), ਲਹੂ ਤੋਂ ਬਿਨਾ ਸਰੀਰ ਰਹਿ ਨਹੀਂ ਸਕਦਾ (ਫਿਰ, ਸਰੀਰ ਨੂੰ ਚੀਰਿਆਂ, ਭਾਵ, ਸਰੀਰ ਦੀ ਪੜਤਾਲ ਕੀਤਿਆਂ, ਕੇਹੜਾ ਲਹੂ ਨਹੀਂ ਨਿਕਲਦਾ?) ਜੋ ਬੰਦੇ ਆਪਣੇ ਖਸਮ (ਪ੍ਰਭੂ ਦੇ ਪਿਆਰ) ਵਿਚ ਰੰਗੇ ਹੋਏ ਹਨ (ਉਹਨਾਂ ਦੇ) ਇਸ ਸਰੀਰ ਵਿਚ ਲਾਲਚ-ਰੂਪ ਲਹੂ ਨਹੀਂ ਹੁੰਦਾ।

ਜੇ (ਪਰਮਾਤਮਾ ਦੇ) ਡਰ ਵਿਚ ਜੀਵੀਏ, ਤਾਂ ਸਰੀਰ (ਇਸ ਤਰ੍ਹਾਂ) ਲਿੱਸਾ ਹੋ ਜਾਂਦਾ ਹੈ (ਕਿ) ਇਸ ਵਿਚੋਂ ਲੋਭ-ਰੂਪ ਰੱਤ ਨਿਕਲ ਜਾਂਦੀ ਹੈ। ਜਿਵੇਂ ਅੱਗ ਵਿਚ (ਪਾਇਆ ਸੋਨਾ ਆਦਿਕ) ਧਾਤ ਸਾਫ਼ ਹੋ ਜਾਂਦੀ ਹੈ; ਇਸੇ ਤਰ੍ਹਾਂ ਪਰਮਾਤਮਾ ਦਾ ਡਰ (ਮਨੁੱਖ ਦੀ) ਭੈੜੀ ਮੱਤ-ਰੂਪ ਮੈਲ ਨੂੰ ਕੱਟ ਦੇਂਦਾ ਹੈ। ਹੇ ਨਾਨਕ! ਉਹ ਬੰਦੇ ਸੋਹਣੇ ਹਨ ਜੋ ਪਰਮਾਤਮਾ ਨਾਲ ਨਿਹੁ ਲਾ ਕੇ (ਉਸ ਦੇ ਨਿਹੁ ਵਿਚ) ਰੰਗੇ ਹੋਏ ਹਨ। 52।

ਫਰੀਦਾ ਸੋਈ ਸਰਵਰੁ ਢੂਢਿ ਲਹੁ ਜਿਥਹੁ ਲਭੀ ਵਥੁ ॥ ਛਪੜਿ ਢੂਢੈ ਕਿਆ ਹੋਵੈ ਚਿਕੜਿ ਡੁਬੈ ਹਥੁ ॥੫੩॥ {ਪੰਨਾ 1380}

ਨੋਟ:- ਸ਼ਲੋਕ ਨੰ: 50 ਵਿਚ ਦੱਸੇ ਭੇਖੀ ਨੂੰ ਇਸ ਸ਼ਲੋਕ ਵਿਚ 'ਛੱਪੜ' ਵਰਗਾ ਦੱਸਿਆ ਹੈ, ਅਤੇ ਸ਼ਲੋਕ ਨੰ: 51 ਵਿਚ ਦੱਸੇ ਸੁੱਚੇ ਪਿਆਰ ਵਾਲੇ ਬੰਦੇ ਨੂੰ ਇਥੇ 'ਸਰਵਰੁ' ਆਖਿਆ ਹੈ।

ਪਦ ਅਰਥ:- ਸਰਵਰੁ—ਸੋਹਣਾ ਤਲਾਬ; (ਸਰ—ਤਲਾਬ। ਵਰ—ਸ੍ਰੇਸ਼ਟ)। ਵਥੁ—(ਅਸਲ) ਚੀਜ਼। ਛਪੜਿ ਢੂਢੈ—ਜੇ ਛੱਪੜ ਭਾਲੀਏ। ਚਿਕੜਿ—ਚਿੱਕੜ ਵਿਚ।

ਅਰਥ:- ਹੇ ਫਰੀਦ! ਉਹੀ ਸੋਹਣਾ ਤਲਾਬ ਲੱਭ, ਜਿਸ ਵਿਚੋਂ (ਅਸਲ) ਚੀਜ਼ (ਨਾਮ-ਰੂਪ ਮੋਤੀ) ਮਿਲ ਪਏ, ਛੱਪੜ ਭਾਲਿਆਂ ਕੁਝ ਨਹੀਂ ਮਿਲਦਾ, (ਉਥੇ ਤਾਂ) ਚਿੱਕੜ ਵਿਚ (ਹੀ) ਹੱਥ ਡੁੱਬਦਾ ਹੈ। 53।

ਫਰੀਦਾ ਨੰਢੀ ਕੰਤੁ ਨ ਰਾਵਿਓ ਵਡੀ ਥੀ ਮੁਈਆਸੁ ॥ ਧਨ ਕੂਕੇਂਦੀ ਗੋਰ ਮੇਂ ਤੈ ਸਹ ਨਾ ਮਿਲੀਆਸੁ ॥੫੪॥ {ਪੰਨਾ 1380}

ਪਦ ਅਰਥ:- ਨੰਢੀ—ਜੁਆਨ ਇਸਤ੍ਰੀ ਨੇ। ਨ ਰਾਵਿਓ—ਨਾਹ ਮਾਣਿਆ। ਵਡੀ ਥੀ—ਬੁੱਢੀ ਹੋ ਕੇ। ਮੁਈਆਸੁ—ਮੁਈਆ ਸੁ, ਉਹ ਮਰ ਗਈ। ਧਨ—ਇਸਤ੍ਰੀ। ਗੋਰ ਮੇਂ—ਕਬਰ ਵਿਚ। ਤੈ—ਤੈਨੂੰ। ਸਹ—ਹੇ ਸਹ! ਹੇ ਪਤੀ! ਨਾ ਮਿਲੀਆਸੁ—ਉਹ ਨਾਹ ਮਿਲੀ।

ਅਰਥ:- ਹੇ ਫਰੀਦ! ਜਿਸ ਜੁਆਨ (ਜੀਵ-) ਇਸਤ੍ਰੀ ਨੇ (ਪਰਮਾਤਮਾ-) ਪਤੀ ਨਾ ਮਾਣਿਆ (ਭਾਵ, ਜਿਸ ਜੀਵ ਨੇ ਜੁਆਨੀ ਵੇਲੇ ਰੱਬ ਨੂੰ ਨਾਹ ਸਿਮਰਿਆ), ਉਹ (ਜੀਵ-) ਇਸਤ੍ਰੀ ਜਦੋਂ ਬੁੱਢੀ ਹੋ ਕੇ ਮਰ ਗਈ ਤਾਂ (ਫਿਰ) ਕਬਰ ਵਿਚ ਤਰਲੇ ਲੈਂਦੀ ਹੈ (ਭਾਵ, ਮਰਨ ਪਿਛੋਂ ਜੀਵ ਪਛੁਤਾਂਦਾ ਹੈ) ਕਿ ਹੇ (ਪ੍ਰਭੂ-) ਪਤੀ! ਮੈਂ ਤੈਨੂੰ (ਵੇਲੇ-ਸਿਰ) ਨਾਹ ਮਿਲੀ। 54।

ਫਰੀਦਾ ਸਿਰੁ ਪਲਿਆ ਦਾੜੀ ਪਲੀ ਮੁਛਾਂ ਭੀ ਪਲੀਆਂ ॥ ਰੇ ਮਨ ਗਹਿਲੇ ਬਾਵਲੇ ਮਾਣਹਿ ਕਿਆ ਰਲੀਆਂ ॥੫੫॥ {ਪੰਨਾ 1380}

ਪਦ ਅਰਥ:- ਪਲਿਆ—ਚਿੱਟਾ ਹੋ ਗਿਆ। ਰੇ ਗਹਿਲੇ—ਹੇ ਗ਼ਾਫ਼ਿਲ! ਬਾਵਲਾ—ਕਮਲਾ। ਰਲੀਆਂ—ਮੌਜਾਂ।

ਅਰਥ:- ਹੇ ਫਰੀਦ! ਸਿਰ ਚਿੱਟਾ ਹੋ ਗਿਆ ਹੈ, ਦਾੜ੍ਹੀ ਚਿੱਟੀ ਹੋ ਗਈ ਹੈ, ਮੁਛਾਂ ਭੀ ਚਿੱਟੀਆਂ ਹੋ ਗਈਆਂ ਹਨ। ਹੇ ਗ਼ਾਫ਼ਿਲ ਤੇ ਕਮਲੇ ਮਨ! (ਅਜੇ ਭੀ ਤੂੰ ਦੁਨੀਆ ਦੀਆਂ ਹੀ) ਮੌਜਾਂ ਕਿਉਂ ਮਾਣ ਰਿਹਾ ਹੈਂ?। 55।

ਫਰੀਦਾ ਕੋਠੇ ਧੁਕਣੁ ਕੇਤੜਾ ਪਿਰ ਨੀਦੜੀ ਨਿਵਾਰਿ ॥ ਜੋ ਦਿਹ ਲਧੇ ਗਾਣਵੇ ਗਏ ਵਿਲਾੜਿ ਵਿਲਾੜਿ ॥੫੬॥ {ਪੰਨਾ 1380}

ਪਦ ਅਰਥ:- ਧੁਕਣੁ—ਦੌੜਨਾ। ਕੇਤੜਾ—ਕਿਥੋਂ ਤਕ? ਨੀਦੜੀ—ਕੋਝੀ ਨੀਂਦ। ਨਿਵਾਰਿ—ਦੂਰ ਕਰ। ਦਿਹ—ਦਿਨ। ਗਾਣਵੇ ਦਿਹ—(ਉਮਰ ਦੇ) ਗਿਣਵੇਂ ਦਿਨ। ਲਧੇ—ਲੱਭੇ, ਮਿਲੇ। ਵਿਲਾੜਿ—ਦੌੜ ਕੇ, ਛਾਲਾਂ ਮਾਰ ਕੇ, (ਭਾਵ,) ਬੜੀ ਛੇਤੀ ਛੇਤੀ।

ਅਰਥ:- ਹੇ ਫਰੀਦ! ਕੋਠੇ ਦੀ ਦੌੜ ਕਿਥੋਂ ਤਕ (ਭਾਵ, ਕੋਠੇ ਉਤੇ ਦੌੜ ਲੰਮੀ ਨਹੀਂ ਹੋ ਸਕਦੀ, ਇਸੇ ਤਰ੍ਹਾਂ ਰੱਬ ਵਲੋਂ ਗ਼ਾਫ਼ਿਲ ਭੀ ਕਦ ਤਕ ਰਹੇਂਗਾ? ਉਮਰ ਆਖ਼ਰ ਮੁੱਕ ਜਾਇਗੀ, ਸੋ) ਰੱਬ (ਵਾਲੇ ਪਾਸੇ) ਤੋਂ ਇਹ ਕੋਝੀ (ਗ਼ਫ਼ਲਤ ਦੀ) ਨੀਂਦ ਦੂਰ ਕਰ ਦੇਹ। (ਉਮਰ ਦੇ) ਜੋ ਗਿਣਵ੍ਵੇਂ ਦਿਨ ਮਿਲੇ ਹੋਏ ਹਨ ਉਹ ਛਾਲਾਂ ਮਾਰ ਮਾਰ ਕੇ ਮੁੱਕਦੇ ਜਾ ਰਹੇ ਹਨ। 56।

ਫਰੀਦਾ ਕੋਠੇ ਮੰਡਪ ਮਾੜੀਆ ਏਤੁ ਨ ਲਾਏ ਚਿਤੁ ॥ ਮਿਟੀ ਪਈ ਅਤੋਲਵੀ ਕੋਇ ਨ ਹੋਸੀ ਮਿਤੁ ॥੫੭॥ {ਪੰਨਾ 1380}

ਪਦ ਅਰਥ:- ਮੰਡਪ—ਮਹਲ। ਏਤੁ—ਇਸ ਵਿਚ, ਇਸ (ਮਹਲ-ਮਾੜੀਆਂ ਦੇ ਸਿਲਸਿਲੇ) ਵਿਚ।

ਅਰਥ:- ਹੇ ਫਰੀਦ! (ਇਹ ਜੋ ਤੇਰੇ) ਘਰ ਤੇ ਮਹਲ-ਮਾੜੀਆਂ (ਹਨ, ਇਹਨਾਂ ਦੇ) ਇਸ (ਸਿਲਸਿਲੇ) ਵਿਚ ਚਿੱਤ ਨਾਹ ਜੋੜ। (ਮਰਨ ਤੇ ਜਦੋਂ ਕਬਰ ਵਿਚ ਤੇਰੇ ਉੱਤੇ) ਅਤੋਲਵੀਂ ਮਿੱਟੀ ਪਏਗੀ ਤਦੋਂ (ਇਹਨਾਂ ਵਿਚੋਂ) ਕੋਈ ਭੀ ਸਾਥੀ ਨਹੀਂ ਬਣੇਗਾ। 57।

ਫਰੀਦਾ ਮੰਡਪ ਮਾਲੁ ਨ ਲਾਇ ਮਰਗ ਸਤਾਣੀ ਚਿਤਿ ਧਰਿ ॥ ਸਾਈ ਜਾਇ ਸਮ੍ਹਾਲਿ ਜਿਥੈ ਹੀ ਤਉ ਵੰਞਣਾ ॥੫੮॥ {ਪੰਨਾ 1381}

ਪਦ ਅਰਥ:- ਮਰਗ—ਮੌਤ। ਸਤਾਣੀ—ਸ-ਤਾਣੀ, ਤਾਣ ਵਾਲੀ, ਬਲ ਵਾਲੀ। ਚਿਤਿ—ਚਿੱਤ ਵਿਚ। ਸਾਈ—ਉਹੀ। ਜਾਇ—ਥਾਂ। ਸਮ੍ਹਾਲਿ—(ਇਸ ਲਫ਼ਜ਼ ਦੇ ਅੱਖਰ 'ਮ' ਦੇ ਹੇਠ ਅੱਧਾ 'ਹ' ਹੈ)। ਜਿਥੈ ਹੀ—ਜਿਥੇ ਆਖ਼ਰ ਨੂੰ। ਵੰਞਣਾ—ਜਾਣਾ। ਮਾਲੁ—ਧਨ।

ਅਰਥ:- ਹੇ ਫਰੀਦ! (ਨਿਰਾ) ਮਹਲ-ਮਾੜੀਆਂ ਤੇ ਧਨ ਨੂੰ ਚਿੱਤ ਵਿਚ ਨਾਹ ਟਿਕਾਈ ਰੱਖ, (ਸਭ ਤੋਂ) ਬਲੀ ਮੌਤ ਨੂੰ ਚਿੱਤ ਵਿਚ ਰੱਖ (ਚੇਤੇ ਰੱਖ)। ਉਹ ਥਾਂ ਭੀ ਯਾਦ ਰੱਖ ਆਖ਼ਰ ਨੂੰ ਤੂੰ ਜਾਣਾ ਹੈ। 58।

ਫਰੀਦਾ ਜਿਨ੍ਹੀ ਕੰਮੀ ਨਾਹਿ ਗੁਣ ਤੇ ਕੰਮੜੇ ਵਿਸਾਰਿ ॥ ਮਤੁ ਸਰਮਿੰਦਾ ਥੀਵਹੀ ਸਾਂਈ ਦੈ ਦਰਬਾਰਿ ॥੫੯॥ {ਪੰਨਾ 1381}

ਪਦ ਅਰਥ:- ਜਿਨ੍ਹੀ—(ਇਥੇ ਅੱਖਰ 'ਨ' ਦੇ ਨਾਲ ਅੱਧਾ 'ਹ' ਹੈ)। ਜਿਨ੍ਹੀ ਕੰਮੀ—ਜਿਨ੍ਹਾਂ ਕੰਮਾਂ ਵਿਚ। ਗੁਣ—ਲਾਭ। ਕੰਮੜੇ—ਕੋਝੇ ਕੰਮ। ਥੀਵਹੀ—ਤੂੰ ਹੋਵੇਂ। ਦੈ—(ਲਫ਼ਜ਼ 'ਦੇ' ਦੇ ਥਾਂ 'ਦੈ' ਕਿਉਂ ਹੋ ਗਿਆ ਹੈ, ਇਹ ਗੱਲ ਸਮਝਣ ਲਈ ਪੜ੍ਹੋ ਮੇਰਾ 'ਗੁਰਬਾਣੀ ਵਿਆਕਰਣ')। ਦਰਬਾਰਿ—ਦਰਬਾਰ ਵਿਚ। ਦੈ ਦਰਬਾਰਿ—ਦੇ ਦਰਬਾਰ ਵਿਚ।

ਅਰਥ:- ਹੇ ਫਰੀਦ! ਉਹ ਕੋਝੇ ਕੰਮ ਛੱਡ ਦੇਹ, ਜਿਨ੍ਹਾਂ ਕੰਮਾਂ ਵਿਚ (ਜਿੰਦ ਵਾਸਤੇ ਕੋਈ) ਲਾਭ ਨਹੀਂ ਹੈ, ਮਤਾਂ ਖਸਮ (ਪਰਮਾਤਮਾ) ਦੇ ਦਰਬਾਰ ਵਿਚ ਸ਼ਰਮਿੰਦਾ ਹੋਣਾ ਪਏ। 59।

ਫਰੀਦਾ ਸਾਹਿਬ ਦੀ ਕਰਿ ਚਾਕਰੀ ਦਿਲ ਦੀ ਲਾਹਿ ਭਰਾਂਦਿ ॥ ਦਰਵੇਸਾਂ ਨੋ ਲੋੜੀਐ ਰੁਖਾਂ ਦੀ ਜੀਰਾਂਦਿ ॥੬੦॥ {ਪੰਨਾ 1381}

ਪਦ ਅਰਥ:- ਭਰਾਂਦਿ—('ਵਿਸੁ ਗੰਦਲਾਂ' ਦੀ ਖ਼ਾਤਰ) ਭਰਮ, ਭ੍ਰਾਂਤਿ, ਸੰਸਾ, ਭਟਕਣਾ। ਲਾਹਿ—ਲਾਹ ਕੇ, ਦੂਰ ਕਰ ਕੇ। ਚਾਕਰੀ—ਨੌਕਰੀ, (ਭਾਵ,) ਬੰਦਗੀ। ਲੋੜੀਐ—ਚਾਹੀਦੀ ਹੈ। ਜੀਰਾਂਦਿ—ਧੀਰਜ, ਸਬਰ। ਦਰਵੇਸ—ਫ਼ਕੀਰ। ਨੋ—ਨੂੰ।

ਅਰਥ:- ਹੇ ਫਰੀਦ! (ਇਹਨਾਂ 'ਵਿਸੁ ਗੰਦਲਾਂ' ਦੀ ਖ਼ਾਤਰ ਆਪਣੇ) ਦਿਲ ਦੀ ਭਟਕਣਾ ਦੂਰ ਕਰ ਕੇ ਮਾਲਕ (-ਪ੍ਰਭੂ) ਦੀ ਬੰਦਗੀ ਕਰ। ਫ਼ਕੀਰਾਂ ਨੂੰ (ਤਾਂ) ਰੁੱਖਾਂ ਵਰਗਾ ਜਿਗਰਾ ਕਰਨਾ ਚਾਹੀਦਾ ਹੈ। 60।

ਫਰੀਦਾ ਕਾਲੇ ਮੈਡੇ ਕਪੜੇ ਕਾਲਾ ਮੈਡਾ ਵੇਸੁ ॥ ਗੁਨਹੀ ਭਰਿਆ ਮੈ ਫਿਰਾ ਲੋਕੁ ਕਹੈ ਦਰਵੇਸੁ ॥੬੧॥ {ਪੰਨਾ 1381}

ਪਦ ਅਰਥ:- ਮੈਡੇ—ਮੇਰੇ। ਵੇਸੁ—ਪਹਿਰਾਵਾ, ਪੋਸ਼ਾਕ। ਗੁਨਹੀ—ਗੁਨਾਹਾਂ ਨਾਲ। ਫਿਰਾ—ਫਿਰਾਂ, ਫਿਰਦਾ ਹਾਂ। ਲੋਕੁ—ਜਗਤੁ। ਕਹੈ—ਆਖਦਾ ਹੈ।

ਅਰਥ:- ਹੇ ਫਰੀਦ! (ਮੇਰੇ ਅੰਦਰ ਰੁੱਖਾਂ ਵਾਲੀ ਜੀਰਾਂਦ ਨਹੀਂ ਹੈ ਜੋ ਫ਼ਕੀਰ ਦੇ ਅੰਦਰ ਚਾਹੀਦੀ ਸੀ ਫ਼ਕੀਰਾਂ ਵਾਂਗ) ਮੇਰੇ ਕੱਪੜੇ (ਤਾਂ) ਕਾਲੇ ਹਨ, ਮੇਰਾ ਵੇਸ ਕਾਲਾ ਹੈ (ਪਰ 'ਵਿਸੁ ਗੰਦਲਾਂ' ਦੀ ਖ਼ਾਤਰ 'ਭਰਾਂਦਿ' ਦੇ ਕਾਰਨ) ਮੈਂ ਗੁਨਾਹਾਂ ਨਾਲ ਭਰਿਆ ਹੋਇਆ ਫਿਰਦਾ ਹਾਂ ਤੇ ਜਗਤ ਮੈਨੂੰ ਫ਼ਕੀਰ ਆਖਦਾ ਹੈ। 61।

ਤਤੀ ਤੋਇ ਨ ਪਲਵੈ ਜੇ ਜਲਿ ਟੁਬੀ ਦੇਇ ॥ ਫਰੀਦਾ ਜੋ ਡੋਹਾਗਣਿ ਰਬ ਦੀ ਝੂਰੇਦੀ ਝੂਰੇਇ ॥ ੬੨॥ {ਪੰਨਾ 1381}

ਪਦ ਅਰਥ:- ਤਤੀ—ਤੱਤੀ, ਸੜੀ ਹੋਈ। ਤੋਇ—ਪਾਣੀ ਵਿਚ। ਪਲਵੈ—ਪਲ੍ਹਰਦੀ ਹੈ, ਪ੍ਰਫੁਲਤ ਹੁੰਦੀ ਹੈ। ਜਲਿ—ਜਲ ਵਿਚ। ਡੋਹਾਗਣਿ—ਦੁਹਾਗਣਿ, ਦੁਰਭਾਗਣਿ, ਮੰਦੇ ਭਾਗਾਂ ਵਾਲੀ, ਛੁੱਟੜ। ਝੂਰੇਦੀ ਝੂਰੇਇ—ਸਦਾ ਹੀ ਝੂਰਦੀ ਹੈ। ਜੇ—ਭਾਵੇਂ।

ਅਰਥ:- ਪਾਣੀ ਵਿਚ ਸੜੀ ਹੋਈ (ਖੇਤੀ ਫਿਰ) ਹਰੀ ਨਹੀਂ ਹੁੰਦੀ, ਭਾਵੇਂ (ਉਸ ਖੇਤੀ ਨੂੰ) ਪਾਣੀ ਵਿਚ (ਕੋਈ) ਡੋਬਾ ਦੇ ਦੇਵੇ। ਹੇ ਫਰੀਦ! (ਇਸੇ ਤਰ੍ਹਾਂ ਜੋ ਜੀਵ-ਇਸਤ੍ਰੀ ਆਪਣੇ ਵਲੋਂ ਰੱਬ ਦੇ ਰਾਹ ਤੇ ਤੁਰਦੀ ਹੋਈ ਭੀ) ਰੱਬ ਤੋਂ ਵਿਛੁੜੀ ਹੋਈ ਹੈ, ਉਹ ਸਦਾ ਹੀ ਦੁਖੀ ਹੁੰਦੀ ਹੈ, (ਭਾਵ, ਫ਼ਕੀਰੀ ਲਿਬਾਸ ਹੁੰਦਿਆਂ ਭੀ ਜੇ ਮਨ ਗੁਨਾਹਾਂ ਨਾਲ ਭਰਿਆ ਰਿਹਾ, ਦਰਵੇਸੁ ਬਣ ਕੇ ਭੀ ਜੇ 'ਵਿਸੁ ਗੰਦਲਾਂ' ਦੀ ਖ਼ਾਤਰ ਮਨ ਵਿਚ 'ਭਰਾਂਦਿ' ਰਹੀ, ਸਤਸੰਗ ਵਿਚ ਰਹਿ ਕੇ ਭੀ ਜੇ ਮਨ ਸਹਸਿਆਂ ਵਿਚ ਰਿਹਾ, ਤਾਂ ਭਾਗਾਂ ਵਿਚ ਸਦਾ ਝੋਰਾ ਹੀ ਝੋਰਾ ਹੈ)। 62।

ਜਾਂ ਕੁਆਰੀ ਤਾ ਚਾਉ ਵੀਵਾਹੀ ਤਾਂ ਮਾਮਲੇ ॥ ਫਰੀਦਾ ਏਹੋ ਪਛੋਤਾਉ ਵਤਿ ਕੁਆਰੀ ਨ ਥੀਐ ॥੬੩॥ {ਪੰਨਾ 1381}

ਪਦ ਅਰਥ:- ਵੀਵਾਹੀ—ਵਿਆਹੀ, ਜਦੋਂ ਵਿਆਹੀ ਗਈ। ਮਾਮਲੇ—ਕਜ਼ੀਏ, ਜੰਜਾਲ। ਪਛੋਤਾਉ—ਪਛੁਤਾਵਾ। ਵਤਿ—ਫਿਰ, ਮੁੜ ਕੇ। ਨ ਥੀਐ—ਨਹੀਂ ਹੋ ਸਕਦੀ। ਜਾਂ—ਜਦੋਂ। ਤਾਂ—ਤਦੋਂ।

ਨੋਟ:- ਸ਼ਲੋਕ ਨੰ: 62 ਵਾਲੇ ਖ਼ਿਆਲ ਨੂੰ ਹੀ ਇਥੇ ਇਕ ਲੜਕੀ ਦੇ ਜੀਵਨ ਦੀ ਮਿਸਾਲ ਦੇ ਕੇ ਸਮਝਾਇਆ ਹੈ।

ਅਰਥ:- ਜਦੋਂ (ਲੜਕੀ) ਕੁਆਰੀ ਹੁੰਦੀ ਹੈ ਤਦੋਂ (ਉਸ ਨੂੰ ਵਿਆਹ ਦਾ) ਚਾਉ ਹੁੰਦਾ ਹੈ (ਪਰ ਜਦੋਂ) ਵਿਆਹੀ ਜਾਂਦੀ ਹੈ ਤਾਂ ਜੰਜਾਲ ਪੈ ਜਾਂਦੇ ਹਨ। ਹੇ ਫਰੀਦ! (ਉਸ ਵੇਲੇ) ਇਹੀ ਪਛੁਤਾਵਾ ਹੁੰਦਾ ਹੈ ਕਿ ਉਹ ਮੁੜ ਕੁਆਰੀ ਨਹੀਂ ਹੋ ਸਕਦੀ (ਭਾਵ, ਉਹ ਪਹਿਲਾ ਚਾਉ ਉਸ ਦੇ ਮਨ ਵਿਚ ਪੈਦਾ ਨਹੀਂ ਹੋ ਸਕਦਾ)। 63।

ਨੋਟ:- ਜੇ ਸਤਸੰਗ ਵਿਚ ਰੋਜ਼ ਆ ਕੇ, ਜੇ ਫ਼ਕੀਰੀ ਦੇ ਰਾਹ ਤੇ ਤੁਰਦੇ ਹੋਇਆਂ, ਜੇ ਆਪਣੇ ਵਲੋਂ ਧਾਰਮਿਕ ਜੀਵਨ ਬਿਤੀਤ ਕਰਦੇ ਹੋਇਆਂ, ਮਨ ਵਿਚ 'ਵਿਸੁ ਗੰਦਲਾਂ' ਦੀ ਖ਼ਾਤਰ 'ਭਰਾਂਦਿ' ਟਿਕੀ ਰਹੇ, ਤਾਂ ਸਾਰੇ ਧਾਰਮਿਕ ਉੱਦਮ ਬਾਹਰ-ਮੁਖੀ ਹੋ ਜਾਂਦੇ ਹਨ। ਅਜੇਹਾ ਧਾਰਮਿਕ ਜੀਵਨ ਸਗੋਂ ਇਹ ਨੁਕਸਾਨ ਕਰਦਾ ਹੈ ਕਿ ਉਹ ਪਹਿਲਾ ਧਾਰਮਿਕ ਚਾਉ ਮਾਰਿਆ ਹੀ ਜਾਂਦਾ ਹੈ, ਉਸ ਦਾ ਮੁੜ ਪਲ੍ਰਰਨਾ ਔਖਾ ਹੋ ਜਾਂਦਾ ਹੈ। ਇਹ ਖ਼ਿਆਲ ਸ਼ਲੋਕ ਨੰ: 60 ਤੋਂ ਲੈ ਕੇ ਸਲੋਕ ਨੰ: 63 ਤਕ ਚਲਿਆ ਆ ਰਿਹਾ ਹੈ।

ਕਲਰ ਕੇਰੀ ਛਪੜੀ ਆਇ ਉਲਥੇ ਹੰਝ ॥ ਚਿੰਜੂ ਬੋੜਨ੍ਹਿ ਨਾ ਪੀਵਹਿ ਉਡਣ ਸੰਦੀ ਡੰਝ ॥੬੪॥ {ਪੰਨਾ 1381}

ਪਦ ਅਰਥ:- ਕੇਰੀ—ਦੀ। ਆਇ ਉਲਥੇ—ਆ ਉਤਰੇ। ਹੰਝ—ਹੰਸ। ਚਿੰਜੂ—ਚੁੰਝ। ਬੋੜਨ੍ਹਿ—ਡੋਬਦੇ ਹਨ। ਸੰਦੀ—ਦੀ। ਡੰਝ—ਤਾਂਘ।

ਨੋਟ:- ਉਪਰਲੇ 4 ਸ਼ਲੋਕਾਂ ਵਿਚ ਉਹਨਾਂ ਦਾ ਹਾਲ ਦੱਸਿਆ ਹੈ; ਜੋ ਸਤਸੰਗ ਵਿਚ ਰਹਿੰਦੇ ਹੋਏ ਭੀ ਸਤਸੰਗ ਦੇ ਅਨੰਦ ਤੋਂ ਵਾਂਜੇ ਰਹੇ, ਤੇ ਆਖ਼ਿਰ ਅੰਦਰੋਂ ਚਾਉ ਹੀ ਮੁੱਕ ਗਿਆ। ਸ਼ਲੋਕ ਨੰ: 64 ਤੇ 65 ਵਿਚ ਅਸਲ ਸਤਸੰਗੀਆਂ ਦਾ ਹਾਲ ਹੈ।

ਅਰਥ:- ਕੱਲਰ ਦੀ ਛੱਪਰੀ ਵਿਚ ਹੰਸ ਆ ਉਤਰਦੇ ਹਨ, (ਉਹ ਹੰਸ ਛੱਪੜੀ ਵਿਚ ਆਪਣੀ) ਚੁੰਝ ਡੋਬਦੇ ਹਨ, (ਪਰ, ਉਹ ਮੈਲਾ ਪਾਣੀ) ਨਹੀਂ ਪੀਂਦੇ, ਉਹਨਾਂ ਨੂੰ ਉਥੋਂ ਉੱਡ ਜਾਣ ਦੀ ਤਾਂਘ ਲੱਗੀ ਰਹਿੰਦੀ ਹੈ। 64।

ਹੰਸੁ ਉਡਰਿ ਕੋਧ੍ਰੈ ਪਇਆ ਲੋਕੁ ਵਿਡਾਰਣਿ ਜਾਇ ॥ ਗਹਿਲਾ ਲੋਕੁ ਨ ਜਾਣਦਾ ਹੰਸੁ ਨ ਕੋਧ੍ਰਾ ਖਾਇ ॥੬੫॥ {ਪੰਨਾ 1381}

ਪਦ ਅਰਥ:- ਉਡਿ—ਉੱਡ ਕੇ। ਕੋਧ੍ਰੈ—ਕੋਧਰੇ ਦੀ ਪੈਲੀ ਵਿਚ। ਪਇਆ—ਜਾ ਪਿਆ, ਜਾ ਬੈਠਾ। ਵਿਡਾਰਣਿ—ਉਡਾਣ ਲਈ। ਗਹਲਾ—ਕਮਲਾ। ਲੋਕੁ—ਜਗਤ, (ਭਾਵ) ਜਗਤ ਦੇ ਬੰਦੇ।

ਅਰਥ:- ਹੰਸ ਉੱਡ ਕੇ ਕੋਧਰੇ ਦੀ ਪੈਲੀ ਵਿਚ ਜਾ ਬੈਠਾ ਤਾਂ ਦੁਨੀਆ ਦੇ ਬੰਦੇ ਉਸ ਨੂੰ ਉਡਾਣ ਜਾਂਦੇ ਹਨ। ਕਮਲੀ

ਦੁਨੀਆ ਇਹ ਨਹੀਂ ਜਾਣਦੀ ਕਿ ਹੰਸ ਕੋਧਰਾ ਨਹੀਂ ਖਾਂਦਾ। 65।

ਸ਼ਲੋਕ ਨੰ: 66 ਤੋਂ 92 ਤਕ:

ਚਲਿ ਚਲਿ ਗਈਆਂ ਪੰਖੀਆਂ ਜਿਨ੍ਹੀ ਵਸਾਏ ਤਲ ॥ ਫਰੀਦਾ ਸਰੁ ਭਰਿਆ ਭੀ ਚਲਸੀ ਥਕੇ ਕਵਲ ਇਕਲ ॥੬੬॥ {ਪੰਨਾ 1381}

ਪਦ ਅਰਥ:- ਚਲਿ ਚਲਿ ਗਈਆਂ—ਆਪੋ ਆਪਣੀ ਵਾਰੀ ਚਲੀਆਂ ਗਈਆਂ। ਪੰਖੀਆਂ— ਪੰਛੀਆਂ ਦੀਆਂ ਡਾਰਾਂ। ਤਲ—ਤਲਾਬ। ਵਸਾਏ—ਰੌਣਕ ਦੇ ਰਹੇ ਸਨ। ਸਰੁ—ਸਰੋਵਰ, ਤਲਾਬ। ਚਲਸੀ—ਸੁੱਕ ਜਾਇਗਾ। ਥਕੇ—ਕੁਮਲਾ ਗਏ। ਇਕਲ—ਪਿੱਛੇ ਇਕੱਲੇ ਰਹੇ ਹੋਏ।

ਅਰਥ:- ਹੇ ਫਰੀਦ! ਜਿਨ੍ਹਾਂ (ਜੀਵ-) ਪੰਛੀਆਂ ਦੀਆਂ ਡਾਰਾਂ ਨੇ ਇਸ (ਸੰਸਾਰ-) ਤਲਾਬ ਨੂੰ ਸੁਹਾਵਣਾ ਬਣਾਇਆ ਹੋਇਆ ਹੈ, ਉਹ ਆਪੋ ਆਪਣੀ ਵਾਰੀ (ਇਸ ਨੂੰ ਛੱਡ ਕੇ) ਟੁਰੀਆਂ ਜਾ ਰਹੀਆਂ ਹਨ। (ਇਹ ਜਗਤ-) ਸਰੋਵਰ ਭੀ ਸੁੱਕ ਜਾਇਗਾ ਤੇ ਪਿੱਛੇ ਰਹੇ ਹੋਏ ਇਕੱਲੇ ਕਉਲ ਫੁਲ ਭੀ ਕੁਮਲਾ ਜਾਣਗੇ (ਭਾਵ, ਇਹ ਸ੍ਰਿਸ਼ਟੀ ਦੇ ਸੋਹਣੇ ਪਦਾਰਥ ਸਭ ਨਾਸ ਹੋ ਜਾਣਗੇ)। 66।

ਫਰੀਦਾ ਇਟ ਸਿਰਾਣੇ ਭੁਇ ਸਵਣੁ ਕੀੜਾ ਲੜਿਓ ਮਾਸਿ ॥ ਕੇਤੜਿਆ ਜੁਗ ਵਾਪਰੇ ਇਕਤੁ ਪਇਆ ਪਾਸਿ ॥੬੭॥ {ਪੰਨਾ 1381}

ਪਦ ਅਰਥ:- ਇਟ ਸਿਰਾਣੇ—ਸਿਰ ਹੇਠ ਇੱਟ ਹੋਵੇਗੀ। ਭੁਇ—ਧਰਤੀ ਵਿਚ। ਮਾਸਿ—ਮਾਸ ਵਿਚ, ਪਿੰਡੇ ਵਿਚ। ਕੇਤੜਿਆ ਜੁਗ—ਕਈ ਜੁਗ, ਬੇਅੰਤ ਸਮਾਂ। ਵਾਪਰੇ—ਲੰਘ ਜਾਣਗੇ। ਇਕਤੁ ਪਾਸਿ—ਇੱਕੋ ਪਾਸੇ।

ਅਰਥ:- ਹੇ ਫਰੀਦ! (ਜੀਵ-ਪੰਛੀਆਂ ਦੀਆਂ ਤੁਰੀਆਂ ਜਾ ਰਹੀਆਂ ਡਾਰਾਂ ਵਾਂਗ ਜਦੋਂ ਤੇਰੀ ਵਾਰੀ ਆਈ, ਤੇਰੇ ਭੀ) ਸਿਰ ਹੇਠ ਇੱਟ ਹੋਵੇਗੀ, ਧਰਤੀ ਵਿਚ (ਭਾਵ, ਤੂੰ ਕਬਰ ਵਿਚ) ਸੁੱਤਾ ਪਿਆ ਹੋਵੇਂਗਾ, (ਤੇ ਤੇਰੇ) ਪਿੰਡੇ ਵਿਚ ਕੀੜੇ ਤੁਰਦੇ ਹੋਣਗੇ। (ਇਸ ਤਰ੍ਹਾਂ) ਇੱਕੋ ਪਾਸੇ ਪਿਆਂ ਢੇਰ ਲੰਮਾ ਸਮਾਂ ਲੰਘ ਜਾਇਗਾ (ਤਦੋਂ ਤੈਨੂੰ ਕਿਸੇ ਜਗਾਣਾ ਨਹੀਂ, ਹੁਣ ਤਾਂ ਗ਼ਾਫ਼ਿਲ ਹੋ ਕੇ ਨਾ ਸਉਂ)। 67।

ਫਰੀਦਾ ਭੰਨੀ ਘੜੀ ਸਵੰਨਵੀ ਟੁਟੀ ਨਾਗਰ ਲਜੁ ॥ ਅਜਰਾਈਲੁ ਫਰੇਸਤਾ ਕੈ ਘਰਿ ਨਾਠੀ ਅਜੁ ॥੬੮॥ {ਪੰਨਾ 1381}

ਪਦ ਅਰਥ:- ਸਵੰਨਵੀ—ਸੋਹਣੇ ਵੰਨ (ਰੰਗ) ਵਾਲੀ। ਘੜੀ—ਸਰੀਰ-ਰੂਪ ਭਾਂਡਾ। ਨਾਗਰ—ਸੁੰਦਰ। ਲਜੁ—ਰੱਸੀ (ਸੁਆਸਾਂ ਦੀ ਲੜੀ)।

ਨੋਟ—ਲਫ਼ਜ਼ 'ਲਜੁ' ਸੰਸਕ੍ਰਿਤ ਦੇ ਲਫ਼ਜ਼ 'ਰੱਜੁ' (r^ju) ਤੋਂ ਬਣਿਆ ਹੈ ਜੋ (ੁ)-ਅੰਤ ਹੈ। ਸੋ, ਇਹ ਭੀ, (ੁ)-ਅੰਤ ਹੀ ਹੈ ਭਾਵੇਂ ਹੈ ਇਹ ਲਫ਼ਜ਼ 'ਇਸਤਰੀ ਲਿੰਗ'। ਇਸ ਦੇ ਟਾਕਰੇ ਤੇ ਲਫ਼ਜ਼ 'ਲਜ' ਮੁਕਤਾ-ਅੰਤ ਹੈ, ਇਸ ਦਾ ਅਰਥ ਹੈ, 'ਲਾਜ ਸ਼ਰਮ', (ਵੇਖੋ 'ਗੁਰਬਾਣੀ ਵਿਆਕਰਣ')। ਕੈ ਘਰਿ—ਕਿਸ ਦੇ ਘਰ ਵਿਚ? ਨਾਠੀ—ਪ੍ਰਾਹੁਣਾ।

ਅਰਥ:- ਹੇ ਫਰੀਦ! (ਵੇਖ, ਤੇਰੇ ਗੁਆਂਢ ਕਿਸ ਬੰਦੇ ਦਾ ਸਰੀਰ-ਰੂਪ) ਸੁੰਦਰ ਰੰਗ ਵਾਲਾ ਭਾਂਡਾ ਭੱਜ ਗਿਆ ਹੈ (ਅਤੇ ਸੁਆਸਾਂ ਦੀ) ਸੋਹਣੀ ਲੱਜ ਟੁੱਟ ਗਈ ਹੈ? (ਵੇਖ,) ਅੱਜ ਕਿਸ ਦੇ ਘਰ (ਮੌਤ ਦਾ) ਫ਼ਰਿਸਤਾ ਅਜ਼ਰਾਈਲ ਪ੍ਰਾਹੁਣਾ ਹੈ? (ਭਾਵ, ਜੇ ਜੀਵ-ਪੰਛੀਆਂ ਦੀਆਂ ਡਾਰਾਂ ਵਿਚੋਂ ਨਿੱਤ ਤੇਰੇ ਸਾਹਮਣੇ ਕਿਸੇ ਨ ਕਿਸੇ ਦੀ ਇਥੋਂ ਤੁਰਨ ਦੀ ਵਾਰੀ ਆਈ ਰਹਿੰਦੀ ਹੈ), ਤਾਂ ਨੂੰ ਕਿਉਂ ਗ਼ਾਫ਼ਿਲ ਹੋ ਕੇ ਸੁੱਤਾ ਪਿਆ ਹੈਂ?। 68।

ਫਰੀਦਾ ਭੰਨੀ ਘੜੀ ਸਵੰਨਵੀ ਟੂਟੀ ਨਾਗਰ ਲਜੁ ॥ ਜੋ ਸਜਣ ਭੁਇ ਭਾਰੁ ਥੇ ਸੇ ਕਿਉ ਆਵਹਿ ਅਜੁ ॥੬੯॥ {ਪੰਨਾ 1381}

ਅਰਥ:- ਭੁਇ—ਧਰਤੀ ਉਤੇ। ਭਾਰੁ ਥੇ—(ਨਿਰਾ) ਭਾਰ ਸਨ (ਭਾਵ, ਜੋ ਜਨਮ-ਮਨੋਰਥ ਨੂੰ ਵਿਸਾਰੀ ਬੈਠੇ ਸਨ)। ਕਿਉ ਆਵਹਿ ਅਜੁ—ਅੱਜ ਫਿਰ ਕਿਵੇਂ ਆਉਣ? (ਭਾਵ,) ਫਿਰ ਇਹ ਮਨੁੱਖਾ ਜਨਮ ਵਾਲਾ ਸਮਾਂ ਨਹੀਂ ਮਿਲਦਾ।

ਅਰਥ:- ਹੇ ਫਰੀਦ! (ਵੇਖ, ਕਿਸ ਦਾ ਸਰੀਰ-ਰੂਪ) ਸੋਹਣੇ ਰੰਗ ਵਾਲਾ ਭਾਂਡਾ ਭੱਜ ਗਿਆ ਹੈ (ਤੇ ਸੁਆਸਾਂ-ਰੂਪ) ਸੋਹਣੀ ਲੱਜ ਟੁੱਟ ਗਈ ਹੈ? ਜਿਹੜੇ ਭਰਾ (ਨਮਾਜ਼ ਵਲੋਂ ਗ਼ਾਫ਼ਿਲ ਹੋ ਕੇ) ਧਰਤੀ ਉਤੇ (ਨਿਰਾ) ਭਾਰ ਹੀ ਬਣੇ ਰਹੇ, ਉਹਨਾਂ ਨੂੰ ਮਨੁੱਖਾ ਜਨਮ ਵਾਲਾ ਇਹ ਸਮਾ ਫਿਰ ਨਹੀਂ ਮਿਲੇਗਾ। 69।

ਫਰੀਦਾ ਬੇ ਨਿਵਾਜਾ ਕੁਤਿਆ ਏਹ ਨ ਭਲੀ ਰੀਤਿ ॥ ਕਬਹੀ ਚਲਿ ਨ ਆਇਆ ਪੰਜੇ ਵਖਤ ਮਸੀਤਿ ॥੭੦॥ {ਪੰਨਾ 1381}

ਪਦ ਅਰਥ:- ਰੀਤਿ—ਤਰੀਕਾ, ਜੀਊਣ ਦਾ ਤਰੀਕਾ। ਕਬ ਹੀ—ਕਦੇ ਭੀ। ਚਲਿ ਨ ਆਇਆ—ਚੱਲ ਕੇ ਨਹੀਂ ਆਏ, ਉੱਦਮ ਕਰ ਕੇ ਨਹੀਂ ਆਏ। ਬੇਨਿਵਾਜਾ—ਜੋ ਨਿਮਾਜ਼ ਨਹੀਂ ਪੜ੍ਹਦੇ, ਜੋ ਬੰਦਗੀ ਨਹੀਂ ਕਰਦੇ।

ਅਰਥ:- ਹੇ ਫਰੀਦ! ਜੋ ਬੰਦੇ ਨਿਮਾਜ਼ ਨਹੀਂ ਪੜ੍ਹਦੇ (ਭਾਵ, ਜੋ ਬੰਦਗੀ ਵਲੋਂ ਗ਼ਾਫ਼ਿਲ ਹਨ) ਜੋ ਕਦੇ ਭੀ ਉੱਦਮ ਕਰ ਕੇ ਪੰਜੇ ਵੇਲੇ ਮਸੀਤ ਨਹੀਂ ਆਉਂਦੇ (ਭਾਵ, ਜੋ ਕਦੇ ਭੀ ਘੱਟ ਤੋਂ ਘੱਟ ਪੰਜ ਵੇਲੇ ਰੱਬ ਨੂੰ ਯਾਦ ਨਹੀਂ ਕਰਦੇ) ਉਹ ਕੁੱਤਿਆਂ (ਸਮਾਨ) ਹਨ, ਉਹਨਾਂ ਦਾ ਇਹ ਜੀਊਣ ਦਾ ਤਰੀਕਾ ਚੰਗਾ ਨਹੀਂ ਕਿਹਾ ਜਾ ਸਕਦਾ। 70।

ਉਠੁ ਫਰੀਦਾ ਉਜੂ ਸਾਜਿ ਸੁਬਹ ਨਿਵਾਜ ਗੁਜਾਰਿ ॥ ਜੋ ਸਿਰੁ ਸਾਂਈ ਨਾ ਨਿਵੈ ਸੋ ਸਿਰੁ ਕਪਿ ਉਤਾਰਿ ॥੭੧॥ {ਪੰਨਾ 1381}

ਪਦ ਅਰਥ:- ਉਜੂ—ਨਿਮਾਜ਼ ਪੜ੍ਹਨ ਤੋਂ ਪਹਿਲਾਂ ਹੱਥ ਮੂੰਹ ਪੈਰ ਧੋਣੇ। ਉਜੂ ਸਾਜਿ—ਉਜ਼ੂ ਕਰ, ਮੂੰਹ ਹੱਥ ਧੋ। ਸੁਬਹ—ਸਵੇਰ ਦੀ। ਨਿਵਾਜ ਗੁਜਾਰਿ—ਨਿਮਾਜ਼ ਪੜ੍ਹ। ਕਪਿ—ਕੱਟ ਕੇ।

ਅਰਥ:- ਹੇ ਫਰੀਦ! ਉੱਠ, ਮੂੰਹ ਹੱਥ ਧੋ, ਤੇ ਸਵੇਰ ਦੀ ਨਿਮਾਜ਼ ਪੜ੍ਹ। ਜੋ ਸਿਰ ਮਾਲਕ-ਰੱਬ ਅੱਗੇ ਨਹੀਂ ਨਿਊਂਦਾ, ਉਹ ਸਿਰ ਕੱਟ ਕੇ ਲਾਹ ਦੇਹ (ਭਾਵ, ਬੰਦਗੀਹੀਣ ਬੰਦੇ ਦਾ ਜੀਊਣਾ ਕਿਸ ਅਰਥ?)। 71।

ਜੋ ਸਿਰੁ ਸਾਈ ਨਾ ਨਿਵੈ ਸੋ ਸਿਰੁ ਕੀਜੈ ਕਾਂਇ ॥ ਕੁੰਨੇ ਹੇਠਿ ਜਲਾਈਐ ਬਾਲਣ ਸੰਦੈ ਥਾਇ ॥ ੭੨॥ {ਪੰਨਾ 1381}

ਪਦ ਅਰਥ:- ਕੀਜੈ ਕਾਂਇ—ਕੀਹ ਕਰੀਏ? ਕੀਹ ਬਣਾਈਏ? ਕੁੰਨਾ—ਹਾਂਡੀ। ਸੰਦੈ—ਦੇ।

ਅਰਥ:- ਜੋ ਸਿਰ (ਬੰਦਗੀ ਵਿਚ) ਮਾਲਕ-ਰੱਬ ਅੱਗੇ ਨਹੀਂ ਨਿਊਂਦਾ, ਉਸ ਸਿਰ ਦਾ ਕੋਈ ਲਾਭ ਨਹੀਂ। ਉਸ ਸਿਰ ਨੂੰ ਹਾਂਡੀ ਹੇਠ ਬਾਲਣ ਦੇ ਥਾਂ ਬਾਲ ਦੇਣਾ ਚਾਹੀਏ (ਭਾਵ, ਉਸ ਆਕੜੇ ਹੋਏ ਸਿਰ ਨੂੰ ਸੁੱਕੀ ਲੱਕੜੀ ਹੀ ਸਮਝੋ)। 72।

ਫਰੀਦਾ ਕਿਥੈ ਤੈਡੇ ਮਾਪਿਆ ਜਿਨ੍ਹੀ ਤੂ ਜਣਿਓਹਿ ॥ ਤੈ ਪਾਸਹੁ ਓਇ ਲਦਿ ਗਏ ਤੂੰ ਅਜੈ ਨ ਪਤੀਣੋਹਿ ॥੭੩॥ {ਪੰਨਾ 1381}

ਪਦ ਅਰਥ:- ਤੈਡੇ—ਤੇਰੇ। ਤੂ—ਤੈਨੂੰ। ਜਾਣਿਓਹਿ—ਜਨਮ ਦਿੱਤਾ। ਜਿਨ੍ਹੀ—ਇਸ ਲਫ਼ਜ਼ ਦੇ ਅੱਖਰ 'ਨ' ਦੇ ਹੇਠ ਅੱਧਾ 'ਹ' ਹੈ। ਪਤੀਣੋਹਿ—ਪਤੀਜਿਆ, ਤਸੱਲੀ ਹੋਈ, ਯਕੀਨ ਆਇਆ। ਓਇ—ਉਹ ਤੇਰੇ ਮਾਪੇ (ਲਫ਼ਜ਼ 'ਓਹ' ਤੋਂ ਬਹੁ-ਵਚਨ)।

ਅਰਥ:- ਹੇ ਫਰੀਦ! (ਜੀਵ-ਪੰਛੀਆਂ ਦੀਆਂ ਤੁਰੀਆਂ ਜਾ ਰਹੀਆਂ ਹੋਰ ਡਾਰਾਂ ਦਾ ਜੇ ਤੈਨੂੰ ਖ਼ਿਆਲ ਨਹੀਂ ਆਉਂਦਾ, ਤਾਂ ਇਹੀ ਵੇਖ ਕਿ) ਤੇਰੇ (ਆਪਣੇ) ਮਾਪੇ ਕਿੱਥੇ ਹਨ, ਜਿਨ੍ਹਾਂ ਤੈਨੂੰ ਜੰਮਿਆ ਸੀ। ਉਹ ਤੇਰੇ ਮਾਪੇ ਤੇਰੇ ਪਾਸੋਂ ਕਦੇ ਦੇ ਚਲੇ ਗਏ ਹਨ। ਤੈਨੂੰ ਅਜੇ ਭੀ ਯਕੀਨ ਨਹੀਂ ਆਇਆ (ਕਿ ਤੂੰ ਤਾਂ ਇਥੋਂ ਤੁਰ ਜਾਣਾ ਹੈ, ਇਸੇ ਕਰਕੇ ਰੱਬ ਦੀ ਬੰਦਗੀ ਵਲੋਂ ਗ਼ਾਫ਼ਿਲ ਪਿਆ ਹੈਂ)। 73।

ਫਰੀਦਾ ਮਨੁ ਮੈਦਾਨੁ ਕਰਿ ਟੋਏ ਟਿਬੇ ਲਾਹਿ ॥ ਅਗੈ ਮੂਲਿ ਨ ਆਵਸੀ ਦੋਜਕ ਸੰਦੀ ਭਾਹਿ ॥ ੭੪॥ {ਪੰਨਾ 1381}

ਪਦ ਅਰਥ:- ਮੈਦਾਨੁ—ਪੱਧਰਾ ਥਾਂ। ਲਾਹਿ—ਦੂਰ ਕਰ ਦੇਹ। ਟੋਏ ਟਿਬੇ—ਨੀਵੇਂ ਤੇ ਉੱਚੇ ਥਾਂ। ਅਗੈ—ਤੇਰੇ ਅੱਗੇ, ਤੇਰੀ ਜ਼ਿੰਦਗੀ ਦੇ ਸਫ਼ਰ ਵਿਚ। ਸੰਦੀ—ਦੀ। ਭਾਹਿ—ਅੱਗ। ਆਵਸੀ—ਆਵੇਗੀ।

ਅਰਥ:- ਹੇ ਫਰੀਦ! ਮਨ ਨੂੰ ਪੱਧਰਾ ਕਰ ਦੇਹ (ਅਤੇ ਇਸ ਦੇ) ਉੱਚੇ ਨੀਵੇਂ ਥਾਂ ਦੂਰ ਕਰ ਦੇਹ, (ਜੇ ਤੂੰ ਕਰ ਸਕੇਂ, ਤਾਂ) ਤੇਰੇ ਜੀਵਨ-ਸਫ਼ਰ ਵਿਚ ਦੋਜ਼ਕ ਦੀ ਅੱਗ ਬਿਲਕੁਲ ਨਹੀਂ ਆਵੇਗੀ, (ਭਾਵ, ਮਨ ਵਿਚ ਟੋਏ ਟਿੱਬੇ ਟਿਕੇ ਰਹਿਣ ਕਰਕੇ ਜੋ ਕਲੇਸ਼ ਮਨੁੱਖ ਨੂੰ ਵਾਪਰਦੇ ਹਨ, ਇਹਨਾਂ ਦੇ ਦੂਰ ਹੋਇਆਂ ਉਹ ਕਲੇਸ਼ ਭੀ ਮਿਟ ਜਾਣਗੇ)। 74।

ਨੋਟ—ਮਨ ਵਿਚ ਕਿਹੜੇ ਟੋਏ ਟਿੱਬੇ ਹਨ, ਅਤੇ ਇਹਨਾਂ ਨੂੰ ਦੂਰ ਕਰਨ ਦਾ ਕੀਹ ਭਾਵ ਹੈ? ਇਹ ਗੱਲ ਫਰੀਦ ਜੀ ਨੇ ਸਪਸ਼ਟ ਕਰਕੇ ਨਹੀਂ ਲਿਖੀ। ਫਰੀਦ ਜੀ ਦੇ ਇਸ ਖ਼ਿਆਲ ਨੂੰ ਉਘੇੜਨ ਵਾਸਤੇ ਸਤਿਗੁਰੂ ਅਰਜਨ ਦੇਵ ਜੀ ਨੇ ਅਗਲਾ ਸ਼ਲੋਕ ਆਪਣੇ ਵੱਲੋਂ ਲਿਖਿਆ ਹੈ, ਅਤੇ ਨਾਮ ਫਰੀਦ ਜੀ ਦਾ ਹੀ ਵਰਤ ਦਿੱਤਾ ਹੈ। ਨਿਖੇੜਨ ਵਾਸਤੇ ਸਿਰਲੇਖ 'ਮ: 5' ਦੇ ਦਿੱਤਾ ਹੈ।

ਮਹਲਾ ੫ ॥ ਫਰੀਦਾ ਖਾਲਕੁ ਖਲਕ ਮਹਿ ਖਲਕ ਵਸੈ ਰਬ ਮਾਹਿ ॥ ਮੰਦਾ ਕਿਸ ਨੋ ਆਖੀਐ ਜਾਂ ਤਿਸੁ ਬਿਨੁ ਕੋਈ ਨਾਹਿ ॥੭੫॥ {ਪੰਨਾ 1381}

ਪਦ ਅਰਥ:- ਖਾਲਕੁ—ਖ਼ਲਕਤ ਨੂੰ ਪੈਦਾ ਕਰਨ ਵਾਲਾ ਪਰਮਾਤਮਾ। ਮਾਹਿ—ਮਹਿ, ਵਿਚ। ਤਿਸੁ ਬਿਨੁ—ਉਸ ਪਰਮਾਤਮਾ ਤੋਂ ਬਿਨਾ।

ਅਰਥ:- ਹੇ ਫਰੀਦ! (ਖ਼ਲਕਤ ਪੈਦਾ ਕਰਨ ਵਾਲਾ) ਪਰਮਾਤਮਾ (ਸਾਰੀ) ਖ਼ਲਕਤ ਵਿਚ ਮੌਜੂਦ ਹੈ, ਅਤੇ ਖ਼ਲਕਤ ਪਰਮਾਤਮਾ ਵਿਚ ਵੱਸ ਰਹੀ ਹੈ। ਜਦੋਂ (ਕਿਤੇ ਭੀ) ਉਸ ਪਰਮਾਤਮਾ ਤੋਂ ਬਿਨਾ ਹੋਰ ਦੂਜਾ ਨਹੀਂ ਹੈ, ਤਾਂ ਕਿਸ ਜੀਵ ਨੂੰ ਭੈੜਾ ਕਿਹਾ ਜਾਏ? (ਭਾਵ, ਕਿਸੇ ਮਨੁੱਖ ਨੂੰ ਮਾੜਾ ਨਹੀਂ ਕਿਹਾ ਜਾ ਸਕਦਾ)।

ਨੋਟ:- ਕੋਈ ਮਨੁੱਖ ਕਿਸੇ ਦੂਜੇ ਨੂੰ ਮਾੜਾ ਆਖਣ ਵੇਲੇ ਆਪਣੇ ਆਪ ਨੂੰ ਚੰਗਾ ਸਮਝਦਾ ਹੈ, ਦੂਜੇ ਲਫ਼ਜ਼ਾਂ ਵਿਚ, ਆਪ ਟਿੱਬੇ ਤੇ ਖਲੋਤਾ ਹੋਇਆ ਹੇਠਾਂ ਟੋਏ ਵਲ ਤੱਕ ਰਿਹਾ ਹੁੰਦਾ ਹੈ। ਜਿਨ੍ਹਾਂ ਨੂੰ ਨੀਵੇਂ ਆਖਦਾ ਹੈ, ਉਹ ਇਸ ਅਹੰਕਾਰੀ ਤੋਂ ਨਫ਼ਰਤਿ ਕਰਦੇ ਹਨ। ਇਸ ਤਰ੍ਹਾਂ ਵੈਰ ਤੇ ਨਫ਼ਰਤਿ ਦੀ ਅੱਗ ਮੱਚ ਉੱਠਦੀ ਹੈ, ਜਿਸ ਤੋਂ ਕਈ ਕਿਸਮ ਦੇ ਕਲੇਸ਼ ਪੈਦਾ ਹੁੰਦੇ ਹਨ। ਅਗਲੇ ਸ਼ਲੋਕ ਵਿਚ ਫਰੀਦ ਜੀ ਕਹਿੰਦੇ ਹਨ ਕਿ ਇਹਨਾਂ ਕਲੇਸ਼ਾਂ ਨਾਲੋਂ ਤਾਂ ਮੌਤ ਚੰਗੀ ਹੈ।

ਫਰੀਦਾ ਜਿ ਦਿਹਿ ਨਾਲਾ ਕਪਿਆ ਜੇ ਗਲੁ ਕਪਹਿ ਚੁਖ ॥ ਪਵਨਿ ਨ ਇਤੀ ਮਾਮਲੇ ਸਹਾਂ ਨ ਇਤੀ ਦੁਖ ॥੭੬॥ {ਪੰਨਾ 1381}

ਪਦ ਅਰਥ:- ਜਿ ਦਿਨ—ਜਿਸ ਦਿਹਿ। ਨਾਲਾ—ਨਾੜੂ। ਕਪਹਿ—(ਤੂੰ) ਕੱਟ ਦੇਂਦੀਓਂ (ਹੇ ਦਾਈ!) ਚੁਖ—ਰਤਾ ਕੁ। ਇਤੀ—ਇਤਨੇ। ਮਾਮਲੇ—ਝੰਬੇਲੇ, ਕਜ਼ੀਏ।

ਅਰਥ:- ਹੇ ਫਰੀਦ! (ਆਖ—) (ਹੇ ਦਾਈ!) ਜਿਸ ਦਿਨ ਮੇਰਾ ਨਾੜੂ ਕੱਟਿਆ ਸੀ, ਜੇ ਰਤਾ ਕੁ ਮੇਰਾ ਗਲ ਵੱਢ

ਦੇਂਦੀਓਂ, ਤਾਂ (ਮਨ ਦੇ ਇਹਨਾਂ ਟੋਇਆਂ ਟਿੱਬਿਆਂ ਦੇ ਕਾਰਣ) ਨਾਹ ਇਤਨੇ ਝੰਬੇਲੇ ਪੈਂਦੇ ਅਤੇ ਨਾਹ ਹੀ ਮੈਂ ਇਤਨੇ ਦੁੱਖ ਸਹਾਰਦਾ। 76।

ਨੋਟ—ਕਈ ਸੱਜਣ ਬੜੀ ਕਾਹਲੀ ਵਿਚ ਆਖਣ ਲੱਗ ਪਏ ਹਨ ਕਿ ਫਰੀਦ ਜੀ ਦੇ ਸ਼ਲੋਕ ਪੜ੍ਹਿਆਂ ਇਉਂ ਜਾਪਦਾ ਹੈ ਜਿਵੇਂ ਬਾਬਾ ਜੀ ਦੁਨੀਆ ਤੋਂ ਬੜੇ ਅੱਕੇ ਪਏ ਸਨ ਤੇ ਉਹਨਾਂ ਦਾ ਇਹ ਸ਼ਲੋਕ ਢਹਿੰਦੇ ਪਾਸੇ ਵਲ ਲੈ ਜਾਂਦਾ ਹੈ। ਅਜੇਹੇ ਲੋਕ ਇਹ ਉਕਾਈ ਇਸ ਵਾਸਤੇ ਖਾ ਰਹੇ ਹਨ ਕਿ ਉਹ ਇਹਨਾਂ ਸ਼ਲੋਕਾਂ ਨੂੰ ਰਲਾ ਕੇ ਪੜ੍ਹਨਾ ਅਜੇ ਨਹੀਂ ਸਿੱਖੇ। ਸ਼ਲੋਕ ਨੰ: 74 ਤੇ 76 ਨੂੰ ਰਲਾ ਕੇ ਪੜ੍ਹੋ, ਭਾਵ ਸਾਫ਼ ਹੈ ਕਿ ਇਕ ਦੂਜੇ ਤੋਂ ਨਫ਼ਰਤਿ ਕਰ ਕੇ ਲੋਕਾਂ ਨੇ ਜਗਤ ਨੂੰ ਨਰਕ ਬਣਾ ਦਿੱਤਾ ਹੈ। ਫਰੀਦ ਜੀ ਇਸ ਆਕੜ ਤੇ ਨਫ਼ਰਤਿ ਤੋਂ ਵਰਜ ਰਹੇ ਹਨ।

ਚਬਣ ਚਲਣ ਰਤੰਨ ਸੇ ਸੁਣੀਅਰ ਬਹਿ ਗਏ ॥ ਹੇੜੇ ਮੁਤੀ ਧਾਹ ਸੇ ਜਾਨੀ ਚਲਿ ਗਏ ॥੭੭॥ {ਪੰਨਾ 1381}

ਪਦ ਅਰਥ:- ਚਬਣ—ਦੰਦ, ਚੱਬਣ। ਚਲਣ—ਲੱਤਾਂ। ਰਤੰਨ—ਅੱਖਾਂ। ਸੁਣੀਅਰ—ਕੰਨ। ਸੇ—ਉਹ (ਜਿਨ੍ਹਾਂ ਦੇ ਮਾਣ ਤੇ ਮਨ ਵਿਚ ਟੋਏ ਟਿੱਬੇ ਬਣਾਏ ਹੋਏ ਸਨ, ਜਿਨ੍ਹਾਂ ਦੇ ਮਾਣ ਤੇ ਦੂਜਿਆਂ ਨੂੰ ਹੀਣੇ ਸਮਝਦੇ ਸਾਂ)। ਬਹਿ ਗਏ—ਬੈਠ ਗਏ, ਬਹਿਕਲ ਹੋ ਗਏ ਹਨ, ਕੰਮ ਕਰਨ ਤੋਂ ਰਹਿ ਗਏ ਹਨ। ਹੇੜੇ—ਸਰੀਰ ਨੇ। ਧਾਹ ਮੁਤੀ—ਢਾਹ ਮਾਰੀ। ਸੇ ਜਾਨੀ—ਉਹ ਮਿੱਤਰ (ਜਿਨ੍ਹਾਂ ਤੇ ਮਾਣ ਸੀ)।

ਅਰਥ:- (ਕਿਸ ਮਾਣ ਤੇ ਦੂਜਿਆਂ ਨੂੰ ਮਾੜਾ ਆਖਣਾ ਹੋਇਆ? ਕਿਸ ਮਾਣ ਤੇ ਮਨ ਵਿਚ ਇਹ ਟੋਏ ਟਿੱਬੇ ਬਣਾਣੇ ਹੋਏ?) ਉਹ ਦੰਦ, ਲੱਤਾਂ, ਅੱਖਾਂ ਤੇ ਕੰਨ (ਜਿਨ੍ਹਾਂ ਦੇ ਮਾਣ ਦੇ ਇਹ ਟੋਏ ਟਿੱਬੇ ਬਣੇ ਸਨ) ਕੰਮ ਕਰਨੋਂ ਰਹਿ ਗਏ ਹਨ। (ਇਸ) ਸਰੀਰ ਨੇ ਢਾਹ ਮਾਰੀ ਹੈ (ਭਾਵ, ਇਹ ਆਪਣਾ ਹੀ ਸਰੀਰ ਹੁਣ ਦੁਖੀ ਹੋ ਰਿਹਾ ਹੈ, ਕਿ ਮੇਰੇ) ਉਹ ਮਿੱਤਰ ਤੁਰ ਗਏ ਹਨ (ਭਾਵ, ਕੰਮ ਦੇਣੋਂ ਰਹਿ ਗਏ ਹਨ, ਜਿਨ੍ਹਾਂ ਤੇ ਮੈਨੂੰ ਮਾਣ ਸੀ)। 77।

ਫਰੀਦਾ ਬੁਰੇ ਦਾ ਭਲਾ ਕਰਿ ਗੁਸਾ ਮਨਿ ਨ ਹਢਾਇ ॥ ਦੇਹੀ ਰੋਗੁ ਨ ਲਗਈ ਪਲੈ ਸਭੁ ਕਿਛੁ ਪਾਇ ॥੭੮॥ {ਪੰਨਾ 1382}

ਪਦ ਅਰਥ:- ਮਨਿ—ਮਨ ਵਿਚ। ਨ ਹਢਾਇ—ਨਾਹ ਆਉਣ ਦੇਹ। ਦੇਹੀ—ਸਰੀਰ ਨੂੰ। ਨ ਲਗਈ—ਨਹੀਂ ਲੱਗਦਾ। ਸਭੁ ਕਿਛੁ—ਹਰੇਕ ਚੀਜ਼। ਪਲੈ ਪਾਇ—ਪੱਲੇ ਪਈ ਰਹਿੰਦੀ ਹੈ, ਸਾਂਭੀ ਰਹਿੰਦੀ ਹੈ।

ਅਰਥ:- ਹੇ ਫਰੀਦ! ਬੁਰਾਈ ਕਰਨ ਵਾਲੇ ਨਾਲ ਭੀ ਭਲਾਈ ਕਰ। ਗੁੱਸਾ ਮਨ ਵਿਚ ਨਾਹ ਆਉਣ ਦੇਹ। (ਇਸ ਤਰ੍ਹਾਂ) ਸਰੀਰ ਨੂੰ ਕੋਈ ਰੋਗ ਨਹੀਂ ਲੱਗਦਾ ਅਤੇ ਹਰੇਕ ਪਦਾਰਥ (ਭਾਵ, ਚੰਗਾ ਗੁਣ) ਸਾਂਭਿਆ ਰਹਿੰਦਾ ਹੈ।

ਫਰੀਦਾ ਪੰਖ ਪਰਾਹੁਣੀ ਦੁਨੀ ਸੁਹਾਵਾ ਬਾਗੁ ॥ ਨਉਬਤਿ ਵਜੀ ਸੁਬਹ ਸਿਉ ਚਲਣ ਕਾ ਕਰਿ ਸਾਜੁ ॥੭੯॥ {ਪੰਨਾ 1382}

ਪਦ ਅਰਥ:- ਪੰਖ—ਪੰਛੀਆਂ ਦੀ ਡਾਰ। ਦੁਨੀ—ਦੁਨੀਆ। ਸੁਹਾਵਾ—ਸੋਹਣਾ। ਨਉਬਤਿ—ਧੌਂਸਾ। ਸੁਬਹ ਸਿਉ—ਸਵੇਰ ਦਾ। ਸਾਜੁ—ਸਾਮਾਨ, ਆਹਰ, ਤਿਆਰੀ।

ਅਰਥ:- ਹੇ ਫਰੀਦ! ਇਹ ਦੁਨੀਆ (ਇਕ) ਸੋਹਣਾ ਬਾਗ਼ ਹੈ (ਇਥੇ ਮਨ ਵਿਚ 'ਟੋਏ ਟਿੱਬੇ' ਬਣਾਏ ਕਿਉਂ ਹੋਏ? ਇਥੇ ਤਾਂ ਸਾਰੇ ਜੀਵ-ਰੂਪ) ਪੰਛੀਆਂ ਦੀ ਡਾਰ ਪਰਾਹੁਣੀ ਹੈ। ਜਦੋਂ ਸਵੇਰ ਦਾ ਧੌਂਸਾ ਵੱਜਾ (ਸਭ ਨੇ ਜ਼ਿੰਦਗੀ ਦੀ ਰਾਤ ਕੱਟ ਕੇ ਤੁਰ ਜਾਣਾ ਹੈ)। (ਹੇ ਫਰੀਦ! ਇਹ 'ਟੋਏ ਟਿੱਬੇ' ਦੂਰ ਕਰ, ਤੇ ਤੂੰ ਭੀ) ਤੁਰਨ ਦੀ ਤਿਆਰੀ ਕਰ। 79।

ਫਰੀਦਾ ਰਾਤਿ ਕਥੂਰੀ ਵੰਡੀਐ ਸੁਤਿਆ ਮਿਲੈ ਨ ਭਾਉ ॥ ਜਿੰਨ੍ਾ ਨੈਣ ਨੀ ਦ੍ਰਾਵਲੇ ਤਿੰਨ੍ਾ ਮਿਲਣੁ ਕੁਆਉ ॥੮੦॥ {ਪੰਨਾ 1382}

ਪਦ ਅਰਥ:- ਕਥੂਰੀ—ਕਸਤੂਰੀ। ਭਾਉ—ਹਿੱਸਾ। ਜਿੰਨ੍ਹਾ, ਤਿੰਨ੍ਹਾ—ਇਥੇ ਅੱਖਰ 'ਨ' ਦੇ ਹੇਠਾ ਅੱਧਾ 'ਹ' ਹੈ। ਨੀਦ੍ਰਾਵਲੇ—ਨੀਂਦ ਨਾਲ ਘੁੱਟੇ ਹੋਏ। ਮਿਲਣੁ—ਮੇਲ, ਪ੍ਰਾਪਤੀ। ਕੁਆਉ—ਕਿਥੋਂ? ਕਿਵੇਂ?

ਅਰਥ:- ਹੇ ਫਰੀਦ! (ਉਹ ਤਿਆਰੀ ਰਾਤ ਨੂੰ ਹੀ ਹੋ ਸਕਦੀ ਹੈ) ਰਾਤਿ (ਦੀ ਇਕਾਂਤ) ਵਿਚ ਕਸਤੂਰੀ ਵੰਡੀਦੀ ਹੈ (ਭਾਵ, ਰਾਤਿ ਦੀ ਇਕਾਂਤ ਵੇਲੇ ਭਜਨ ਦੀ ਸੁਗੰਧੀ ਪੈਦਾ ਹੁੰਦੀ ਹੈ), ਜੋ ਸੁੱਤੇ ਰਹਿਣ ਉਹਨਾਂ ਨੂੰ (ਇਸ ਵਿਚੋਂ) ਹਿੱਸਾ ਨਹੀਂ ਮਿਲਦਾ। ਜਿਨ੍ਹਾਂ ਦੀਆਂ ਅੱਖਾਂ (ਸਾਰੀ ਰਾਤ) ਨੀਂਦ ਵਿਚ ਘੁੱਟੀਆਂ ਰਹਿਣ, ਉਹਨਾਂ ਨੂੰ (ਨਾਮ ਦੀ ਕਸਤੂਰੀ ਦੀ) ਪ੍ਰਾਪਤੀ ਕਿਵੇਂ ਹੋਵੇ?। 85।

ਜ਼ਰੂਰੀ ਨੋਟ:- ਸ਼ਲੋਕ ਨੰ: 74 ਵਿਚ ਮਨ ਦੇ ਜੋ 'ਟੋਏ ਟਿੱਬੇ' ਦੱਸੇ ਹਨ, ਅਗਲੇ ਸ਼ਲੋਕ ਨੰ: 81 ਵਿਚ ਉਹਨਾਂ ਟੋਏ-ਟਿੱਬਿਆਂ ਦਾ ਅਸਰ ਬਿਆਨ ਕਰਦੇ ਹਨ, ਕਿ ਇਹਨਾਂ ਦੇ ਕਾਰਨ ਸਾਰੇ ਜਗਤ ਵਿਚ ਦੁੱਖ ਹੀ ਦੁੱਖ ਵਾਪਰ ਰਿਹਾ ਹੈ, ਪਰ ਇਸ ਗੱਲ ਦੀ ਸਮਝ ਉਸ ਨੂੰ ਪੈਂਦੀ ਹੈ ਜੋ ਆਪ ਮਨ ਦੇ 'ਟੋਏ ਟਿੱਬੇ' ਤੋਂ ਉਚੇਰਾ ਹੁੰਦਾ ਹੈ।

ਫਰੀਦਾ ਮੈ ਜਾਨਿਆ ਦੁਖੁ ਮੁਝ ਕੂ ਦੁਖੁ ਸਬਾਇਐ ਜਗਿ ॥ ਊਚੇ ਚੜਿ ਕੈ ਦੇਖਿਆ ਤਾਂ ਘਰਿ ਘਰਿ ਏਹਾ ਅਗਿ ॥੮੧॥ {ਪੰਨਾ 1382}

ਪਦ ਅਰਥ:- ਮੁਝ ਕੂ—ਮੈਨੂੰ। ਸਬਾਇਐ ਜਗਿ—ਸਾਰੇ ਜਗਤ ਵਿਚ। ਊਚੇ ਚੜਿ ਕੈ—ਦੁੱਖ ਤੋਂ ਉੱਚਾ ਹੋ ਕੇ। ਘਰਿ—ਘਰ ਵਿਚ। ਘਰਿ ਘਰਿ—ਹਰੇਕ ਘਰ ਵਿਚ। ਅਗਿ—(ਇਸ ਲਫ਼ਜ਼ ਦਾ ਜੋੜ ਧਿਆਨ-ਜੋਗ ਹੈ, ਸਦਾ (ਿ)-ਅੰਤ ਹੈ, ਅਸਲ ਲਫ਼ਜ਼ ਸੰਸਕ੍ਰਿਤ ਦਾ 'ਅਗਨਿ' ਹੈ, ਇਸ ਤੋਂ ਪ੍ਰਾਕ੍ਰਿਤ-ਰੂਪ 'ਅਗਿ' ਹੈ)।

ਅਰਥ:- ਹੇ ਫਰੀਦ! ਮੈਂ (ਪਹਿਲਾਂ ਮਨ ਦੇ 'ਟੋਏ ਟਿੱਬੇ' ਤੋਂ ਪੈਦਾ ਹੋਏ ਦੁੱਖ ਵਿਚ ਘਾਬਰ ਕੇ ਇਹ) ਸਮਝਿਆ ਕਿ ਦੁੱਖ (ਸਿਰਫ਼) ਮੈਨੂੰ (ਹੀ) ਹੈ (ਸਿਰਫ਼ ਮੈਂ ਹੀ ਦੁਖੀ ਹਾਂ), (ਪਰ ਅਸਲ ਵਿਚ ਇਹ) ਦੁੱਖ ਤਾਂ ਸਾਰੇ (ਹੀ) ਜਗਤ ਵਿਚ (ਵਾਪਰ ਰਿਹਾ) ਹੈ। ਜਦੋਂ ਮੈਂ (ਆਪਣੇ ਦੁੱਖ ਤੋਂ) ਉਚੇਰਾ ਹੋ ਕੇ (ਧਿਆਨ ਮਾਰਿਆ) ਤਾਂ ਮੈਂ ਵੇਖਿਆ ਕਿ ਹਰੇਕ ਘਰ ਵਿਚ ਇਹੀ ਅੱਗ (ਬਲ) ਰਹੀ ਹੈ (ਭਾਵ, ਹਰੇਕ ਜੀਵ ਦੁਖੀ ਹੈ)। 81।

ਨੋਟ:- ਇਸ ਸ਼ਲੋਕ ਤੋਂ ਅੱਗੇ ਦੋ ਸ਼ਲੋਕ ਗੁਰੂ ਅਰਜਨ ਸਾਹਿਬ ਜੀ ਦੇ ਹਨ। ਆਪ ਲਿਖਦੇ ਹਨ ਕਿ ਉਹੀ ਵਿਰਲੇ ਬੰਦੇ ਦੁੱਖਾਂ ਦੀ ਮਾਰ ਤੋਂ ਬਚੇ ਹੋਏ ਹਨ, ਜੋ ਸਤਿਗੁਰੂ ਦੀ ਸਰਨ ਪੈ ਕੇ ਪਰਮਾਤਮਾ ਨੂੰ ਯਾਦ ਕਰਦੇ ਹਨ।

ਮਹਲਾ ੫ ॥ ਫਰੀਦਾ ਭੂਮਿ ਰੰਗਾਵਲੀ ਮੰਝਿ ਵਿਸੂਲਾ ਬਾਗ ॥ ਜੋ ਜਨ ਪੀਰਿ ਨਿਵਾਜਿਆ ਤਿੰਨ੍ਹਾ ਅੰਚ ਨ ਲਾਗ ॥੮੨॥ {ਪੰਨਾ 1382}

ਪਦ ਅਰਥ:- ਭੂਮਿ—ਧਰਤੀ। ਰੰਗਾਵਲੀ—ਰੰਗ-ਆਵਲੀ। ਆਵਲੀ—ਕਤਾਰ, ਸਿਲਸਿਲਾ। ਰੰਗ—ਸੁਹਜ, ਖ਼ੁਸ਼ੀ, ਆਨੰਦ। ਰੰਗਾਵਲੀ—ਸੁਹਾਵਣੀ। ਮੰਝਿ—(ਇਸ) ਵਿਚ। ਵਿਸੂਲਾ—ਵਿਸੁ-ਭਰਿਆ, ਵਿਹੁਲਾ।

ਨੋਟ:- ਜਿਨ੍ਹਾਂ ਲਫ਼ਜ਼ਾਂ ਦੇ ਅਸਲ ਰੂਪ ਵਿਚ (ੁ) ਸਦਾ ਨਾਲ ਰਹਿੰਦਾ ਹੈ, ਉਹਨਾਂ ਦੇ 'ਕਾਰਕੀ' ਆਦਿ ਰੂਪਾਂ ਵਿਚ (ੁ) ਦੇ ਥਾਂ (ੂ) ਹੋ ਜਾਂਦਾ ਹੈ, ਜਿਵੇਂ 'ਜਿੰਦੁ' ਤੋਂ 'ਜਿੰਦੂ', 'ਖਾਕੁ' ਤੋਂ 'ਖਾਕੂ', 'ਮਸੁ' ਤੋਂ 'ਮਸੂ' ਅਤੇ 'ਵਿਸੁ ਤੋਂ 'ਵਿਸੂ'। ਨਿਵਾਜਿਆ—ਵਡਿਆਇਆ ਹੋਇਆ। ਤਿੰਨ੍ਹਾ—(ਇਸ ਲਫ਼ਜ਼ ਦੇ ਅੱਖਰ 'ਨ' ਦੇ ਨਾਲ ਅੱਧਾ 'ਹ' ਹੈ)। ਅੰਚ—ਸੇਕ, ਆਂਚ। ਪੀਰ—ਮੁਰਸ਼ਿਦ, ਗੁਰੂ।

ਅਰਥ:- ਹੇ ਫਰੀਦ! (ਇਹ) ਧਰਤੀ (ਤਾਂ) ਸੁਹਾਵਣੀ ਹੈ, (ਪਰ ਮਨੁੱਖੀ ਮਨ ਦੇ ਟੋਏ ਟਿੱਬਿਆਂ ਦੇ ਕਾਰਨ ਇਸ) ਵਿਚ ਵਿਹੁਲਾ ਬਾਗ (ਲੱਗਾ ਹੋਇਆ) ਹੈ (ਜਿਸ ਵਿਚ ਦੁੱਖਾਂ ਦੀ ਅੱਗ ਬਲ ਰਹੀ ਹੈ)। ਜਿਸ ਵਿਚ ਮਨੁੱਖ ਨੂੰ ਸਤਿਗੁਰੂ ਨੇ ਉੱਚਾ ਕੀਤਾ ਹੈ, ਉਹਨਾਂ ਨੂੰ (ਦੁੱਖ-ਅਗਨਿ ਦਾ) ਸੇਕ ਨਹੀਂ ਲੱਗਦਾ। 82।

ਮਹਲਾ ੫ ॥ ਫਰੀਦਾ ਉਮਰ ਸੁਹਾਵੜੀ ਸੰਗਿ ਸੁਵੰਨੜੀ ਦੇਹ ॥ ਵਿਰਲੇ ਕੇਈ ਪਾਈਅਨਿ ਜਿੰਨ੍ਹਾ ਪਿਆਰੇ ਨੇਹ ॥੮੩॥ {ਪੰਨਾ 1382}

ਪਦ ਅਰਥ:- ਸੁਹਾਵੜੀ—ਸੁਹਾਵਲੀ, ਸੁਖਾਵਲੀ, ਸੁਖ-ਭਰੀ। ਸੰਗਿ—(ਉਮਰ ਦੇ) ਨਾਲ। ਸੁਵੰਨ—ਸੋਹਣਾ ਰੰਗ। ਸੁਵੰਨੜੀ—ਸੋਹਣੇ ਰੰਗ ਵਾਲੀ। ਦੇਹ—ਸਰੀਰ। ਪਾਈਅਨ੍ਹਿ—ਪਾਏ ਜਾਂਦੇ ਹਨ, ਮਿਲਦੇ ਹਨ। ਨੇਹ—ਪਿਆਰ।

ਅਰਥ:- ਹੇ ਫਰੀਦ! (ਉਹਨਾਂ ਬੰਦਿਆਂ ਦੀ) ਜ਼ਿੰਦਗੀ ਸੌਖੀ ਹੈ ਅਤੇ ਸਰੀਰ ਭੀ ਸੋਹਣੇ ਰੰਗ ਵਾਲਾ (ਭਾਵ, ਰੋਗ-ਰਹਿਤ) ਹੈ, ਜਿਨ੍ਹਾਂ ਦਾ ਪਿਆਰ ਪਿਆਰੇ ਪਰਮਾਤਮਾ ਨਾਲ ਹੈ, ('ਵਿਸੂਲਾ ਬਾਗ' ਤੇ 'ਦੁਖ-ਅਗਨੀ' ਉਹਨਾਂ ਨੂੰ ਛੁਂਹਦੇ ਨਹੀਂ, ਪਰ ਅਜੇਹੇ ਬੰਦੇ) ਕੋਈ ਵਿਰਲੇ ਹੀ ਮਿਲਦੇ ਹਨ। 83।

ਕੰਧੀ ਵਹਣ ਨ ਢਾਹਿ ਤਉ ਭੀ ਲੇਖਾ ਦੇਵਣਾ ॥ ਜਿਧਰਿ ਰਬ ਰ ਜਾਇ ਵਹਣੁ ਤਿਦਾਊ ਗੰਉ ਕਰੇ ॥੮੪॥ {ਪੰਨਾ 1382}

ਪਦ ਅਰਥ:- ਵਹਣ—ਹੇ ਵਹਣ! ਕੰਧੀ—ਨਦੀ ਦਾ ਕੰਢਾ। ਤਉ—ਤੂੰ। ਜਿਧਰਿ—ਜਿਸ ਪਾਸੇ। ਰਬ ਰਜਾਇ—ਰੱਬ ਦੀ ਮਰਜ਼ੀ। ਤਿਦਾਊ—ਉਸੇ ਪਾਸੇ। ਗੰਉ ਕਰੇ—ਰਸਤਾ ਬਣਾਉਂਦਾ ਹੈ, ਤੁਰਦਾ ਹੈ; ਚਾਲ ਚੱਲਦਾ ਹੈ।

ਨੋਟ:- ਸ਼ਲੋਕ ਨੰ: 82 ਵਿਚ ਫਰੀਦ ਜੀ ਨੇ 'ਦੁੱਖ' ਨੂੰ 'ਅੱਗ' ਦਾ ਨਾਮ ਦਿੱਤਾ ਹੈ। ਸ਼ਲੋਕ ਨੰ: 82 ਵਿਚ ਗੁਰੂ ਅਰਜਨ ਦੇਵ ਜੀ ਇਸ ਨੂੰ 'ਵਿਸੂਲਾ ਬਾਗ' ਆਖਦੇ ਹਨ। ਇਥੇ ਫਰੀਦ ਜੀ ਸੰਸਾਰਕ ਦੁੱਖਾਂ ਨੂੰ 'ਇਕ ਲੰਮੀ ਨਦੀ, ਪ੍ਰਵਾਹ, ਵਹਣ' ਆਖਦੇ ਹਨ। ਮਨੁੱਖਾ ਜੀਵਨ ਨਦੀ ਦਾ ਕੰਢਾ ਹੈ ਜੋ ਦੁੱਖਾਂ-ਰੂਪੀ ਪ੍ਰਵਾਹ ਦੇ ਵੇਗ ਨਾਲ ਢਹਿ ਰਿਹਾ ਹੈ।

ਅਰਥ:- ਦੁੱਖਾਂ ਹੇਠ ਨੱਪਿਆ ਹੋਇਆ ਜੀਵ 'ਦੁੱਖ' ਅੱਗੇ ਤਰਲੇ ਲੈ ਕੇ ਆਖਦਾ ਹੈ—) ਹੇ (ਦੁੱਖਾਂ ਦੇ) ਵਹਣ! (ਮੈਨੂੰ) ਕੰਧੀ (-ਰੁੱਖੜੇ) ਨੂੰ ਨਾਹ ਢਾਹ (ਭਾਵ, ਮੈਨੂੰ ਦੁਖੀ ਨਾਹ ਕਰ), ਤੈਨੂੰ ਭੀ (ਆਪਣੇ ਕੀਤੇ ਦਾ) ਹਿਸਾਬ ਦੇਣਾ ਪਏਗਾ। (ਦੁਖੀ ਮਨੁੱਖ ਨੂੰ ਇਹ ਸਮਝ ਨਹੀਂ ਰਹਿੰਦੀ ਕਿ) ਦੁੱਖਾਂ ਦਾ ਹੜ੍ਹ ਉਸੇ ਪਾਸੇ ਹੀ ਢਾਹ ਲਾਂਦਾ ਹੈ, ਜਿਸ ਪਾਸੇ ਰੱਬ ਦੀ ਮਰਜ਼ੀ ਹੁੰਦੀ ਹੈ (ਭਾਵ, ਰੱਬ ਦੀ ਰਜ਼ਾ-ਅਨੁਸਾਰ ਰੱਬ ਤੋਂ ਵਿਛੁੜੇ ਹੋਏ ਬੰਦੇ ਆਪਣੇ ਕੀਤੇ ਮੰਦੇ ਕਰਮਾਂ ਦੇ ਅਧੀਨ ਦੁੱਖਾਂ ਦਾ ਹੜ੍ਹ ਉਸ ਨੂੰ ਆ ਰੋੜ੍ਹਦਾ ਹੈ)। 84।

ਫਰੀਦਾ ਡੁਖਾ ਸੇਤੀ ਦਿਹੁ ਗਇਆ ਸੂਲਾਂ ਸੇਤੀ ਰਾਤਿ ॥ ਖੜਾ ਪੁਕਾਰੇ ਪਾਤਣੀ ਬੇੜਾ ਕਪਰ ਵਾਤਿ ॥੮੫॥ {ਪੰਨਾ 1382}

ਪਦ ਅਰਥ:- ਡੁਖਾ ਸੇਤੀ—ਦੁੱਖਾਂ ਨਾਲ, ਦੁੱਖਾਂ ਵਿਚ। ਦਿਹੁ—ਦਿਨ। ਸੂਲਾਂ—ਚੋਭਾਂ, ਚਿੰਤਾ-ਫ਼ਿਕਰ। ਰਾਤਿ—(ਇਸ ਲਫ਼ਜ਼ ਦੇ ਅਖ਼ੀਰ ਵਿਚ ਸਦਾ (ਿ) ਹੁੰਦੀ ਹੈ, ਇਹ ਸੰਸਕ੍ਰਿਤ ਲਫ਼ਜ਼ 'ਰਾਤ੍ਰਿ' (rwi>) ਤੋਂ ਹੈ)। ਪਾਤਣੀ—ਮਲਾਹ, ਮੁਹਾਣਾ। ਕਪਰ—ਲਹਿਰਾਂ, ਠਾਠਾਂ। ਵਾਤਿ—ਮੂੰਹ ਵਿਚ (ਵੇਖੋ ਸ਼ਲੋਕ ਨੰ: 50)।

ਅਰਥ:- ਹੇ ਫਰੀਦ! (ਮਨ ਵਿਚ ਬਣੇ 'ਟੋਏ ਟਿਬੇ' ਦੇ ਕਾਰਨ ਦੁੱਖਾਂ ਦੀ ਨਦੀ ਵਿਚ ਰੁੜ੍ਹੇ ਜਾਂਦੇ ਜੀਵਾਂ ਦਾ) ਦਿਨ ਦੁੱਖਾਂ ਵਿਚ ਲੰਘਦਾ ਹੈ, ਰਾਤ ਭੀ (ਚਿੰਤਾ ਦੀਆਂ) ਚੋਭਾਂ ਵਿਚ ਬੀਤਦੀ ਹੈ। (ਕੰਢੇ ਤੇ) ਖਲੋਤਾ ਹੋਇਆ (ਗੁਰੂ-) ਮਲਾਹ ਇਹਨਾਂ ਨੂੰ ਉੱਚੀ ਉੱਚੀ ਕਹਿ ਰਿਹਾ ਹੈ (ਕਿ ਤੁਹਾਡਾ ਜ਼ਿੰਦਗੀ ਦਾ) ਬੇੜਾ (ਦੁੱਖਾਂ ਦੀਆਂ) ਠਾਠਾਂ ਦੇ ਮੂੰਹ ਵਿਚ (ਆ ਡਿੱਗਣ ਲੱਗਾ) ਹੈ। 85।

ਲੰਮੀ ਲੰਮੀ ਨਦੀ ਵਹੈ ਕੰਧੀ ਕੇਰੈ ਹੇਤਿ ॥ ਬੇੜੇ ਨੋ ਕਪਰੁ ਕਿਆ ਕਰੇ ਜੇ ਪਾਤਣ ਰਹੈ ਸੁਚੇਤਿ ॥੮੬॥ {ਪੰਨਾ 1382}

ਪਦ ਅਰਥ:- ਲੰਮੀ ਲੰਮੀ—ਬਹੁਤ ਲੰਮੀ। ਨਦੀ—ਦੁਖਾਂ ਦੀ ਨਦੀ। ਵਹੈ—ਚੱਲ ਰਹੀ ਹੈ। ਕੇਰੈ ਹੇਤਿ—ਡੇਗਣ ਵਾਸਤੇ, ਢਾਹਣ ਵਾਸਤੇ। ਨੋ—ਨੂੰ। ਕਿਆ ਕਰੇ—ਕੀਹ ਵਿਗਾੜ ਸਕਦਾ ਹੈ? ਪਾਤਣ—ਪਾਤਣ ਦੇ। ਪਾਤਣ ਚੇਤਿ—ਪਾਤਣ ਦੇ ਚੇਤੇ ਵਿਚ, ਮਲਾਹ ਦੇ ਚੇਤੇ ਵਿਚ। ਸੁ—ਉਹ ਬੇੜਾ। ਚੇਤਿ—ਚੇਤੇ ਵਿਚ।

ਅਰਥ:- (ਸੰਸਾਰੀ ਬੰਦਿਆਂ-ਰੂਪ) ਕੰਧੀ (ਰੁੱਖੜਿਆਂ) ਨੂੰ ਢਾਹੁਣ ਲਈ (ਭਾਵ, ਦੁੱਖੀ ਕਰਨ ਲਈ) (ਇਹ ਰੁੱਖਾਂ ਦੀ) ਬੇਅੰਤ ਲੰਮੀ ਨਦੀ ਵਗ ਰਹੀ ਹੈ, (ਪਰ ਇਸ ਨਦੀ ਦਾ) ਘੁੰਮਣ-ਘੇਰ (ਉਸ ਜ਼ਿੰਦਗੀ-ਰੂਪ) ਬੇੜੇ ਦਾ ਕੋਈ ਨੁਕਸਾਨ ਨਹੀਂ ਕਰ ਸਕਦਾ, ਜੋ (ਸਤਿਗੁਰੂ) ਮਲਾਹ ਦੇ ਚੇਤੇ ਵਿਚ ਰਹੇ (ਭਾਵ, ਜਿਸ ਮਨੁੱਖ ਉਤੇ ਗੁਰੂ ਮੇਹਰ ਦੀ ਨਜ਼ਰ ਰੱਖੇ, ਉਸ ਨੂੰ ਦੁੱਖ-ਅਗਨੀ ਨਹੀਂ ਪੋਂਹਦੀ)। 86।

ਫਰੀਦਾ ਗਲੀ ਸੁ ਸਜਣ ਵੀਹ ਇਕੁ ਢੂੰਢੇਦੀ ਨ ਲਹਾਂ ॥ ਧੁਖਾਂ ਜਿਉ ਮਾਂਲੀਹ ਕਾਰਣਿ ਤਿੰਨ੍ਹਾ ਮਾ ਪਿਰੀ ॥੮੭॥ {ਪੰਨਾ 1382}

ਪਦ ਅਰਥ:- ਗਲੀ—ਗੱਲਾਂ ਨਾਲ, (ਭਾਵ,) ਗੱਲਾਂ ਨਾਲ ਪਤਿਆਉਣ ਵਾਲੇ। ਇਕੁ—ਅਸਲ ਸੱਜਣ। ਨ ਲਹਾਂ—ਮੈਨੂੰ ਨਹੀਂ ਲੱਭਦਾ। ਧੁਖਾਂ—ਅੰਦਰੇ ਅੰਦਰ ਦੁਖੀ ਹੋ ਰਿਹਾ ਹਾਂ। ਮਾਂਲੀਹ—ਮਿਲੀ, ਸੁੱਕੇ ਗੋਹੇ ਦਾ ਚੂਰਾ। ਮਾ—ਮੇਰਾ। ਪਿਰੀ ਕਾਰਣਿ—ਪਿਆਰੇ ਸੱਜਣਾਂ ਦੀ ਖ਼ਾਤਰ। ਤਿੰਨ੍ਹਾ—ਉਹਨਾਂ।

ਅਰਥ:- ਹੇ ਫਰੀਦ! ਗੱਲਾਂ ਨਾਲ ਪਤਿਆਉਣ ਵਾਲੇ ਤਾਂ ਵੀਹ ਮਿਤ੍ਰ (ਮਿਲ ਪੈਂਦੇ) ਹਨ; ਪਰ ਖੋਜ ਕਰਨ ਲੱਗਿਆਂ ਅਸਲ ਸੱਚਾ ਮਿੱਤਰ ਨਹੀਂ ਲੱਭਦਾ (ਜੋ ਮੇਰੀ ਜ਼ਿੰਦਗੀ ਦੇ ਬੇੜੇ ਨੂੰ ਦੁੱਖਾਂ ਦੀ ਨਦੀ ਵਿਚੋਂ ਪਾਰ ਲਾਏ)।

ਮੈਂ ਤਾਂ ਇਹੋ ਜਿਹੇ (ਸਤ-ਸੰਗੀ) ਸੱਜਣਾਂ ਦੇ (ਨਾਹ ਮਿਲਣ) ਕਰਕੇ ਧੁਖਦੀ ਮਿਲੀ ਵਾਂਗ ਅੰਦਰੇ ਅੰਦਰ ਦੁਖੀ ਹੋ ਰਿਹਾ ਹਾਂ। 87।

ਫਰੀਦਾ ਇਹੁ ਤਨੁ ਭਉਕਣਾ ਨਿਤ ਨਿਤ ਦੁਖੀਐ ਕਉਣੁ ॥ ਕੰਨੀ ਬੁਜੇ ਦੇ ਰਹਾਂ ਕਿਤੀ ਵਗੈ ਪਉਣੁ ॥੮੮॥ {ਪੰਨਾ 1382}

ਪਦ ਅਰਥ:- ਭਉਕਣਾ—ਜਿਸ ਨੂੰ ਭਉਕਣ ਦੀ ਆਦਤ ਪੈ ਗਈ ਹੈ, ਭਉਂਕਾ। ਦੁਖੀਐ ਕਉਣੁ—ਕੌਣ ਔਖਾ ਹੁੰਦਾ ਰਹੇ? ਦੇ ਰਹਾਂ—ਦੇਈ ਰੱਖਾਂ, ਦੇਈ ਰੱਖਾਂਗਾ। ਕਿਤੀ—ਕਿਤਨੀ ਹੀ, ਜਿਤਨੀ ਜੀ ਚਾਹੇ। ਪਉਣੁ—ਹਵਾ।

ਅਰਥ:- ਹੇ ਫਰੀਦ! ਇਹ (ਮੇਰਾ) ਸਰੀਰ ਤਾਂ ਭੌਂਕਾ ਹੋ ਗਿਆ ਹੈ (ਭਾਵ, ਹਰ ਵੇਲੇ ਨਿੱਤ ਨਵੇਂ ਪਦਾਰਥ ਮੰਗਦਾ ਰਹਿੰਦਾ ਹੈ, ਇਸ ਦੀਆਂ ਨਿੱਤ ਦੀਆਂ ਮੰਗਾਂ ਪੂਰੀਆਂ ਕਰਨ ਦੀ ਖ਼ਾਤਰ) ਕੌਣ ਨਿੱਤ ਔਖਾ ਹੁੰਦਾ ਰਹੇ? (ਭਾਵ, ਮੈਨੂੰ ਨਹੀਂ ਪੁੱਜਦਾ ਕਿ ਨਿੱਤ ਔਖਾ ਹੁੰਦਾ ਰਹਾਂ)। ਮੈਂ ਤਾਂ ਕੰਨਾਂ ਵਿਚ ਬੁੱਜੇ ਦੇਈ ਰੱਖਾਂਗਾ ਜਿਤਨੀ ਜੀ ਚਾਹੇ ਹਵਾ ਝੁੱਲਦੀ ਰਹੇ, (ਭਾਵ, ਜਿਤਨਾ ਜੀ ਚਾਹੇ ਇਹ ਸਰੀਰ ਮੰਗਾਂ ਮੰਗਣ ਦਾ ਰੌਲਾ ਪਾਈ ਜਾਏ, ਮੈਂ ਇਸ ਦੀ ਇੱਕ ਭੀ ਨਹੀਂ ਸੁਣਾਂਗਾ)। 88।

ਨੋਟ:- ਇੱਕ ਤਾਂ ਬੰਦਿਆਂ ਨੇ ਮਨ ਵਿਚ 'ਟੋਏ ਟਿਬੇ' ਬਣਾਏ ਹੋਏ ਹਨ, ਦੂਜੇ, ਦੁਨੀਆ ਦੇ ਮਨ-ਮੋਹਣੇ ਪਦਾਰਥ ਹਰੇਕ ਜੀਵ ਨੂੰ ਖਿੱਚ ਪਾ ਰਹੇ ਹਨ। ਨਤੀਜਾ ਇਹ ਨਿਕਲ ਰਿਹਾ ਹੈ ਕਿ ਜਗਤ ਦੁੱਖਾਂ ਦੀ ਖਾਣ ਬਣ ਗਿਆ ਹੈ।

ਫਰੀਦਾ ਰਬ ਖਜੂਰੀ ਪਕੀਆਂ ਮਾਖਿਅ ਨਈ ਵਹੰਨ੍ਹਿ ॥ ਜੋ ਜੋ ਵੰਞੈਂ ਡੀਹੜਾ ਸੋ ਉਮਰ ਹਥ ਪਵੰਨਿ ॥੮੯॥ {ਪੰਨਾ 1382}

ਪਦ ਅਰਥ:- ਰਬ ਖਜੂਰੀ—ਰੱਬ ਦੀਆਂ ਖਜੂਰਾਂ। ਮਾਖਿਅ—ਮਾਖਿਉਂ ਦੀਆਂ। ਮਾਖਿਅ ਨਈ—ਸ਼ਹਿਦ ਦੀਆਂ ਨਦੀਆਂ।

(ਨੋਟ:- ਲਫ਼ਜ਼ 'ਮਾਖਿਅ' ਵਲ ਧਿਆਨ ਦੇਣ ਦੀ ਲੋੜ ਹੈ, ਜਿਵੇਂ 'ਜੀਉ' ਤੋਂ 'ਜੀਅ', 'ਪ੍ਰਿਉ' ਤੋਂ 'ਪ੍ਰਿਅ' ਅਤੇ

'ਹੀਉ' ਤੋਂ 'ਹੀਅ' ਬਣਿਆ ਹੈ, ਤਿਵੇਂ 'ਮਾਖਿਉ' ਤੋਂ 'ਮਾਖਿਅ' ਹੈ)। ਵਹੰਨਿ—ਵਹਿੰਦੀਆਂ ਹਨ, ਵਗ ਰਹੀਆਂ ਹਨ। ਡੀਹੜਾ—ਦਿਹਾੜਾ। ਹਥ ਪਵੰਨ੍ਹਿ—ਹੱਥ ਪੈ ਰਹੇ ਹਨ।

ਨੋਟ:- ਲਫ਼ਜ਼ 'ਪਵੰਨ੍ਹਿ' ਦੇ ਅੱਖਰ 'ਨ' ਦੇ ਨਾਲ ਅੱਧਾ 'ਹ' ਹੈ, ਵੇਖੋ ਸ਼ਲੋਕ ਨੰ: 44 ਵਿਚ 'ਸਿੰਞਾਪਸਨ੍ਹਿ'।

ਨੋਟ:- ਬਾਬਾ ਫਰੀਦ ਜੀ ਦੁਨੀਆ ਦੇ ਸੋਹਣੇ ਤੇ ਸੁਆਦਲੇ ਪਦਾਰਥਾਂ ਨੂੰ ਪੱਕੀਆਂ ਖਜੂਰਾਂ ਅਤੇ ਸ਼ਹਿਦ ਦੀਆਂ ਨਦੀਆਂ ਨਾਲ ਉਪਮਾਂ ਦੇਂਦੇ ਹਨ। ਵੰਞੈ—ਜਾਂਦਾ ਹੈ, ਗੁਜ਼ਰਦਾ ਹੈ।

ਅਰਥ:- (ਪਰ ਇਹ ਸਰੀਰ ਵਿਚਾਰਾ ਭੀ ਕੀਹ ਕਰੇ? ਇਸ ਨੂੰ ਖਿੱਚ ਪਾਣ ਲਈ ਚਾਰ-ਚੁਫੇਰੇ ਜਗਤ ਵਿਚ) ਹੇ ਫਰੀਦ! ਪਰਮਾਤਮਾ ਦੀਆਂ ਪੱਕੀਆਂ ਹੋਈਆਂ ਖਜੂਰਾਂ (ਦਿੱਸ ਰਹੀਆਂ ਹਨ), ਅਤੇ ਸ਼ਹਿਦ ਦੀਆਂ ਨਦੀਆਂ ਵਗ ਰਹੀਆਂ ਹਨ (ਭਾਵ, ਹਰ ਪਾਸੇ ਸੋਹਣੇ ਸੋਹਣੇ, ਸੁਆਦਲੇ ਤੇ ਮਨ-ਮੋਹਣੇ ਪਦਾਰਥ ਤੇ ਵਿਸ਼ੇ-ਵਿਕਾਰ ਮੌਜੂਦ ਹਨ)। (ਉਂਞ ਇਹ ਭੀ ਠੀਕ ਹੈ ਕਿ ਇਹਨਾਂ ਪਦਾਰਥਾਂ ਦੇ ਮਾਣਨ ਵਿਚ ਮਨੁੱਖ ਦਾ) ਜੋ ਜੋ ਦਿਹਾੜਾ ਬੀਤਦਾ ਹੈ, ਉਹ ਇਸ ਦੀ ਉਮਰ ਨੂੰ ਹੀ ਹੱਥ ਪੈ ਰਹੇ ਹਨ (ਭਾਵ, ਅਜ਼ਾਈਂ ਜਾ ਰਹੇ ਹਨ)। 89।

ਫਰੀਦਾ ਤਨੁ ਸੁਕਾ ਪਿੰਜਰੁ ਥੀਆ ਤਲੀਆਂ ਖੂੰਡਹਿ ਕਾਗ ॥ ਅਜੈ ਸੁ ਰਬੁ ਨ ਬਾਹੁੜਿਓਦੇਖੁ ਬੰਦੇ ਕੇ ਭਾਗ ॥੯੦॥ {ਪੰਨਾ 1382}

ਪਦ ਅਰਥ:- ਥੀਆ—ਹੋ ਗਿਆ ਹੈ। ਪਿੰਜਰੁ ਥੀਆ—ਹੱਡੀਆਂ ਦੀ ਮੁੱਠ ਹੋ ਗਿਆ ਹੈ। ਖੂੰਡਹਿ—ਠੂੰਗ ਰਹੇ ਹਨ। ਕਾਗ—ਕਾਂ, ਵਿਕਾਰ, ਦੁਨੀਆਵੀ ਪਦਾਰਥਾਂ ਦੇ ਚਸਕੇ। ਅਜੈ—ਅਜੇ ਭੀ (ਜਦੋਂ ਕਿ ਸਰੀਰ ਦੁਨੀਆ ਦੇ ਭੋਗ ਭੋਗਿ ਭੋਗਿ ਕੇ ਆਪਣੀ ਸਤਿਆ ਭੀ ਗਵਾ ਬੈਠਾ ਹੈ)। ਨ ਬਾਹੁੜਿਓ—ਨਹੀਂ ਤੁੱਠਾ, ਤਰਸ ਨਹੀਂ ਕੀਤਾ।

ਅਰਥ:- ਹੇ ਫਰੀਦ! ਇਹ ਭੌਂਕਾ) ਸਰੀਰ (ਵਿਸ਼ੇ-ਵਿਕਾਰਾਂ ਵਿਚ ਪੈ ਪੈ ਕੇ) ਡਾਢਾ ਮਾੜਾ ਹੋ ਗਿਆ ਹੈ, ਹੱਡੀਆਂ ਦੀ ਮੁੱਠ ਰਹਿ ਗਿਆ ਹੈ। (ਫਿਰ ਭੀ, ਇਹ) ਕਾਂ ਇਸ ਦੀਆਂ ਤਲੀਆਂ ਨੂੰ ਠੂੰਗੇ ਮਾਰੀ ਜਾ ਰਹੇ ਹਨ (ਭਾਵ, ਦੁਨੀਆਵੀ ਪਦਾਰਥਾਂ ਦੇ ਚਸਕੇ ਤੇ ਵਿਸ਼ੇ-ਵਿਕਾਰ ਇਸ ਦੇ ਮਨ ਨੂੰ ਚੋਭਾਂ ਲਾਈ ਜਾ ਰਹੇ ਹਨ)। ਵੇਖੋ, (ਵਿਕਾਰਾਂ ਵਿਚ ਪਏ) ਮਨੁੱਖ ਦੀ ਕਿਸਮਤ ਭੀ ਅਜੀਬ ਹੈ ਕਿ ਅਜੇ ਭੀ (ਜਦੋਂ ਕਿ ਇਸ ਦਾ ਸਰੀਰ ਦੁਨੀਆ ਦੇ ਵਿਸ਼ੇ ਭੋਗ ਭੋਗ ਕੇ ਆਪਣੀ ਸੱਤਿਆ ਭੀ ਗਵਾ ਬੈਠਾ ਹੈ) ਰੱਬ ਇਸ ਉਤੇ ਤ੍ਰੁੱਠਾ ਨਹੀਂ (ਭਾਵ, ਇਸ ਦੀ ਝਾਕ ਮਿਟੀ ਨਹੀਂ)। 90।

ਕਾਗਾ ਕਰੰਗ ਢੰਢੋਲਿਆ ਸਗਲਾ ਖਾਇਆ ਮਾਸੁ ॥ ਏ ਦੁਇ ਨੈਨਾ ਮਤਿ ਛੁਹਉ ਪਿਰ ਦੇਖਨ ਕੀ ਆਸ ॥੯੧॥ {ਪੰਨਾ 1382}

ਪਦ ਅਰਥ:- ਕਾਗਾ—ਕਾਗਾਂ ਨੇ, ਕਾਵਾਂ ਨੇ, ਵਿਕਾਰਾਂ ਨੇ, ਦੁਨੀਆਵੀ ਪਦਾਰਥਾਂ ਦੇ ਚਸਕਿਆਂ ਨੇ। ਕਰੰਗ—ਪਿੰਜਰ, ਬਹੁਤ ਲਿੱਸਾ ਹੋਇਆ ਹੋਇਆ ਸਰੀਰ। ਸਗਲਾ—ਸਾਰਾ। ਮਤਿ ਛੁਹਉ—ਰੱਬ ਕਰ ਕੇ ਕੋਈ ਨਾਹ ਛੇੜੇ (ਵੇਖੋ, ਸ਼ਲੋਕ ਨੰ: 25 ਵਿਚ ਲਫ਼ਜ਼ 'ਭਿਜਉ', 'ਵਰਸਉ' ਅਤੇ 'ਤੁਟਉ')। ਆਸ—ਤਾਂਘ।

ਅਰਥ:- ਕਾਵਾਂ ਨੇ ਪਿੰਜਰ ਭੀ ਫੋਲ ਮਾਰਿਆ ਹੈ, ਅਤੇ ਸਾਰਾ ਮਾਸ ਖਾ ਲਿਆ ਹੈ (ਭਾਵ, ਦੁਨੀਆਵੀ ਪਦਾਰਥਾਂ ਦੇ ਚਸਕੇ ਤੇ ਵਿਸ਼ੇ-ਵਿਕਾਰ ਇਸ ਅੱਤ ਲਿੱਸੇ ਹੋਏ ਹੋਏ ਸਰੀਰ ਨੂੰ ਭੀ ਚੋਭਾਂ ਲਾਈ ਜਾ ਰਹੇ ਹਨ, ਇਸ ਭੌਂਕੇ ਸਰੀਰ ਦੀ ਸਾਰੀ ਸੱਤਿਆ ਇਹਨਾਂ ਨੇ ਖਿੱਚ ਲਈ ਹੈ)। ਰੱਬ ਕਰ ਕੇ ਕੋਈ ਵਿਕਾਰ (ਮੇਰੀਆਂ) ਅੱਖਾਂ ਅੱਖਾਂ ਨੂੰ ਨਾਹ ਛੇੜੇ, ਇਹਨਾਂ ਵਿਚ ਤਾਂ ਪਿਆਰੇ ਪ੍ਰਭੂ ਨੂੰ ਵੇਖਣ ਦੀ ਤਾਂਘ ਟਿਕੀ ਰਹੇ। 91।

ਕਾਗਾ ਚੂੰਡਿ ਨ ਪਿੰਜਰਾ ਬਸੈ ਤ ਉਡਰਿ ਜਾਹਿ ॥ ਜਿਤੁ ਪਿੰਜਰੈ ਮੇਰਾ ਸਹੁ ਵਸੈ ਮਾਸੁ ਨ ਤਿਦੂ ਖਾਹਿ ॥੯੨॥ {ਪੰਨਾ 1382}

ਪਦ ਅਰਥ:- ਕਾਗਾ—ਹੇ ਕਾਂ! ਹੇ ਦੁਨੀਆਵੀ ਪਦਾਰਥਾਂ ਦੇ ਚਸਕੇ! ਚੂੰਡਿ ਨ—ਨਾਹ ਠੂੰਗ। ਪਿੰਜਰਾ—ਸੁੱਕਾ

ਹੋਇਆ ਸਰੀਰ। ਬਸੈ—(ਜੇ) ਵੱਸ ਵਿਚ (ਹੈ), ਜੇ ਤੇਰੇ ਵੱਸ ਵਿਚ ਹੈ, ਜੇ ਤੂੰ ਕਰ ਸਕੇਂ। ਤ—ਤਾਂ। ਜਿਤੁ—ਜਿਸ ਵਿਚ। ਜਿਤੁ ਪਿੰਜਰੈ—ਜਿਸ ਸਰੀਰ ਵਿਚ। ਤਿਦੂ—ਉਸ ਸਰੀਰ ਵਿਚੋਂ।

ਅਰਥ:- ਹੇ ਕਾਂ! ਮੇਰਾ ਪਿੰਜਰ ਨਾਹ ਠੂੰਗ, ਜੇ ਤੇਰੇ ਵੱਸ ਵਿਚ (ਇਹ ਗੱਲ) ਹੈ ਤਾਂ (ਇਥੋਂ) ਉੱਡ ਜਾਹ, ਜਿਸ ਸਰੀਰ ਵਿਚ ਮੇਰਾ ਖਸਮ-ਪ੍ਰਭੂ ਵੱਸ ਰਿਹਾ ਹੈ, ਇਸ ਵਿਚੋਂ ਮਾਸ ਨਾਹ ਖਾਹ, (ਭਾਵ, ਹੇ ਵਿਸ਼ਿਆਂ ਦੇ ਚਸਕੇ! ਮੇਰੇ ਇਸ ਸਰੀਰ ਨੂੰ ਚੋਭਾਂ ਲਾਣੀਆਂ ਛੱਡ ਦੇਹ, ਤਰਸ ਕਰ, ਤੇ ਜਾਹ, ਖ਼ਲਾਸੀ ਕਰ। ਇਸ ਸਰੀਰ ਵਿਚ ਤਾਂ ਖਸਮ-ਪ੍ਰਭੂ ਦਾ ਪਿਆਰ ਵੱਸ ਰਿਹਾ ਹੈ, ਤੂੰ ਇਸ ਨੂੰ ਵਿਸ਼ੇ-ਭੋਗਾਂ ਵਲ ਪ੍ਰੇਰਨ ਦਾ ਜਤਨ ਨਾਹ ਕਰ)। 92।

ਸ਼ਲੋਕ ਨੰ: 93 ਤੋਂ 130 ਤਕ

ਫਰੀਦਾ ਗੋਰ ਨਿਮਾਣੀ ਸਡੁ ਕਰੇ ਨਿਘਰਿ ਆ ਘਰਿ ਆਉ ॥ ਸਰਪਰ ਮੈਥੈ ਆਵਣਾ ਮਰਣਹੁ ਨਾ ਡਰਿਆਹੁ ॥੯੩॥ {ਪੰਨਾ 1382}

ਪਦ ਅਰਥ:- ਨਿਮਾਣੀ—ਵਿਚਾਰੀ। ਸਡੁ—ਸੱਦਾ, ਵਾਜ। ਸਡੁ ਕਰੇ—ਵਾਜ ਮਾਰ ਰਹੀ ਹੈ। ਨਿਘਰਿਆ—ਹੇ ਬੇ-ਘਰੇ ਜੀਵ! ਘਰਿ—ਘਰ ਵਿਚ। ਸਰਪਰ—ਆਖ਼ਿਰ ਨੂੰ। ਮੈਥੈ—ਮੇਰੇ ਪਾਸ।

ਅਰਥ:- ਹੇ ਫਰੀਦ! ਕਬਰ ਵਿਚਾਰੀ (ਬੰਦੇ ਨੂੰ) ਵਾਜ ਮਾਰ ਰਹੀ ਹੈ (ਤੇ ਆਖਦੀ ਹੈ—) ਹੇ ਬੇ-ਘਰੇ ਜੀਵ! (ਆਪਣੇ) ਘਰ ਵਿਚ ਆ, (ਭਾਵ,) ਆਖ਼ਿਰ ਨੂੰ (ਤੂੰ) ਮੇਰੇ ਪਾਸ ਹੀ ਆਉਣਾ ਹੈ (ਤਾਂ ਫਿਰ) ਮੌਤ ਤੋਂ (ਇਤਨਾ) ਨਾਹ ਡਰ। 93।

ਏਨੀ ਲੋਇਣੀ ਦੇਖਦਿਆ ਕੇਤੀ ਚਲਿ ਗਈ ॥ ਫਰੀਦਾ ਲੋਕਾਂ ਆਪੋ ਆਪਣੀ ਮੈ ਆਪਣੀ ਪਈ ॥੯੪॥ {ਪੰਨਾ 1382}

ਪਦ ਅਰਥ:- ਲੋਇਣ—ਅੱਖਾਂ। ਇਨ੍ਹੀ ਲੋਇਣੀ—ਇਹਨਾਂ ਅੱਖਾਂ ਨਾਲ। (ਅੱਖਰ 'ਨ' ਦੇ ਹੇਠ ਅੱਧਾ 'ਹ' ਹੈ)। ਕੇਤੀ—ਕਿਤਨੀ ਹੀ (ਖ਼ਲਕਤਿ), ਬੇਅੰਤ ਜੀਵ।

ਅਰਥ:- ਇਹਨਾਂ ਅੱਖਾਂ ਨਾਲ ਵੇਖਦਿਆਂ (ਭਾਵ, ਮੇਰੀਆਂ ਅੱਖਾਂ ਦੇ ਸਾਹਮਣੇ) ਕਿਤਨੀ ਹੀ ਖ਼ਲਕਤਿ ਚਲੀ ਗਈ ਹੈ (ਮੌਤ ਦਾ ਸ਼ਿਕਾਰ ਹੋ ਗਈ ਹੈ)। ਹੇ ਫਰੀਦ! (ਖ਼ਲਕਤਿ ਤੁਰੀ ਜਾਂਦੀ ਵੇਖ ਕੇ ਭੀ) ਹਰੇਕ ਨੂੰ ਆਪੋ ਆਪਣੇ ਸੁਆਰਥ ਦਾ ਹੀ ਖ਼ਿਆਲ ਹੈ (ਭਾਵ, ਹਰੇਕ ਜੀਵ ਦੁਨੀਆ ਵਾਲੀ ਧੁਨ ਵਿਚ ਹੀ ਹੈ), ਮੈਨੂੰ ਭੀ ਆਪਣਾ ਹੀ ਫ਼ਿਕਰ ਪਿਆ ਹੋਇਆ ਹੈ। 94।

ਆਪੁ ਸਵਾਰਹਿ ਮੈ ਮਿਲਹਿ ਮੈ ਮਿਲਿਆ ਸੁਖੁ ਹੋਇ ॥ ਫਰੀਦਾ ਜੇ ਤੂ ਮੇਰਾ ਹੋਇ ਰਹਹਿ ਸਭੁ ਜਗੁ ਤੇਰਾ ਹੋਇ ॥੯੫॥ {ਪੰਨਾ 1382}

ਪਦ ਅਰਥ:- ਆਪੁ—ਆਪਣੇ ਆਪ ਨੂੰ। ਮੈ—ਮੈਨੂੰ।

ਨੋਟ:- ਮੌਤ ਦੀ ਢਾਹ ਲੱਗੀ ਹੋਈ ਵੇਖ ਕੇ ਜਦੋਂ ਫਰੀਦ ਨੇ ਆਤਮਕ ਜੀਵਨ ਵੱਲ ਧਿਆਨ ਮਾਰਿਆ ਤਾਂ ਰੱਬ ਵਲੋਂ ਇਹ ਧੀਰਜ ਮਿਲੀ:

ਅਰਥ:- ਹੇ ਫਰੀਦ! ਜੇ ਤੂੰ ਆਪਣੇ ਆਪ ਨੂੰ ਸਵਾਰ ਲਏਂ, ਤਾਂ ਤੂੰ ਮੈਨੂੰ ਮਿਲ ਪਏਂਗਾ, ਤੇ ਮੇਰੇ ਵਿਚ ਜੁੜਿਆਂ ਹੀ ਤੈਨੂੰ ਸੁਖ ਹੋਵੇਗਾ (ਦੁਨੀਆ ਦੇ ਪਦਾਰਥਾਂ ਵਿਚ ਨਹੀਂ)। ਜੇ ਤੂੰ ਮੇਰਾ ਬਣ ਜਾਏਂ, (ਭਾਵ, ਦੁਨੀਆ ਵਾਲਾ ਪਿਆਰ ਛੱਡ ਕੇ ਮੇਰੇ ਨਾਲ ਪਿਆਰ ਕਰਨ ਲੱਗ ਪਏਂ, ਤਾਂ) ਸਾਰਾ ਜਗਤ ਤੇਰਾ ਬਣ ਜਾਏਗਾ (ਭਾਵ, ਮਾਇਆ ਤੇਰੇ ਪਿੱਛੇ ਪਿੱਛੇ ਦੌੜੇਗੀ)। 95।

ਕੰਧੀ ਉਤੈ ਰੁਖੜਾ ਕਿਚਰਕੁ ਬੰਨੈ ਧੀਰੁ ॥ ਫਰੀਦਾ ਕਚੈ ਭਾਂਡੈ ਰਖੀਐ ਕਿਚਰੁ ਤਾਈ ਨੀਰੁ ॥ ੯੬॥ {ਪੰਨਾ 1382}

ਪਦ ਅਰਥ:- ਕੰਧੀ—ਕੰਢਾ। ਰੁਖੜਾ—ਨਿੱਕਾ ਜਿਹਾ ਰੁੱਖ, ਵਿਚਾਰਾ ਰੁੱਖ। ਧੀਰ—ਧੀਰਜ, ਧਰਵਾਸ। ਨੀਰੁ—ਪਾਣੀ।

ਅਰਥ:- (ਦਰੀਆ ਦੇ) ਕੰਢੇ ਉੱਤੇ (ਉੱਗਾ ਹੋਇਆ) ਵਿਚਾਰਾ ਰੁੱਖ ਕਿਤਨਾ ਕੁ ਚਿਰ ਧਰਵਾਸ ਬੰਨ੍ਹੇਗਾ? ਹੇ ਫਰੀਦ! ਕੱਚੇ ਭਾਂਡੇ ਵਿਚ ਪਾਣੀ ਕਿਤਨਾ ਕੁ ਚਿਰ ਰੱਖਿਆ ਜਾ ਸਕਦਾ ਹੈ? (ਇਸੇ ਤਰ੍ਹਾਂ ਮਨੁੱਖ ਮੌਤ ਦੀ ਨਦੀ ਦੇ ਕੰਢੇ ਤੇ ਖਲੋਤਾ ਹੋਇਆ ਹੈ, ਇਸ ਸਰੀਰ ਵਿਚੋਂ ਸੁਆਸ ਮੁੱਕਦੇ ਜਾ ਰਹੇ ਹਨ)। 96।

ਫਰੀਦਾ ਮਹਲ ਨਿਸਖਣ ਰਹਿ ਗਏ ਵਾਸਾ ਆਇਆ ਤਲਿ ॥ ਗੋਰਾਂ ਸੇ ਨਿਮਾਣੀਆ ਬਹਸਨਿ ਰੂਹਾਂ ਮਲਿ ॥ ਆਖੀਂ ਸੇਖਾ ਬੰਦਗੀ ਚਲਣੁ ਅਜੁ ਕਿ ਕਲਿ ॥੯੭॥ {ਪੰਨਾ 1382-1983}

ਪਦ ਅਰਥ:- ਮਹਲ—ਪੱਕੇ ਘਰ। ਨਿਸਖਣ—ਬਿਲਕੁਲ ਖ਼ਾਲੀ, ਸੁੰਞੇ। ਤਲਿ—ਤਲ ਵਿਚ, ਹੇਠਾਂ ਧਰਤੀ ਵਿਚ। ਬਹਸਨਿ—ਬੈਠਣਗੀਆਂ। ਗੋਰਾਂ ਨਿਮਾਣੀਆ—ਇਹ ਕਬਰਾਂ ਜਿਨ੍ਹਾਂ ਤੋਂ ਬੰਦੇ ਨਫ਼ਰਤ ਕਰਦੇ ਹਨ। ਮਲਿ—ਮੱਲ ਕੇ।

ਅਰਥ:- ਹੇ ਫਰੀਦ! (ਮੌਤ ਆਉਣ ਤੇ) ਮਹਲ-ਮਾੜੀਆਂ ਸੁੰਞੀਆਂ ਰਹਿ ਜਾਂਦੀਆਂ ਹਨ, ਧਰਤੀ ਦੇ ਹੇਠ (ਕਬਰ ਵਿਚ) ਡੇਰਾ ਲਾਣਾ ਪੈਂਦਾ ਹੈ, ਉਹਨਾਂ ਕਬਰਾਂ ਵਿਚ ਜਿਨ੍ਹਾਂ ਤੋਂ ਨਫ਼ਰਤ ਕਰੀਦੀ ਹੈ ਰੂਹਾਂ ਸਦਾ ਲਈ ਜਾ ਬੈਠਣਗੀਆਂ। ਹੇ ਸ਼ੇਖ਼ (ਫਰੀਦ)! (ਰੱਬ ਦੀ) ਬੰਦਗੀ ਕਰ (ਇਹਨਾਂ ਮਹਲ-ਮਾੜੀਆਂ ਤੋਂ) ਅੱਜ ਭਲਕ ਕੂਚ ਕਰਨਾ ਹੋਵੇਗਾ। 97।

ਨੋਟ:- ਇਥੇ ਆਮ ਮੁਸਲਮਾਨੀ ਖ਼ਿਆਲ ਅਨੁਸਾਰ ਰੂਹ ਦਾ ਕਬਰ ਵਿਚ ਜਾ ਬੈਠਣਾ ਆਖਿਆ ਹੈ, ਭਾਵ ਇਹ ਹੈ ਕਿ ਸਰੀਰਾਂ ਨੇ ਆਖ਼ਿਰ ਮਿੱਟੀ ਵਿਚ ਮਿਲ ਜਾਣਾ ਹੈ।

ਫਰੀਦਾ ਮਉਤੈ ਦਾ ਬੰਨਾ ਏਵੈ ਦਿਸੈ ਜਿਉ ਦਰੀਆਵੈ ਢਾਹਾ ॥ ਅਗੈ ਦੋਜਕੁ ਤਪਿਆ ਸੁਣੀਐ ਹੂਲ ਪਵੈ ਕਾਹਾਹਾ ॥ ਇਕਨਾ ਨੋ ਸਭ ਸੋਝੀ ਆਈ ਇਕਿ ਫਿਰਦੇ ਵੇਪਰਵਾਹਾ ॥ ਅਮਲ ਜਿ ਕੀਤਿਆ ਦੁਨੀ ਵਿਚਿ ਸੇ ਦਰਗਹ ਓਗਾਹਾ ॥੯੮॥ {ਪੰਨਾ 1383}

ਪਦ ਅਰਥ:- ਏਵੈ—ਇਉਂ, ਇਸ ਤਰ੍ਹਾਂ ਦਾ। ਢਾਹਾ—ਕਿਨਾਰਾ, ਕੰਢਾ। ਹੂਲ—ਰੌਲਾ। ਕਾਹਾਹਾ—ਹਾਹਾਕਾਰ। ਦੋਜਕ—ਨਰਕ। ਇਕਿ—ਕਈ ਜੀਵ (ਲਫ਼ਜ਼ 'ਇਕਿ' 'ਬਹੁ-ਵਚਨ' ਹੈ ਲਫ਼ਜ਼ 'ਇਕ' ਤੋਂ)। ਓਗਾਹਾ—ਗਵਾਹ, ਸਾਖੀ।

ਅਰਥ:- ਹੇ ਫਰੀਦ! ਜਿਵੇਂ ਦਰਿਆ ਦਾ ਕਿਨਾਰਾ ਹੈ (ਜੋ ਪਾਣੀ ਦੇ ਵੇਗ ਨਾਲ ਢਹਿ ਰਿਹਾ ਹੁੰਦਾ ਹੈ) ਇਸੇ ਤਰ੍ਹਾਂ ਮੌਤ (-ਰੂਪ) ਨਦੀ ਦਾ ਕੰਢਾ ਹੈ (ਜਿਸ ਵਿਚ ਬੇਅੰਤ ਜੀਵ ਉਮਰ ਭੋਗ ਕੇ ਡਿੱਗਦੇ ਜਾ ਰਹੇ ਹਨ)। (ਮੌਤ) ਅਗਲੇ ਪਾਸੇ (ਵਿਕਾਰੀਆਂ ਵਾਸਤੇ) ਤਪੇ ਹੋਏ ਨਰਕ ਸੁਣੀਂਦੇ ਹਨ, ਉਥੇ ਉਹਨਾਂ ਦੀ ਹਾਹਾਕਾਰ ਤੇ ਰੌਲਾ ਪੈ ਰਿਹਾ ਹੈ। ਕਈ (ਭਾਗਾਂ ਵਾਲਿਆਂ) ਨੂੰ ਤਾਂ ਸਾਰੀ ਸਮਝ ਆ ਗਈ ਹੈ (ਕਿ ਇਥੇ ਕਿਵੇਂ ਜ਼ਿੰਦਗੀ ਗੁਜ਼ਾਰਨੀ ਹੈ, ਪਰ) ਕਈ ਬੇਪਰਵਾਹ ਫਿਰ ਰਹੇ ਹਨ। ਜੇਹੜੇ ਅਮਲ ਇਥੇ ਦੁਨੀਆ ਵਿਚ ਕਰੀਦੇ ਹਨ, ਉਹ ਰੱਬ ਦੀ ਦਰਗਾਹ ਵਿਚ (ਮਨੁੱਖ ਦੀ ਜ਼ਿੰਦਗੀ ਦੇ) ਗਵਾਹ ਬਣਦੇ ਹਨ। 98।

ਫਰੀਦਾ ਦਰੀਆਵੈ ਕੰਨ੍ਹੈ ਬਗੁਲਾ ਬੈਠਾ ਕੇਲ ਕਰੇ ॥ ਕੇਲ ਕਰੇਦੇ ਹੰਝ ਨੋ ਅਚਿੰਤੇ ਬਾਜ ਪਏ ॥ ਬਾਜ ਪਏ ਤਿਸੁ ਰਬ ਦੇ ਕੇਲਾਂ ਵਿਸਰੀਆਂ ॥ ਜੋ ਮਨਿ ਚਿਤਿ ਨ ਚੇਤੇ ਸਨਿ ਸੋ ਗਾਲੀ ਰਬ ਕੀਆਂ ॥੯੯॥ {ਪੰਨਾ 1383}

ਪਦ ਅਰਥ:- ਕੰਨ੍ਹੈ—ਕੰਢੇ ਤੇ। ਕੇਲ—ਕਲੋਲ। ਹੰਝ—ਹੰਸ (ਜਿਹਾ ਚਿੱਟਾ ਬਗੁਲਾ)। ਅਚਿੰਤੇ—ਅਚਨ-ਚੇਤ। ਤਿਹੁ—ਉਸ (ਹੰਝ) ਨੂੰ। ਵਿਸਰੀਆਂ—ਭੁੱਲ ਗਈਆਂ। ਮਨਿ—ਮਨ ਵਿਚ। ਚੇਤੇ ਸਨਿ—ਚੇਤੇ ਵਿਚ ਸਨ, ਯਾਦ ਸਨ। ਗਾਲੀ—ਗੱਲਾਂ।

ਅਰਥ:- ਹੇ ਫਰੀਦ! (ਬੰਦਾ ਜਗਤ ਦੇ ਰੰਗ-ਤਮਾਸ਼ਿਆਂ ਵਿਚ ਮਸਤ ਹੈ, ਜਿਵੇਂ) ਦਰਿਆ ਦੇ ਕੰਢੇ ਤੇ ਬੈਠਾ ਹੋਇਆ ਬਗੁਲਾ ਕਲੋਲ ਕਰਦਾ ਹੈ (ਜਿਵੇਂ ਉਸ) ਹੰਸ (ਵਰਗੇ ਚਿੱਟੇ ਬਗੁਲੇ) ਨੂੰ ਕਲੋਲ ਕਰਦੇ ਨੂੰ ਅਚਨ-ਚੇਤ ਬਾਜ਼ ਆ ਪੈਂਦੇ ਹਨ, (ਤਿਵੇਂ ਬੰਦੇ ਨੂੰ ਮੌਤ ਦੇ ਦੂਤ ਆ ਫੜਦੇ ਹਨ)। ਜਦੋਂ ਉਸ ਨੂੰ ਬਾਜ਼ ਆ ਕੇ ਪੈਂਦੇ ਹਨ, ਤਾਂ ਸਾਰੇ ਕਲੋਲ ਉਸ ਨੂੰ ਭੁੱਲ ਜਾਂਦੇ ਹਨ (ਆਪਣੀ ਜਾਨ ਦੀ ਪੈ ਜਾਂਦੀ ਹੈ, ਇਹੀ ਹਾਲ ਮੌਤ ਆਇਆਂ ਬੰਦੇ ਦਾ ਹੁੰਦਾ ਹੈ)। ਜੋ ਗੱਲਾਂ (ਮਨੁੱਖ ਦੇ ਕਦੇ) ਮਨ ਵਿਚ ਚਿੱਤ-ਚੇਤੇ ਵਿਚ ਨਹੀਂ ਸਨ, ਰੱਬ ਨੇ ਉਹ ਕਰ ਦਿੱਤੀਆਂ। 99।

ਸਾਢੇ ਤ੍ਰੈ ਮਣ ਦੇਹੁਰੀ ਚਲੈ ਪਾਣੀ ਅੰਨਿ ॥ ਆਇਓ ਬੰਦਾ ਦੁਨੀ ਵਿਚਿ ਵਤਿ ਆਸੂਣੀ ਬੰਨ੍ਹਿ ॥ ਮਲਕਲ ਮਉਤ ਜਾਂ ਆਵਸੀ ਸਭ ਦਰਵਾਜੇ ਭੰਨਿ ॥ ਤਿਨ੍ਹਾ ਪਿਆਰਿਆ ਭਾਈਆਂ ਅਗੈ ਦਿਤਾ ਬੰਨ੍ਹਿ ॥ ਵੇਖਹੁ ਬੰਦਾ ਚਲਿਆ ਚਹੁ ਜਣਿਆ ਦੈ ਕੰਨ੍ਹਿ ॥ ਫਰੀਦਾ ਅਮਲ ਜਿ ਕੀਤੇ ਦੁਨੀ ਵਿਚਿ ਦਰਗਹ ਆਏ ਕੰਮਿ ॥੧੦੦॥ {ਪੰਨਾ 1383}

ਪਦ ਅਰਥ:- ਦੇਹੁਰੀ—ਸੋਹਣਾ ਸਰੀਰ, ਪਲਿਆ ਹੋਇਆ ਸਰੀਰ। ਚਲੈ—ਤੁਰਦਾ ਹੈ, ਕੰਮ ਦੇਂਦਾ ਹੈ। ਅੰਨਿ—ਅੰਨ ਨਾਲ। ਵਿਚਿ—(ਇਸ ਦੇ ਅਖ਼ੀਰ ਵਿਚ ਸਦਾ (ਿ) ਹੁੰਦੀ ਹੈ। ਲਫ਼ਜ਼ 'ਬਿਨੁ' ਦੇ ਅਖ਼ੀਰ ਵਿਚ ਸਦਾ (ੁ) ਹੁੰਦਾ ਹੈ)। ਵਤਿ—ਪਰਤ ਪਰਤ ਕੇ, ਮੁੜ ਮੁੜ ਕੇ। ਆਸੂਣੀ—ਨਿੱਕੀ ਜਿਹੀ ਆਸ, ਸੋਹਣੀ ਜਿਹੀ ਆਸ। ਬੰਨ੍ਹਿ—ਬੰਨ੍ਹ ਕੇ। ਮਲਕ—ਫ਼ਰਿਸ਼ਤਾ। ਅਲ—ਦਾ। ਮਲਕਲ ਮਉਤ—ਮੌਤ ਦਾ ਫ਼ਰਿਸ਼ਤਾ। ਕੰਨ੍ਹਿ—ਮੋਢੇ ਤੇ। ਆਏ ਕੰਮਿ—ਕੰਮ ਵਿਚ ਆਏ, ਸਹਾਈ ਹੋਏ।

ਅਰਥ:- (ਮਨੁੱਖ ਦਾ ਇਹ) ਸਾਢੇ ਤਿੰਨ ਮਣ ਦਾ ਪਲਿਆ ਹੋਇਆ ਸਰੀਰ (ਇਸ ਨੂੰ) ਪਾਣੀ ਤੇ ਅੰਨ ਦੇ ਜ਼ੋਰ ਕੰਮ ਦੇ ਰਿਹਾ ਹੈ। ਬੰਦਾ ਜਗਤ ਵਿਚ ਕੋਈ ਸੋਹਣੀ ਜਿਹੀ ਆਸ ਬਣ ਕੇ ਆਇਆ ਹੈ (ਪਰ ਆਸ ਪੂਰੀ ਨਹੀਂ ਹੁੰਦੀ)। ਜਦੋਂ ਮੌਤ ਦਾ ਫ਼ਰਿਸਤਾ (ਸਰੀਰ ਦੇ) ਸਾਰੇ ਦਰਵਾਜ਼ੇ ਭੰਨ ਕੇ (ਭਾਵ, ਸਾਰੇ ਇੰਦ੍ਰਿਆਂ ਨੂੰ ਨਕਾਰੇ ਕਰ ਕੇ) ਆ ਜਾਂਦਾ ਹੈ, (ਮਨੁੱਖ ਦੇ) ਉਹ ਪਿਆਰੇ ਵੀਰ (ਮੌਤ ਦੇ ਫ਼ਰਿਸਤੇ ਦੇ) ਅੱਗੇ ਬੰਨ੍ਹ ਕੇ ਤੋਰ ਦੇਂਦੇ ਹਨ। ਵੇਖੋ! ਬੰਦਾ ਚਹੁੰ ਮਨੁੱਖਾਂ ਦੇ ਮੋਢੇ ਤੇ ਤੁਰ ਪਿਆ ਹੈ।

ਹੇ ਫਰੀਦ! (ਪਰਮਾਤਮਾ ਦੀ) ਦਰਗਾਹ ਵਿਚ ਉਹੀ (ਭਲੇ) ਕੰਮ ਸਹਾਈ ਹੁੰਦੇ ਹਨ ਜੋ ਦੁਨੀਆ ਵਿਚ (ਰਹਿ ਕੇ) ਕੀਤੇ ਜਾਂਦੇ ਹਨ। 100।

ਫਰੀਦਾ ਹਉ ਬਲਿਹਾਰੀ ਤਿਨ੍ਹ ਪੰਖੀਆ ਜੰਗਲਿ ਜਿੰਨ੍ਹਾ ਵਾਸੁ ॥ ਕਕਰੁ ਚੁਗਨਿ ਥਲਿ ਵਸਨਿ ਰਬ ਨ ਛੋਡਨਿ ਪਾਸੁ ॥੧੦੧॥ {ਪੰਨਾ 1383}

ਪਦ ਅਰਥ:- ਹਉ—ਮੈਂ। ਬਲਿਹਾਰੀ—ਸਦਕੇ, ਕੁਰਬਾਨ। ਤਿਨ੍ਹ—ਅੱਖਰ 'ਨ' ਦੇ ਹੇਠ ਅੱਧਾ 'ਹ' ਹੈ। ਜੰਗਲਿ—ਜੰਗਲ ਵਿਚ। ਵਾਸੁ—ਵਸੇਬਾ, ਰਿਹੈਸ਼। ਕਕਰੁ—ਕੰਕਰ, ਰੋੜ। ਥਲਿ—ਥਲ ਉਤੇ, ਭੁਇਂ ਉਤੇ। ਰਬ ਪਾਸੁ—ਰੱਬ ਦਾ ਪਾਸਾ, ਰੱਬ ਦਾ ਆਸਰਾ। ਛੋੜਨ੍ਹਿ—(ਅੱਖਰ 'ਨ' ਦੇ ਹੇਠ ਅੱਧਾ 'ਹ' ਹੈ)।

ਅਰਥ:- ਹੇ ਫਰੀਦ! ਮੈਂ ਉਹਨਾਂ ਪੰਛੀਆਂ ਤੋਂ ਸਦਕੇ ਹਾਂ ਜਿਨ੍ਹਾਂ ਦਾ ਵਾਸਾ ਜੰਗਲ ਵਿਚ ਹੈ, ਰੋੜ ਚੁਗਦੇ ਹਨ, ਭੋਇਂ ਉੱਤੇ ਵੱਸਦੇ ਹਨ, (ਪਰ) ਰੱਬ ਦਾ ਆਸਰਾ ਨਹੀਂ ਛੱਡਦੇ (ਭਾਵ, ਮਹਲਾਂ ਵਿਚ ਰਹਿਣ ਵਾਲੇ ਪਲੇ ਹੋਏ ਸਰੀਰ ਵਾਲੇ ਪਰ ਰੱਬ ਨੂੰ ਭੁਲਾ ਦੇਣ ਵਾਲੇ ਬੰਦੇ ਨਾਲੋਂ ਤਾਂ ਉਹ ਪੰਛੀ ਹੀ ਚੰਗੇ ਹਨ ਜੋ ਰੁੱਖਾਂ ਤੇ ਆਲ੍ਹਣੇ ਬਣਾ ਲੈਂਦੇ ਹਨ, ਰੋੜ ਚੁਗ ਕੇ ਗੁਜ਼ਾਰਾ ਕਰ ਲੈਂਦੇ ਹਨ, ਪਰ ਰੱਬ ਨੂੰ ਚੇਤੇ ਰੱਖਦੇ ਹਨ)। 101।

ਫਰੀਦਾ ਰੁਤਿ ਫਿਰੀ ਵਣੁ ਕੰਬਿਆ ਪਤ ਝੜੇ ਝੜਿ ਪਾਹਿ ॥ ਚਾਰੇ ਕੁੰਡਾ ਢੂੰਢੀਆਂ ਰਹਣੁ ਕਿਥਾਊ ਨਾਹਿ ॥੧੦੨॥ {ਪੰਨਾ 1383}

ਪਦ ਅਰਥ:- ਫਿਰੀ—ਬਦਲ ਗਈ ਹੈ। ਵਣੁ—ਜੰਗਲ (ਭਾਵ, ਜੰਗਲ ਦਾ ਰੁੱਖ)। (ਲਫ਼ਜ਼ 'ਵਣੁ' ਦੇ ਰੂਪ ਅਤੇ ਸ਼ਲੋਕ ਨੰ: 19 ਅਤੇ 43 ਵਿਚ ਆਏ ਲਫ਼ਜ਼ 'ਵਣਿ' ਦੇ ਵਿਆਕਰਣਿਕ ਰੂਪ ਦਾ ਫ਼ਰਕ ਵੇਖੋ)। ਰਹਣੁ—ਥਿਰਤਾ। ਕਿਥਾਊ—ਕਿਤੇ ਭੀ।

ਅਰਥ:- ਹੇ ਫਰੀਦ! ਮੌਸਮ ਬਦਲ ਗਿਆ ਹੈ, ਜੰਗਲ (ਦਾ ਬੂਟਾ ਬੂਟਾ) ਹਿੱਲ ਗਿਆ ਹੈ, ਪੱਤਰ ਝੜ ਰਹੇ ਹਨ। (ਜਗਤ ਦੇ) ਚਾਰੇ ਪਾਸੇ ਢੂੰਢ ਵੇਖੇ ਹਨ, ਥਿਰਤਾ ਕਿਤੇ ਭੀ ਨਹੀਂ ਹੈ (ਨਾਹ ਹੀ ਰੁੱਤ ਇਕੋ ਰਹਿ ਸਕਦੀ ਹੈ, ਨਾਹ ਹੀ ਰੁੱਖ ਤੇ ਰੁੱਖਾਂ ਦੇ ਪੱਤਰ ਸਦਾ ਟਿਕੇ ਰਹਿ ਸਕਦੇ ਹਨ। ਭਾਵ, ਸਮਾਂ ਗੁਜ਼ਰਨ ਤੇ ਇਸ ਮਨੁੱਖ ਉਤੇ ਬੁਢੇਪਾ ਆ ਜਾਂਦਾ ਹੈ, ਸਾਰੇ ਅੰਗ ਕਮਜ਼ੋਰ ਪੈ ਜਾਂਦੇ ਹਨ, ਆਖ਼ਰ ਜਗਤ ਤੋਂ ਤੁਰ ਪੈਂਦਾ ਹੈ)। 102।

ਫਰੀਦਾ ਪਾੜਿ ਪਟੋਲਾ ਧਜ ਕਰੀ ਕੰਬਲੜੀ ਪਹਿਰੇਉ ॥ ਜਿਨ੍ਹੀ ਵੇਸੀ ਸਹੁ ਮਿਲੈ ਸੇਈ ਵੇਸ ਕਰੇਉ ॥੧੦੩॥ {ਪੰਨਾ 1383}

ਪਦ ਅਰਥ:- ਪਾੜਿ—ਪਾੜ ਕੇ। ਪਟੋਲਾ—(ਸਿਰ ਉਤੇ ਲੈਣ ਵਾਲੀ ਜ਼ਨਾਨੀ ਦਾ) ਪੱਟ ਦਾ ਕੱਪੜਾ। ਧਜ—ਲੀਰਾਂ। ਕੰਬਲੜੀ—ਮਾੜੀ ਜਿਹੀ ਕੰਬਲੀ। ਜਿਨ੍ਹੀ ਵੇਸੀ—ਜਿਨ੍ਹਾਂ ਵੇਸਾਂ ਨਾਲ। ਸਹੁ—ਖਸਮ।

ਅਰਥ:- ਹੇ ਫਰੀਦ! ਪੱਟ ਦਾ ਕੱਪੜਾ ਪਾੜ ਕੇ ਮੈਂ ਲੀਰਾਂ ਕਰ ਦਿਆਂ, ਤੇ ਮਾੜੀ ਜਿਹੀ ਕੰਬਲੀ ਪਾ ਲਵਾਂ। ਮੈਂ ਉਹੀ ਵੇਸ ਕਰ ਲਵਾਂ, ਜਿਨ੍ਹਾਂ ਵੇਸਾਂ ਨਾਲ (ਮੇਰਾ) ਖਸਮ ਪਰਮਾਤਮਾ ਮਿਲ ਪਏ। 103।

ਮਃ ੩ ॥ ਕਾਇ ਪਟੋਲਾ ਪਾੜਤੀ ਕੰਬਲੜੀ ਪਹਿਰੇਇ ॥ ਨਾਨਕ ਘਰ ਹੀ ਬੈਠਿਆ ਸਹੁ ਮਿਲੈ ਜੇ ਨੀਅਤਿ ਰਾਸਿ ਕਰੇਇ ॥੧੦੪॥ {ਪੰਨਾ 1383}

ਪਦ ਅਰਥ:- ਕਾਇ—ਕਿਸ ਵਾਸਤੇ? ਕਿਉਂ? ਪਹਿਰੇਇ—ਪਹਿਨਦੀ ਹੈ। ਘਰ ਹੀ—{ਘਰਿ ਹੀ। ਲਫ਼ਜ਼ 'ਘਰਿ' ਦੀ ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਉੱਡ ਗਈ ਹੈ} ਘਰ ਵਿਚ ਹੀ। ਰਾਸਿ—ਚੰਗੀ, ਸਾਫ਼।

ਅਰਥ:- (ਪਤੀ ਪਰਮਾਤਮਾ ਨੂੰ ਮਿਲਣ ਵਾਸਤੇ ਜੀਵ-ਇਸਤ੍ਰੀ) ਸਿਰ ਦਾ ਪੱਟ ਦਾ ਕਪੜਾ ਕਿਉਂ ਪਾੜੇ ਤੇ ਭੈੜੀ ਜਿਹੀ ਕੰਬਲੀ ਕਿਉਂ ਪਾਏ? ਹੇ ਨਾਨਕ! ਘਰ ਵਿਚ ਬੈਠਿਆਂ ਹੀ ਖਸਮ (-ਪਰਮਾਤਮਾ) ਮਿਲ ਪੈਂਦਾ ਹੈ, ਜੇ (ਜੀਵ-ਇਸਤ੍ਰੀ ਆਪਣੀ) ਨੀਅਤ ਸਾਫ਼ ਕਰ ਲਏ (ਜੇ ਮਨ ਪਵਿਤ੍ਰ ਕਰ ਲਏ)। 104।

ਮਃ ੫ ॥ ਫਰੀਦਾ ਗਰਬੁ ਜਿਨ੍ਹਾ ਵਡਿਆਈਆ ਧਨਿ ਜੋਬਨਿ ਆਗਾਹ ॥ ਖਾਲੀ ਚਲੇ ਧਣੀ ਸਿਉ ਟਿਬੇ ਜਿਉ ਮੀਹਾਹੁ ॥੧੦੫॥ {ਪੰਨਾ 1383}

ਪਦ ਅਰਥ:- ਗਰਬੁ—ਅਹੰਕਾਰ। ਵਡਿਆਈਆ ਗਰਬੁ—ਵਡਿਆਈਆਂ ਦਾ ਮਾਣ, ਦੁਨੀਆਵੀ ਇੱਜ਼ਤ ਦਾ ਮਾਣ। ਧਨਿ—ਧਨ ਦੇ ਕਾਰਣ। ਜੋਬਨਿ—ਜੁਆਨੀ ਦੇ ਕਾਰਣ। ਆਗਾਹ—ਬੇਅੰਤ। ਧਣੀ—ਰੱਬ, ਪਰਮਾਤਮਾ। ਸਿਉ—ਤੋਂ। ਮੀਹਾਹੁ—ਮੀਂਹ ਤੋਂ।

ਅਰਥ:- ਹੇ ਫਰੀਦ! ਜਿਨ੍ਹਾਂ ਲੋਕਾਂ ਨੂੰ ਦੁਨੀਆਵੀ ਇੱਜ਼ਤ ਦਾ ਅਹੰਕਾਰ (ਰਿਹਾ), ਬੇਅੰਤ ਧਨ ਦੇ ਕਾਰਣ ਜਾਂ

ਜੁਆਨੀ ਦੇ ਕਾਰਣ (ਕੋਈ) ਮਾਣ ਰਿਹਾ, ਉਹ (ਜਗਤ ਵਿਚੋਂ) ਮਾਲਕ (ਦੀ ਮੇਹਰ) ਤੋਂ ਸੱਖਣੇ ਹੀ ਚਲੇ ਗਏ, ਜਿਵੇਂ ਟਿੱਬੇ ਮੀਂਹ (ਦੇ ਵੱਸਣ) ਪਿੱਛੋਂ (ਸੁੱਕੇ ਰਹਿ ਜਾਂਦੇ ਹਨ)। 106।

ਫਰੀਦਾ ਤਿਨਾ ਮੁਖ ਡਰਾਵਣੇ ਜਿਨਾ ਵਿਸਾਰਿਓਨੁ ਨਾਉ ॥ ਐਥੈ ਦੁਖ ਘਣੇਰਿਆ ਅਗੈ ਠਉਰ ਨ ਠਾਉ ॥੧੦੬॥ {ਪੰਨਾ 1383}

ਪਦ ਅਰਥ:- ਐਥੈ—ਇਸ ਜੀਵਨ ਵਿਚ। ਘਣੇਰਿਆ—ਘਨੇਰੇ, ਬੜੇ। ਠਉਰ ਨ ਠਾਉ—ਨਾਹ ਥਾਂ ਨਾ ਥਿੱਤਾ।

ਅਰਥ:- ਹੇ ਫਰੀਦ! ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਭੁਲਾਇਆ ਹੋਇਆ ਹੈ, ਉਹਨਾਂ ਦੇ ਮੂੰਹ ਡਰਾਉਣੇ ਲੱਗਦੇ ਹਨ (ਉਹਨਾਂ ਨੂੰ ਵੇਖਦਿਆਂ ਡਰ ਲੱਗਦਾ ਹੈ, ਭਾਵੇਂ ਉਹ ਪੱਟ ਪਹਿਨਣ ਵਾਲੇ ਹੋਣ, ਧਨ ਵਾਲੇ ਹੋਣ, ਜੁਆਨੀ ਵਾਲੇ ਹੋਣ ਜਾਂ ਮਾਣ ਵਡਿਆਈਆਂ ਵਾਲੇ ਹੋਣ)। (ਜਿਤਨਾ ਚਿਰ) ਉਹ ਇਥੇ (ਜਿਊਂਦੇ ਹਨ, ਉਹਨਾਂ ਨੂੰ) ਕਈ ਦੁੱਖ ਵਾਪਰਦੇ ਹਨ, ਤੇ ਅਗਾਂਹ ਵੀ ਉਹਨਾਂ ਨੂੰ ਕੋਈ ਥਾਂ-ਥਿੱਤਾ ਨਹੀਂ ਮਿਲਦਾ (ਭਾਵ, ਧੱਕੇ ਹੀ ਪੈਂਦੇ ਹਨ)। 106।

ਨੋਟ:- ਸ਼ਲੋਕ ਨੰ: 103 ਅਤੇ 106 ਫਰੀਦ ਜੀ ਦੇ ਹਨ। ਨੰ: 104 ਗੁਰੂ ਅਮਰਦਾਸ ਜੀ ਦਾ ਹੈ ਅਤੇ ਨੰ: 105 ਗੁਰੂ ਅਰਜਨ ਸਾਹਿਬ ਦਾ ਹੈ। ਫਰੀਦ ਜੀ ਦੇ ਦੋਵਾਂ ਸ਼ਲੋਕਾਂ ਨੂੰ ਰਲਾ ਕੇ ਪੜ੍ਹੋ। ਪਹਿਲਾਂ ਨੰ: 106 ਤੇ ਫਿਰ ਨੰ: 103। ਦੋਹਾਂ ਦਾ ਭਾਵ ਇਹ ਹੈ, ਜਿਨ੍ਹਾਂ ਬੰਦਿਆਂ ਨੇ ਪਰਮਾਤਮਾ ਦਾ ਨਾਮ ਭੁਲਾਇਆ ਹੈ ਉਹਨਾਂ ਦੇ ਮੂੰਹ ਡਰਾਉਣੇ ਲੱਗਦੇ ਹਨ ਭਾਵੇਂ ਉਹ ਪੱਟ ਪਹਿਨਣ ਵਾਲੇ ਤੇ ਧਨ ਵਾਲੇ ਹੀ ਹੋਣ। ਧਨ ਹੁੰਦਿਆਂ ਭੀ, ਪੱਟ ਪਹਿਨਦਿਆਂ ਭੀ, ਉਹ ਦੁਖੀ ਹੀ ਰਹਿੰਦੇ ਹਨ। ਸੋ, ਰੱਬ ਨੂੰ ਭੁਲਾ ਕੇ ਅਜੇਹੇ ਪੱਟ ਪਹਿਨਣ ਦੇ ਥਾਂ ਤਾਂ ਲੀਰਾਂ ਪਾ ਲੈਣੀਆਂ ਚੰਗੀਆਂ, ਕੰਮਲੀ ਪਹਿਨ ਲੈਣੀ ਚੰਗੀ, ਜੇ ਇਹਨਾਂ ਲੀਰਾਂ ਤੇ ਇਸ ਕੰਮਲੀ ਦੇ ਪਾਇਆਂ ਰੱਬ ਨਾਹ ਭੁੱਲੇ।

ਪਰ ਇਸ ਦਾ ਇਹ ਭਾਵ ਨਹੀਂ ਕਿ ਫਰੀਦ ਜੀ ਫ਼ਕੀਰੀ ਪਹਿਰਾਵੇ ਦੀ ਹਿਦਾਇਤ ਕਰ ਰਹੇ ਹਨ। ਸੋ, ਇਸੇ ਭੁਲੇਖੇ ਨੂੰ ਦੂਰ ਕਰਨ ਲਈ ਗੁਰੂ ਅਮਰਦਾਸ ਜੀ ਨੇ ਫਰੀਦ ਜੀ ਦੇ ਸ਼ਲੋਕ ਨੰ: 103 ਦੇ ਨਾਲ ਆਪਣੇ ਵਲੋਂ ਸ਼ਲੋਕ ਨੰ: 104 ਲਿਖਿਆ ਹੈ। ਗੁਰੂ ਅਰਜਨ ਸਾਹਿਬ ਨੇ ਇਸ ਖ਼ਿਆਲ ਦੀ ਹੋਰ ਵਿਆਖਿਆ ਕਰਦਿਆਂ ਲਿਖਿਆ ਹੈ ਕਿ ਧਨ ਤੇ ਜੁਆਨੀ ਦਾ ਮਾਣ ਕੀਤਿਆਂ ਰੱਬ ਦੀ ਮੇਹਰ ਤੋਂ ਸੱਖਣੇ ਹੀ ਰਹਿ ਜਾਈਦਾ ਹੈ। ਤਾਂ ਤੇ ਅਜੇਹੇ ਧਨ ਜੁਆਨੀ ਦੀ ਮੌਜ ਨਾਲੋਂ ਫ਼ਕੀਰੀ ਦੀਆਂ ਨਜ਼ਰਾਂ ਤੇ ਗੋਦੜੀ ਚੰਗੀ, ਜੇ ਇਸ ਫ਼ਕੀਰੀ ਵਿਚ ਰੱਬ ਯਾਦ ਰਹਿ ਸਕੇ।

ਫਰੀਦ ਜੀ ਦਾ ਇਸ ਤੋਂ ਅਗਲਾ ਸ਼ਲੋਕ ਨੰ: 107 ਰਤਾ ਧਿਆਨ ਨਾਲ ਤੇ ਪਿਛਲੇ ਸ਼ਲੋਕਾਂ ਨਾਲ ਰਲਾ ਕੇ ਪੜ੍ਹ ਵੇਖੋ। ਉਹ ਆਪ ਹੀ ਆਖਦੇ ਹਨ ਕਿ ਲੀਰਾਂ ਤੇ ਗੋਦੜੀ ਦੀ ਲੋੜ ਨਹੀਂ ਹੈ, ਘਰ ਛੱਡ ਕੇ ਜੰਗਲਾਂ ਵਿਚ ਜਾਣ ਦੀ ਲੋੜ ਨਹੀਂ, ਸਿਰਫ਼ ਇਹ ਹੇਠ ਲਿਖੇ ਉੱਦਮ ਕਰੋ—ਅੰਮ੍ਰਿਤ ਵੇਲੇ ਉੱਠ ਕੇ ਰੱਬ ਨੂੰ ਯਾਦ ਕਰੋ, ਇਕ ਰੱਬ ਦੀ ਓਟ ਰੱਖੋ, ਸੰਤੋਖ ਧਾਰੋ, ਆਦਿਕ।

ਫਰੀਦਾ ਪਿਛਲ ਰਾਤਿ ਨ ਜਾਗਿਓਹਿ ਜੀਵਦੜੋ ਮੁਇਓਹਿ ॥ ਜੇ ਤੈ ਰਬੁ ਵਿਸਾਰਿਆ ਤ ਰਬਿ ਨ ਵਿਸਰਿਓਹਿ ॥੧੦੭॥ {ਪੰਨਾ 1383}

ਪਦ ਅਰਥ:- ਪਿਛਲਿ ਰਾਤਿ—ਪਿਛਲੀ ਰਾਤੇ, ਅੰਮ੍ਰਿਤ ਵੇਲੇ। ਨ ਜਾਗਿਓਹਿ—ਤੂੰ ਨਾਹ ਜਾਗਿਆ। ਮੁਇਓਹਿ—ਤੂੰ ਮੋਇਆ। ਤੈ—ਤੂੰ। ਰਬਿ—ਰੱਬ ਨੇ।

ਅਰਥ:- ਹੇ ਫਰੀਦ! ਜੇ ਤੂੰ ਅੰਮ੍ਰਿਤ ਵੇਲੇ ਨਹੀਂ ਜਾਗਿਆ ਤਾਂ (ਇਹ ਕੋਝਾ ਜੀਵਨ) ਜਿਊਂਦਾ ਹੀ ਤੂੰ ਮਰਿਆ ਹੋਇਆ ਹੈਂ। ਜੇ ਤੂੰ ਰੱਬ ਨੂੰ ਭੁਲਾ ਦਿੱਤਾ ਹੈ, ਤਾਂ ਰੱਬ ਨੇ ਤੈਨੂੰ ਨਹੀਂ ਭੁਲਾਇਆ (ਭਾਵ, ਪਰਮਾਤਮਾ ਹਰ ਵੇਲੇ ਤੇਰੇ ਅਮਲਾਂ ਨੂੰ ਵੇਖ ਰਿਹਾ ਹੈ)। 107।

ਨੋਟ:- ਪਿਛਲੀ ਰਾਤੇ ਕਿਉਂ ਜਾਗਣਾ ਹੈ? ਇਹ ਗੱਲ ਫਰੀਦ ਜੀ ਨੇ ਸਿਰਫ਼ ਇਸ਼ਾਰੇ-ਮਾਤ੍ਰ ਕਹੀ ਹੈ—'ਜੇ ਤੈ ਰਬੁ

ਵਿਸਾਰਿਆ', ਭਾਵ, ਪਿਛਲੀ ਰਾਤੇ ਜਾਗ ਕੇ ਰੱਬ ਨੂੰ ਯਾਦ ਕਰਨਾ ਹੈ। ਗੁਰੂ ਅਰਜਨ ਦੇਵ ਜੀ ਫਰੀਦ ਜੀ ਦੇ ਇਸ ਭਾਵ ਨੂੰ ਅਗਲੇ ਚਾਰ ਸ਼ਲੋਕਾਂ ਵਿਚ ਵਧੀਕ ਸਪਸ਼ਟ ਕਰਦੇ ਹਨ।

ਮਃ ੫ ॥ ਫਰੀਦਾ ਕੰਤੁ ਰੰਗਾਵਲਾ ਵਡਾ ਵੇਮੁਹਤਾਜੁ ॥ ਅਲਹ ਸੇਤੀ ਰਤਿਆ ਏਹੁ ਸਚਾਵਾਂ ਸਾਜੁ ॥੧੦੮॥ {ਪੰਨਾ 1383}

ਪਦ ਅਰਥ:- ਕੰਤੁ—ਖਸਮ, ਪਰਮਾਤਮਾ। ਰੰਗਾਵਲਾ—(ਵੇਖੋ ਸ਼ਲੋਕ ਨੰ: 82 ਵਿਚ 'ਰੰਗਾਵਲੀ') ਸੋਹਜ-ਮਈ, ਸੋਹਣਾ। ਅਲਹ ਸੇਤੀ—ਰੱਬ ਨਾਲ। ਸਾਜੁ—ਬਣਤਰ, ਰੂਪ। ਸਚਾਵਾਂ—ਸੱਚ ਵਾਲਾ, ਪਰਮਾਤਮਾ ਵਾਲਾ। ਏਹੁ ਸਾਜੁ—ਇਹ ਰੂਪ, (ਭਾਵ,) 'ਰੰਗਾਵਲਾ' ਤੇ 'ਵੇਮੁਹਤਾਜੁ' ਰੂਪ।

ਅਰਥ:- ਹੇ ਫਰੀਦ! ਖਸਮ (ਪਰਮਾਤਮਾ) ਸੋਹਣਾ ਹੈ ਤੇ ਬੜਾ ਬੇ-ਮੁਥਾਜ ਹੈ। (ਅੰਮ੍ਰਿਤ ਵੇਲੇ ਉੱਠ ਕੇ) ਜੇ ਰੱਬ ਨਾਲ ਰੰਗੇ ਜਾਈਏ ਤਾਂ (ਮਨੁੱਖ ਨੂੰ ਭੀ) ਰੱਬ ਵਾਲਾ ਇਹ (ਸੋਹਣਾ ਤੇ ਬੇ-ਮੁਥਾਜੀ ਵਾਲਾ) ਰੂਪ ਮਿਲ ਜਾਂਦਾ ਹੈ (ਭਾਵ, ਮਨੁੱਖ ਦਾ ਮਨ ਸੁੰਦਰ ਹੋ ਜਾਂਦਾ ਹੈ, ਤੇ ਇਸ ਨੂੰ ਕਿਸੇ ਦੀ ਮੁਥਾਜੀ ਨਹੀਂ ਰਹਿੰਦੀ)। 108।

ਮਃ ੫ ॥ ਫਰੀਦਾ ਦੁਖੁ ਸੁਖੁ ਇਕੁ ਕਰਿ ਦਿਲ ਤੇ ਲਾਹਿ ਵਿਕਾਰੁ ॥ ਅਲਹ ਭਾਵੈ ਸੋ ਭਲਾ ਤਾਂ ਲਭੀ ਦਰਬਾਰੁ ॥੧੦੯॥ {ਪੰਨਾ 1383}

ਪਦ ਅਰਥ:- ਇਕੁ ਕਰਿ—ਇਕ ਸਮਾਨ ਕਰ, ਇਕੋ ਜਿਹੇ ਜਾਣ। ਵਿਕਾਰੁ—ਪਾਪ। ਤੇ—ਤੋਂ। ਅਲਹ ਭਾਵੈ—(ਜੋ) ਰੱਬ ਨੂੰ ਚੰਗਾ ਲੱਗੇ। ਦਰਬਾਰੁ—ਰੱਬ ਦੀ ਦਰਗਾਹ।

ਅਰਥ:- ਹੇ ਫਰੀਦ! (ਅੰਮ੍ਰਿਤ ਵੇਲੇ ਉੱਠ ਕੇ ਰੱਬੀ ਯਾਦ ਦੇ ਅੱਭਿਆਸ ਨਾਲ ਜੀਵਨ ਵਿਚ ਵਾਪਰਦੇ) ਦੁੱਖ ਤੇ ਸੁੱਖ ਨੂੰ ਇੱਕੋ ਜੇਹਾ ਜਾਣ, ਦਿਲ ਤੋਂ ਪਾਪ ਕੱਢ ਦੇਹ, ਜੋ ਰੱਬ ਦੀ ਰਜ਼ਾ ਵਿਚ ਵਰਤੇ ਉਸ ਨੂੰ ਉਸ ਨੂੰ ਚੰਗਾ ਜਾਣ, ਤਾਂ ਤੈਨੂੰ (ਪਰਮਾਤਮਾ ਦੀ) ਦਰਗਾਹ ਦੀ ਪ੍ਰਾਪਤੀ ਹੋਵੇਗੀ। 109।

ਮਃ ੫ ॥ ਫਰੀਦਾ ਦੁਨੀ ਵਜਾਈ ਵਜਦੀ ਤੂੰ ਭੀ ਵਜਹਿ ਨਾਲਿ ॥ ਸੋਈ ਜੀਉ ਨ ਵਜਦਾ ਜਿਸੁ ਅਲਹੁ ਕਰਦਾ ਸਾਰ ॥੧੧੦॥ {ਪੰਨਾ 1383}

ਪਦ ਅਰਥ:- ਦੁਨੀ—ਦੁਨੀਆ, ਦੁਨੀਆ ਦੇ ਲੋਕ। ਵਜਾਈ—ਮਾਇਆ ਦੀ ਪ੍ਰੇਰੀ ਹੋਈ। ਨਾਲਿ—ਦੁਨੀਆ ਦੇ ਹੀ ਨਾਲਿ। ਜਿਸੁ—ਜਿਸ ਦੀ। ਸਾਰ—ਸੰਭਾਲ। ਅਲਹੁ—ਪਰਮਾਤਮਾ।

ਨੋਟ:- ਸਲੋਕ ਨੰ: 108, 109 ਅਤੇ 110 ਵਿਚ ਲਫ਼ਜ਼ 'ਅਲਹ' ਦੀ ਵਰਤੋਂ ਵਿਆਕਰਣ ਅਨੁਸਾਰ ਇਉਂ ਹੈ—'ਅਲਹ ਸੇਤੀ'—ਇਥੇ ਮੁਕਤਾ ਅੰਤ ਲਫ਼ਜ਼ 'ਅਲਹ' ਦੇ ਨਾਲ 'ਸੰਬੰਧਕ' 'ਸੇਤੀ' ਵਰਤਿਆ ਗਿਆ ਹੈ। 'ਅਲਹ ਭਾਵੈ'—ਇਥੇ ਕ੍ਰਿਆ 'ਭਾਵੈ' ਦੇ ਨਾਲ ਲਫ਼ਜ਼ 'ਅਲਹ' ਸੰਪ੍ਰਦਾਨ ਕਾਰਕ, ਇਕ-ਵਚਨ ਹੈ, ਭਾਵ, ਅਲਹ ਨੂੰ' 'ਅਲਹੁ ਕਰਦਾ'—ਇਥੇ ਲਫ਼ਜ਼ 'ਅਲਹੁ' ਕਰਤਾ ਕਾਰਕ, ਇਕ-ਵਚਨ ਹੈ।

ਅਰਥ:- ਹੇ ਫਰੀਦ! ਦੁਨੀਆ ਦੇ ਲੋਕ (ਵਾਜੇ ਹਨ ਜੋ ਮਾਇਆ ਦੇ) ਵਜਾਏ ਹੋਏ ਵੱਜ ਰਹੇ ਹਨ, ਤੂੰ ਭੀ ਉਹਨਾਂ ਦੇ ਨਾਲ ਹੀ ਵੱਜ ਰਿਹਾ ਹੈਂ, (ਭਾਵ, ਮਾਇਆ ਦਾ ਨਚਾਇਆ ਨੱਚ ਰਿਹਾ ਹੈਂ)। ਉਹੀ (ਭਾਗਾਂ ਵਾਲਾ) ਜੀਵ (ਮਾਇਆ ਦਾ ਵਜਾਇਆ ਹੋਇਆ) ਨਹੀਂ ਵੱਜਦਾ, ਜਿਸ ਦੀ ਸੰਭਾਲ (ਰਾਖੀ) ਪਰਮਾਤਮਾ ਆਪ ਕਰਦਾ ਹੈ (ਸੋ, ਅੰਮ੍ਰਿਤ ਵੇਲੇ ਉੱਠ ਕੇ ਉਸ ਦੀ ਯਾਦ ਵਿਚ ਜੁੜ, ਤਾਕਿ ਤੇਰੀ ਭੀ ਸੰਭਾਲ ਹੋ ਸਕੇ)। 110।

ਮਃ ੫ ॥ ਫਰੀਦਾ ਦਿਲੁ ਰਤਾ ਇਸੁ ਦੁਨੀ ਸਿਉ ਦੁਨੀ ਨ ਕਿਤੈ ਕੰਮਿ ॥ ਮਿਸਲ ਫਕੀਰਾਂ ਗਾਖੜੀ ਸੁ ਪਾਈਐ ਪੂਰ ਕਰੰਮਿ ॥੧੧੧॥ {ਪੰਨਾ 1383-1384}

ਪਦ ਅਰਥ:- ਰਤਾ—ਰੱਤਾ, ਰੰਗਿਆ ਹੋਇਆ। ਦੁਨੀ—ਦੁਨੀਆ, ਮਾਇਆ। ਕਿਤੈ ਕੰਮਿ—ਕਿਸੇ ਕੰਮ ਵਿਚ

(ਨਹੀਂ ਆਉਂਦੀ)। ਮਿਸਲ ਫਕੀਰਾਂ—ਫ਼ਕੀਰਾਂ ਵਾਲੀ ਰਹਿਣੀ। ਗਾਖੜੀ—ਔਖੀ। ਪੂਰ ਕਰੰਮਿ—ਪੂਰੀ ਕਿਸਮਤ ਨਾਲ।

ਅਰਥ:- ਹੇ ਫਰੀਦ! (ਅੰਮ੍ਰਿਤ ਵੇਲੇ ਉੱਠਣਾ ਹੀ ਕਾਫ਼ੀ ਨਹੀਂ; ਉਸ ਉੱਠਣ ਦੀ ਕੀਹ ਲਾਭ ਜੇ ਉਸ ਵੇਲੇ ਭੀ) ਦਿਲ ਦੁਨੀਆ (ਦੇ ਪਦਾਰਥਾਂ) ਨਾਲ ਹੀ ਰੰਗਿਆ ਰਿਹਾ? ਦੁਨੀਆ (ਅੰਤ ਵੇਲੇ) ਕਿਸੇ ਕੰਮ ਨਹੀਂ ਆਉਂਦੀ। (ਉੱਠ ਕੇ ਰੱਬ ਨੂੰ ਯਾਦ ਕਰ, ਇਹ) ਫ਼ਕੀਰਾਂ ਵਾਲੀ ਰਹਿਣੀ ਬੜੀ ਔਖੀ ਹੈ, ਤੇ ਮਿਲਦੀ ਹੈ ਵੱਡੇ ਭਾਗਾਂ ਨਾਲ। 111।

ਨੋਟ:- ਅਗਲਾ ਸ਼ਲੋਕ ਨੰ: 112 ਫਰੀਦ ਜੀ ਦਾ ਹੈ।

ਪਹਿਲੈ ਪਹਰੈ ਫੁਲੜਾ ਫਲੁ ਭੀ ਪਛਾ ਰਾਤਿ ॥ ਜੋ ਜਾਗੰਨ੍ਹਿ ਲਹੰਨਿ ਸੇ ਸਾਈ ਕੰਨੋ ਦਾਤਿ ॥ ੧੧੨॥ {ਪੰਨਾ 1384}

ਨੋਟ:- ਅੰਮ੍ਰਿਤ ਵੇਲੇ ਉੱਠਣ ਬਾਰੇ ਇਥੇ ਫਰੀਦ ਜੀ ਦੇ ਸਿਰਫ਼ ਦੋ ਸ਼ਲੋਕ ਹਨ—ਨੰ: 107 ਅਤੇ ਇਹ ਨੰ: 112। ਸ਼ਲੋਕ ਨੰ: 108, 109, 110 ਅਤੇ 111 ਗੁਰੂ ਅਰਜਨ ਦੇਵ ਜੀ ਦੇ ਹਨ, ਜਿਨ੍ਹਾਂ ਵਿਚ ਦੱਸਿਆ ਹੈ ਕਿ ਅੰਮ੍ਰਿਤ ਵੇਲੇ ਦੀ ਬੰਦਗੀ ਵਿਚੋਂ ਇਹ ਲਾਭ ਨਿਕਲਣੇ ਚਾਹੀਦੇ ਹਨ—ਬੇ-ਮੁਥਾਜੀ, ਪਾਪ ਦੀ ਨਵਿਰਤੀ, ਰਜ਼ਾ ਵਿਚ ਰਹਿਣਾ, ਮਾਇਆ ਦੀ ਮਾਰ ਤੋਂ ਬਚਾਉ। ਫਰੀਦ ਜੀ ਨੇ ਦੋਹਾਂ ਸ਼ਲੋਕਾਂ ਵਿਚ ਸਿਰਫ਼ ਇਹ ਕਿਹਾ ਹੈ—ਅੰਮ੍ਰਿਤ ਵੇਲੇ ਉਸ ਦਾ ਨਾਮ ਜਪੋ, ਪਹਿਲੀ ਰਾਤੇ ਭੀ ਰੱਬ ਦੀ ਯਾਦ ਵਿਚ ਹੀ ਸੌਣਾ ਚਾਹੀਦਾ ਹੈ, ਪਰ ਪਹਿਲੇ ਪਹਿਰ ਨਾਲੋਂ ਅੰਮ੍ਰਿਤ ਵੇਲਾ ਵਧੀਕ ਗੁਣਕਾਰੀ ਹੈ।

ਪਦ ਅਰਥ:- ਫੁਲੜਾ—ਸੋਹਣਾ ਜਿਹਾ ਫੁੱਲ। ਪਛਾ ਰਾਤਿ—ਪਿਛਲੀ ਰਾਤੇ, ਅੰਮ੍ਰਿਤ ਵੇਲੇ। ਜਾਗੰਨ੍ਹਿ—ਅੱਖਰ 'ਨ' ਦੇ ਹੇਠ 'ਹ' ਹੈ। ਲਹੰਨਿ—ਹਾਸਲ ਕਰਦੇ ਹਨ। ਕੰਨੋ—ਪਾਸੋਂ (ਵੇਖੋ ਸ਼ਲੋਕ ਨੰ: 99 ਵਿਚ ਲਫ਼ਜ਼ 'ਕੰਨੈ')।

ਅਰਥ:- (ਰਾਤ ਦੇ) ਪਹਿਲੇ ਪਹਿਰ ਦੀ ਬੰਦਗੀ (ਮਾਨੋ) ਇਕ ਸੋਹਣਾ ਜਿਹਾ ਫੁੱਲ ਹੈ, ਫਲ ਅੰਮ੍ਰਿਤ ਵੇਲੇ ਦੀ ਬੰਦਗੀ ਹੀ ਹੋ ਸਕਦੀ ਹੈ। ਜੋ ਬੰਦੇ (ਅੰਮ੍ਰਿਤ ਵੇਲੇ) ਜਾਗਦੇ ਹਨ ਉਹ ਪਰਮਾਤਮਾ ਪਾਸੋਂ ਬਖ਼ਸ਼ਸ਼ ਹਾਸਲ ਕਰਦੇ ਹਨ। 112।

ਦਾਤੀ ਸਾਹਿਬ ਸੰਦੀਆ ਕਿਆ ਚਲੈ ਤਿਸੁ ਨਾਲਿ ॥ ਇਕਿ ਜਾਗੰਦੇ ਨਾ ਲਹਨਿ੍ ਇਕਨ੍ਾ ਸੁਤਿਆ ਦੇਇ ਉਠਾਲਿ ॥੧੧੩॥ {ਪੰਨਾ 1384}

ਪਦ ਅਰਥ:- ਦਾਤੀ—ਬਖ਼ਸ਼ਸ਼ਾਂ।

ਨੋਟ:- ਲਫ਼ਜ਼ 'ਦਾਤਿ' (ਿ) ਅੰਤ ਹੈ, ਇਸ ਦਾ ਬਹੁ-ਵਚਨ (ਿ) ਨੂੰ ਦੀਰਘ ਕੀਤਿਆਂ ਬਣਿਆ ਹੈ, ਇਸੇ ਤਰ੍ਹਾਂ ਲਫ਼ਜ਼ 'ਲਹਰਿ' (ਿ ਅੰਤ) ਤੋਂ 'ਲਹਰੀ'; ਜਿਵੇਂ 'ਸਾਇਰੁ ਲਹਰੀ ਦੇਇ'। ਸੰਦੀਆ—ਦੀਆਂ। ਤਿਸੁ ਨਾਲਿ—ਉਸ (ਸਾਹਿਬ) ਨਾਲ। ਕਿਆ ਚਲੈ—ਕੀਹ ਜ਼ੋਰ ਚੱਲ ਸਕਦਾ ਹੈ। ਇਕਿ—ਕਈ ਬੰਦੇ। ਲਹਨਿ੍—ਪ੍ਰਾਪਤ ਕਰਦੇ ਹਨ।

ਨੋਟ:- ਇਹ ਸ਼ਲੋਕ ਗੁਰੂ ਨਾਨਕ ਦੇਵ ਜੀ ਦਾ ਹੈ, ਜੋ ਫਰੀਦ ਜੀ ਦੇ ਉਪਰਲੇ ਸ਼ਲੋਕ (ਨੰ: 112) ਦੀ ਵਿਆਖਿਆ ਵਾਸਤੇ ਉਚਾਰਿਆ ਗਿਆ ਹੈ। ਫਰੀਦ ਜੀ ਨੇ ਲਫ਼ਜ਼ 'ਦਾਤਿ' ਵਰਤ ਕੇ ਇਸ਼ਾਰੇ-ਮਾਤ੍ਰ ਦੱਸਿਆ ਹੈ ਕਿ ਜੋ ਅੰਮ੍ਰਿਤ ਵੇਲੇ ਜਾਗ ਕੇ ਬੰਦਗੀ ਕਰਦੇ ਹਨ, ਉਹਨਾਂ ਉਤੇ ਰੱਬ ਤ੍ਰੁੱਠਦਾ ਹੈ। ਗੁਰੂ ਨਾਨਕ ਦੇਵ ਜੀ ਨੇ ਸਪਸ਼ਟ ਕਰ ਕੇ ਕਹਿ ਦਿੱਤਾ ਹੈ ਕਿ ਇਹ ਤਾਂ 'ਦਾਤਿ' ਹੈ 'ਦਾਤਿ', ਹੱਕ ਨਹੀਂ ਬਣ ਜਾਂਦਾ। ਮਤਾਂ ਕੋਈ ਅੰਮ੍ਰਿਤ ਵੇਲੇ ਉੱਠਣ ਦਾ ਮਾਣ ਹੀ ਕਰਨ ਲੱਗ ਜਾਏ।

ਗੁਰੂ ਅਰਜਨ ਦੇਵ ਜੀ ਨੇ ਇਸ ਸ਼ਲੋਕ ਨੂੰ ਗੁਰੂ ਰਾਮਦਾਸ ਜੀ ਦੀ ਉਚਾਰੀ ਹੋਈ 'ਸਿਰੀ ਰਾਗ' ਦੀ ਵਾਰ ਦੀ ਦੂਜੀ ਪਉੜੀ ਨਾਲ ਭੀ ਵਰਤਿਆ ਹੈ। ਉਥੇ ਇਹ ਸ਼ਲੋਕ ਇਉਂ ਹੈ।

ਸਲੋਕ ਮ: 1 ॥ ਦਾਤੀ ਸਾਹਿਬ ਸੰਦੀਆ, ਕਿਆ ਚਲੈ ਤਿਸੁ ਨਾਲਿ ॥ ਇਕਿ ਜਾਗੰਦੇ ਨਾ ਲਹੰਨਿ ਇਕਨ੍ਹਾ ਸੁਤਿਆ ਦੇਇ ਉਠਾਲਿ ॥1॥2॥ . . . . . (ਸਿਰੀ ਰਾਗ ਕੀ ਵਾਰ ਮ: 4)

ਇਥੇ ਦੂਜੀ ਤੁਕ ਦੇ ਦੋ ਲਫ਼ਜ਼ਾਂ ਦੇ ਜੋੜ ਵਿਚ ਰਤਾ ਕੁ ਫ਼ਰਕ ਹੈ—'ਲਹੰਨਿ' ਅਤੇ 'ਇਕਨ੍ਹਾ'।

ਅਰਥ:- ਬਖ਼ਸ਼ਸ਼ਾਂ ਮਾਲਕ ਦੀਆਂ (ਆਪਣੀਆਂ) ਹਨ। ਉਸ ਮਾਲਕ ਨਾਲ (ਕਿਸੇ ਦਾ) ਕੀਹ ਜ਼ੋਰ ਚੱਲ ਸਕਦਾ ਹੈ? ਕਈ (ਅੰਮ੍ਰਿਤ ਵੇਲੇ) ਜਾਗਦੇ ਭੀ (ਇਹ ਬਖ਼ਸ਼ਸ਼ਾਂ) ਨਹੀਂ ਲੈ ਸਕਦੇ, ਕਈ (ਭਾਗਾਂ ਵਾਲਿਆਂ ਨੂੰ) ਸੁੱਤੇ ਪਿਆਂ ਨੂੰ (ਉਹ ਆਪ) ਜਗਾ ਦੇਂਦਾ ਹੈ (ਭਾਵ, ਕਈ ਅੰਮ੍ਰਿਤ ਵੇਲੇ ਜਾਗੇ ਹੋਏ ਭੀ ਕਿਸੇ ਅਹੰਕਾਰ ਆਦਿਕ-ਰੂਪ ਮਾਇਆ ਵਿਚ ਸੁੱਤੇ ਰਹਿ ਜਾਂਦੇ ਹਨ, ਤੇ, ਕਈ ਗ਼ਾਫ਼ਿਲਾਂ ਨੂੰ ਮੇਹਰ ਕਰ ਕੇ ਆਪ ਸੂਝ ਦੇ ਦੇਂਦਾ ਹੈ)। 113।

ਨੋਟ:- ਗੁਰੂ ਨਾਨਕ ਦੇਵ ਜੀ ਦੇ ਉੱਪਰ-ਦਿੱਤੇ ਸ਼ਲੋਕ ਨਾਲ 'ਸਿਰੀ ਰਾਗ' ਦੀ ਵਾਰ ਵਿਚ ਗੁਰੂ ਨਾਨਕ ਦੇਵ ਜੀ ਦਾ ਦੂਜਾ ਸ਼ਲੋਕ ਇਉਂ ਹੈ:

ਮ: 1 ॥ ਸਿਦਕ ਸਬੂਰੀ ਸਾਦਿਕਾ, ਸਬਰ ਤੋਸਾ ਮਲਾਇਕਾਂ। ਦੀਦਾਰੁ ਪੂਰੇ ਪਾਇਸਾ, ਥਾਉ ਨਾਹੀ ਖਾਇਕਾ ॥2॥2॥

ਇਹਨਾਂ ਦੋਹਾਂ ਸ਼ਲੋਕਾਂ ਨੂੰ ਇਕੱਠੇ ਪੜ੍ਹਿਆਂ ਇਹ ਸਿੱਖਿਆ ਪ੍ਰਤੱਖ ਦਿੱਸਦੀ ਹੈ ਕਿ ਰੱਬ ਵਲੋਂ 'ਦਾਤਿ' ਤਾਂ ਹੀ ਮਿਲਦੀ ਹੈ ਜੇ ਬੰਦਾ 'ਸਬਰੁ' ਧਾਰਨ ਕਰੇ। ਇਸੇ ਤਰ੍ਹਾਂ ਫਰੀਦ ਜੀ ਦੇ ਸ਼ਲੋਕ ਨੰ: 112 ਦੇ ਨਾਲ ਫਰੀਦ ਜੀ ਦੇ ਆਪਣੇ ਅਗਲੇ ਚਾਰ ਸ਼ਲੋਕ ਨੰ: 114 ਤੋਂ 117 ਤਕ ਭੀ ਇਹੀ ਕਹਿੰਦੇ ਹਨ ਕਿ 'ਦਾਤਿ' ਤਾਂ ਹੀ ਮਿਲੇਗੀ ਜੇ 'ਸਬਰੁ' ਧਾਰੋਗੇ। 'ਹੱਕ' ਸਮਝ ਕੇ ਕਾਹਲੀ ਨਾਲ ਕੋਈ ਹੋਰ 'ਝਾਕ' ਨਾਹ ਝਾਕਣੀ।

ਨੋਟ:- ਸ਼ਲੋਕ ਨੰ: 114 ਤੋਂ 119 ਤਕ ਫਰੀਦ ਜੀ ਦੇ ਹਨ।

ਢੂਢੇਦੀਏ ਸੁਹਾਗ ਕੂ ਤਉ ਤਨਿ ਕਾਈ ਕੋਰ ॥ ਜਿਨ੍ਹਾ ਨਾਉ ਸੁਹਾਗਣੀ ਤਿਨ੍ਹਾ ਝਾਕ ਨ ਹੋਰ ॥ ੧੧੪॥ {ਪੰਨਾ 1384}

ਪਦ ਅਰਥ:- ਕੂ—ਨੂੰ। ਤਉ ਤਨਿ—ਤੇਰੇ ਤਨ ਵਿਚ, ਤੇਰੇ ਅੰਦਰ। ਕੋਰ—ਕਸਰ, ਘਾਟ। ਕਾਈ—ਕੋਈ। ਝਾਕ—ਆਸ, ਆਸਰਾ, ਟੇਕ।

ਅਰਥ:- ਸੁਹਾਗ (-ਪਰਮਾਤਮਾ) ਨੂੰ ਭਾਲਣ ਵਾਲੀਏ (ਹੇ ਜੀਵ ਇਸਤ੍ਰੀਏ!) (ਤੂੰ ਅੰਮ੍ਰਿਤ ਵੇਲੇ ਉੱਠ ਕੇ ਪਤੀ-ਪਰਮਾਤਮਾ ਨੂੰ ਮਿਲਣ ਲਈ ਬੰਦਗੀ ਕਰਦੀ ਹੈਂ ਪਰ ਤੈਨੂੰ ਅਜੇ ਭੀ ਨਹੀਂ ਮਿਲਿਆ) ਤੇਰੇ ਆਪਣੇ ਅੰਦਰ ਹੀ ਕੋਈ ਕਸਰ ਹੈ। ਜਿਨ੍ਹਾਂ ਦਾ ਨਾਮ 'ਸੋਹਾਗਣਾਂ' ਹੈ ਉਹਨਾਂ ਦੇ ਅੰਦਰ ਕੋਈ ਹੋਰ ਟੇਕ ਨਹੀਂ ਹੁੰਦੀ (ਭਾਵ, ਪਤੀ-ਮਿਲਾਪ ਦੀ 'ਦਾਤਿ' ਉਹਨਾਂ ਨੂੰ ਹੀ ਮਿਲਦੀ ਹੈ ਜੋ ਅੰਮ੍ਰਿਤ ਵੇਲੇ ਉੱਠਣ ਦਾ ਕੋਈ 'ਹੱਕ' ਨਹੀਂ ਜਮਾਂਦੀਆਂ)। 114।

ਸਬਰ ਮੰਝ ਕਮਾਣ ਏ ਸਬਰੁ ਕਾ ਨੀਹਣੋ ॥ ਸਬਰ ਸੰਦਾ ਬਾਣੁ ਖਾਲਕੁ ਖਤਾ ਨ ਕਰੀ ॥੧੧੫॥ {ਪੰਨਾ 1384}

ਪਦ ਅਰਥ:- ਮੰਝ—(ਮਨ) ਮੰਝ, (ਮਨ) ਵਿਚ। ਸਬਰ ਕਮਾਣ—ਸਬਰ ਦੀ ਕਮਾਣ। ਸਬਰੁ—ਧੀਰਜੁ, ਸਿਦਕ। ਕਾ—(ਕਮਾਣ ਦਾ)। ਨੀਹਣੋ—ਚਿੱਲਾ। ਸੰਦਾ—ਦਾ। ਬਾਣੁ—ਤੀਰ। ਖਤਾ ਨ ਕਰੀ—ਵਿਅਰਥ ਨਹੀਂ ਜਾਣ ਦੇਂਦਾ, ਖੁੰਝਣ ਨਹੀਂ ਦੇਂਦਾ।

ਅਰਥ:- ਜੇ ਮਨ ਵਿਚ ਇਸ ਸਬਰ ਦੀ ਕਮਾਨ ਹੋਵੇ, ਜੇ ਸਬਰ ਹੀ ਕਮਾਣ ਦਾ ਚਿੱਲਾ ਹੋਵੇ, ਸਬਰ ਦਾ ਹੀ ਤੀਰ ਹੋਵੇ, ਤਾਂ ਪਰਮਾਤਮਾ (ਇਸ ਦਾ ਨਿਸ਼ਾਨਾ) ਖੁੰਝਣ ਨਹੀਂ ਦੇਂਦਾ। 115।

ਸਬਰ ਅੰਦਰਿ ਸਾਬਰੀ ਤਨੁ ਏਵੈ ਜਾਲੇਨਿ੍ ॥ ਹੋਨਿ ਨਜੀਕਿ ਖੁਦਾਇ ਦੈ ਭੇਤੁ ਨ ਕਿਸੈ ਦੇਨਿ ॥੧੧੬॥ {ਪੰਨਾ 1384}

ਪਦ ਅਰਥ:- ਸਾਬਰੀ—ਸਬਰ ਵਾਲੇ ਬੰਦੇ। ਏਵੈ—ਇਸੇ ਤਰ੍ਹਾਂ (ਭਾਵ,) ਸਬਰ ਵਿਚ ਹੀ। ਤਨੁ ਜਾਲੇਨਿ੍—ਸਰੀਰ ਨੂੰ ਸਾੜਦੇ ਹਨ, ਘਾਲਾਂ ਘਾਲਦੇ ਹਨ, (ਭਾਵ, ਜਦੋਂ ਜਗਤ ਸੁੱਤਾ ਪਿਆ ਹੈ, ਉਹ ਅੰਮ੍ਰਿਤ ਵੇਲੇ ਉੱਠ ਕੇ ਬੰਦਗੀ ਕਰਦੇ ਹਨ, ਤੇ ਬੇ-ਮੁਥਾਜੀ ਪਾਪ-ਨਿਵਿਰਤੀ ਅਤੇ ਰਜ਼ਾ ਦਾ ਸਬਕ ਪਕਾਂਦੇ ਹਨ)। ਹੋਨਿ—ਹੁੰਦੇ ਹਨ। ਨਜੀਕਿ—ਨੇੜੇ। ਕਿਸੈ—ਕਿਸੇ ਨੂੰ। ਭੇਤੁ ਨ ਦੇਨਿ—ਆਪਣਾ ਭੇਤ ਨਹੀਂ ਦੇਂਦੇ, ਕਾਹਲੇ ਪੈ ਕੇ ਕਿਸੇ ਅਗੇ ਗਿਲਾ ਨਹੀਂ ਕਰਦੇ ਕਿ ਇਤਨੀ ਮੇਹਨਤਿ ਕਰਨ ਤੇ ਭੀ ਅਜੇ ਤਕ ਕਿਉਂ ਨਹੀਂ ਮਿਲਿਆ।

ਅਰਥ:- ਸਬਰ ਵਾਲੇ ਬੰਦੇ ਸਬਰ ਵਿਚ ਰਹਿ ਕੇ ਇਸੇ ਤਰ੍ਹਾਂ (ਸਦਾ ਸਬਰ ਵਿਚ ਹੀ) ਬੰਦਗੀ ਦੀ ਘਾਲ ਘਾਲਦੇ ਹਨ (ਇਸ ਤਰ੍ਹਾਂ ਉਹ) ਰੱਬ ਦੇ ਨੇੜੇ ਹੁੰਦੇ ਜਾਂਦੇ ਹਨ, ਤੇ ਕਿਸੇ ਨੂੰ ਆਪਣੇ ਦਿਲ ਦਾ ਭੇਤ ਨਹੀਂ ਦੇਂਦੇ। 116।

ਸਬਰੁ ਏਹੁ ਸੁਆਉ ਜੇ ਤੂੰ ਬੰਦਾ ਦਿੜੁ ਕਰਹਿ ॥ ਵਧਿ ਥੀਵਹਿ ਦਰੀਆਉ ਟੁਟਿ ਨ ਥੀਵਹਿ ਵਾਹੜਾ ॥੧੧੭॥ {ਪੰਨਾ 1384}

ਪਦ ਅਰਥ:- ਸੁਆਉ—ਸੁਆਰਥ, ਪ੍ਰਯੋਜਨ, ਜ਼ਿੰਦਗੀ ਦਾ ਨਿਸ਼ਾਨਾ। ਬੰਦਾ—ਹੇ ਬੰਦੇ! ਹੇ ਮਨੁੱਖ! ਦਿੜੁ—ਪੱਕਾ। ਵਧਿ—ਵਧ ਕੇ। ਥੀਵਹਿ—ਹੋ ਜਾਹਿਂਗਾ। ਵਾਹੜਾ—ਨਿੱਕਾ ਜਿਹਾ ਵਹਣ। ਟੁਟਿ—ਟੁੱਟ ਕੇ, ਘਟ ਕੇ।

ਅਰਥ:- ਹੇ ਬੰਦੇ! ਇਹ ਸਬਰ ਹੀ ਜ਼ਿੰਦਗੀ ਦਾ ਅਸਲ ਨਿਸ਼ਾਨਾ ਹੈ। ਜੇ ਤੂੰ (ਸਬਰ ਨੂੰ ਹਿਰਦੇ ਵਿਚ) ਪੱਕਾ ਕਰ ਲਏਂ, ਤਾਂ ਤੂੰ ਵਧ ਕੇ ਦਰੀਆ ਹੋ ਜਾਹਿਂਗਾ, (ਪਰ) ਘਟ ਕੇ ਨਿੱਕਾ ਜਿਹਾ ਵਹਣ ਨਹੀਂ ਬਣੇਂਗਾ (ਭਾਵ, ਸਬਰ ਵਾਲਾ ਜੀਵਨ ਬਣਾਇਆਂ ਤੇਰਾ ਦਿਲ ਵਧ ਕੇ ਦਰਿਆ ਹੋ ਜਾਇਗਾ, ਤੇਰੇ ਦਿਲ ਵਿਚ ਸਾਰੇ ਜਗਤ ਵਾਸਤੇ ਪਿਆਰ ਪੈਦਾ ਹੋ ਜਾਇਗਾ, ਤੇਰੇ ਅੰਦਰ ਤੰਗ-ਦਿਲੀ ਨਹੀਂ ਰਹਿ ਜਾਇਗੀ)। 117।

ਫਰੀਦਾ ਦਰਵੇਸੀ ਗਾਖੜੀ ਚੋਪੜੀ ਪਰੀਤਿ ॥ ਇਕਨਿ ਕਿਨੈ ਚਾਲੀਐ ਦਰਵੇਸਾਵੀ ਰੀਤਿ ॥੧੧੮॥ {ਪੰਨਾ 1384}

ਪਦ ਅਰਥ:- ਗਾਖੜੀ—ਔਖੀ। ਦਰਵੇਸੀ—ਫ਼ਕੀਰੀ। ਚੋਪੜੀ—ਉਤੋਂ ਉਤੋਂ ਚੰਗੀ, ਓਪਰੀ, ਵਿਖਾਵੇ ਦੀ। ਇਕਨਿ ਕਿਨੈ—ਕਿਸੇ ਇੱਕ ਨੇ, ਕਿਸੇ ਵਿਰਲੇ ਨੇ। ਚਾਲੀਐ—ਚਲਾਈ ਹੈ। ਦਰਵੇਸਾਵੀ—ਦਰਵੇਸ਼ਾਂ ਵਾਲੀ।

ਅਰਥ:- ਹੇ ਫਰੀਦ! (ਇਹ ਸਬਰ ਵਾਲਾ ਜੀਵਨ ਅਸਲ) ਫ਼ਕੀਰੀ (ਹੈ, ਤੇ ਇਹ) ਔਖੀ (ਕਾਰ) ਹੈ, ਪਰ (ਹੇ ਫਰੀਦ! ਰੱਬ ਨਾਲ ਤੇਰੀ) ਪ੍ਰੀਤ ਤਾਂ ਉਪਰੋਂ ਉਪਰੋਂ ਹੈ। ਫ਼ਕੀਰਾਂ ਦੀ (ਇਹ ਸਬਰ ਵਾਲੀ) ਕਾਰ ਕਿਸੇ ਵਿਰਲੇ ਬੰਦੇ ਨੇ ਕਮਾਈ ਹੈ। 118।

ਤਨੁ ਤਪੈ ਤਨੂਰ ਜਿਉ ਬਾਲਣੁ ਹਡ ਬਲੰਨਿ੍ ॥ ਪੈਰੀ ਥਕਾਂ ਸਿਰਿ ਜੁਲਾਂ ਜੇ ਮੂੰ ਪਿਰੀ ਮਿਲੰਨਿ੍ ॥੧੧੯॥ {ਪੰਨਾ 1384}

ਪਦ ਅਰਥ:- ਜਿਉ—ਵਾਂਗ। ਬਲੰਨਿ੍—(ਅੱਖਰ 'ਨ' ਦੇ ਹੇਠ ਅੱਧਾ 'ਹ' ਹੈ)। ਪੈਰੀ—ਪੈਰਾਂ ਨਾਲ (ਤੁਰਦਿਆਂ)। ਥਕਾਂ—ਥੱਕਾਂ, ਜੇ ਮੈਂ ਥੱਕ ਜਾਵਾਂ। ਸਿਰਿ—ਸਿਰ ਨਾਲ, ਸਿਰ-ਭਾਰ। ਜੁਲਾਂ—ਮੈਂ ਤੁਰਾਂ। ਮੂੰ—ਮੈਨੂੰ। ਪਿਰੀ—ਪਿਆਰੀ (ਰੱਬ) ਦੀ। ਮਿਲੰਨਿ੍—(ਅੱਖਰ 'ਨ' ਦੇ ਨਾਲ ਅੱਧਾ 'ਹ' ਹੈ)।

ਅਰਥ:- ਮੇਰਾ ਸਰੀਰ (ਬੇਸ਼ੱਕ) ਤਨੂਰ ਵਾਂਗ ਤਪੇ, ਮੇਰੇ ਹੱਡ (ਬੇਸ਼ੱਕ ਇਉਂ) ਬਲਣ ਜਿਵੇਂ ਬਾਲਣ (ਬਲਦਾ) ਹੈ। (ਪਿਆਰੇ ਰੱਬ ਨੂੰ ਮਿਲਣ ਦੇ ਰਾਹ ਤੇ ਜੇ ਮੈਂ) ਪੈਰਾਂ ਨਾਲ (ਤੁਰਦਾ ਤੁਰਦਾ) ਥੱਕ ਜਾਵਾਂ, ਤਾਂ ਮੈਂ ਸਿਰ ਭਾਰ ਤੁਰਨ ਲੱਗ ਪਵਾਂ। (ਮੈਂ ਇਹ ਸਾਰੇ ਔਖ ਸਹਾਰਨ ਨੂੰ ਤਿਆਰ ਹਾਂ) ਜੇ ਮੈਨੂੰ ਪਿਆਰੇ ਰੱਬ ਜੀ ਮਿਲ ਪੈਣ (ਭਾਵ, ਰੱਬ ਨੂੰ

ਮਿਲਣ ਵਾਸਤੇ ਜੇ ਇਹ ਜ਼ਰੂਰੀ ਹੋਵੇ ਕਿ ਸਰੀਰ ਨੂੰ ਧੂਣੀਆਂ ਤਪਾ ਤਪਾ ਕੇ ਦੁਖੀ ਕੀਤਾ ਜਾਏ, ਤਾਂ ਮੈਂ ਇਹ ਕਸ਼ਟ ਸਹਾਰਨ ਨੂੰ ਭੀ ਤਿਆਰ ਹਾਂ)। 119।

ਤਨੁ ਨ ਤਪਾਇ ਤਨੂਰ ਜਿਉ ਬਾਲਣੁ ਹਡ ਨ ਬਾਲਿ ॥ ਸਿਰਿ ਪੈਰੀ ਕਿਆ ਫੇੜਿਆ ਅੰਦਰਿ ਪਿਰੀ ਨਿਹਾਲਿ ॥੧੨੦॥ {ਪੰਨਾ 1384}

ਨੋਟ:- ਇਹ ਸ਼ਲੋਕ ਗੁਰੂ ਨਾਨਕ ਦੇਵ ਜੀ ਦਾ ਹੈ। 'ਸਲੋਕ ਵਾਰਾਂ ਤੇ ਵਧੀਕ ਮਹਲਾ 1' ਵਿਚ ਭੀ ਇਹ ਦਰਜ ਹੈ। ਉਥੇ ਇਹ ਇਉਂ ਹੈ:

ਤਨੁ ਨ ਤਪਾਇ ਤਨੂਰ ਜਿਉ, ਬਾਲਣੁ ਹਡ ਨ ਬਾਲਿ ॥ ਸਿਰਿ ਪੈਰੀ ਕਿਆ ਫੇੜਿਆ, ਅੰਦਰ ਪਿਰੀ ਸਮਾਲਿ ॥18॥

ਇਥੇ ਸਿਰਫ਼ ਇਕ ਲਫ਼ਜ਼ ਦਾ ਫ਼ਰਕ ਹੈ 'ਨਿਹਾਲਿ' ਦੇ ਥਾਂ ਲਫ਼ਜ਼ 'ਸਮਾਲਿ' ਹੈ, ਦੋਹਾਂ ਦਾ ਅਰਥ ਇਕੋ ਹੀ ਹੈ। ਜਿਵੇਂ ਸ਼ਲੋਕ ਨੰ: 113 ਵਿਚ ਵੇਖ ਆਏ ਹਾਂ, ਕਿ ਸਤਿਗੁਰੂ ਜੀ ਨੇ ਫਰੀਦ ਜੀ ਦੇ ਸ਼ਲੋਕ ਨੰ: 113 ਦੀ ਵਿਆਖਿਆ ਕੀਤੀ ਹੈ, ਤਿਵੇਂ ਇਥੇ ਭੀ ਇਹੀ ਗੱਲ ਹੈ। ਫਰੀਦ ਜੀ ਦੀ ਕਿਸੇ 'ਉਕਾਈ' ਨੂੰ ਸਹੀ ਨਹੀਂ ਕੀਤਾ। ਜੇ ਗੁਰਮਤਿ ਦੀ ਕਸਵੱਟੀ ਤੇ ਇਥੇ ਕੋਈ 'ਉਕਾਈ' ਹੁੰਦੀ, ਤਾਂ ਗੁਰੂ-ਰੂਪ ਗੁਰਬਾਣੀ ਵਿਚ 'ਉਕਾਈ' ਨੂੰ ਥਾਂ ਕਿਉਂ ਮਿਲਦੀ? ਫਰੀਦ ਜੀ ਨੇ ਭੀ ਇਥੇ ਕਿਤੇ ਧੂਣੀਆਂ ਤਪਾਣ ਦੀ ਲੋੜ ਨਹੀਂ ਦੱਸੀ। ਉਹਨਾਂ ਦਾ ਅਗਲਾ ਸ਼ਲੋਕ (ਨੰ: 125) ਇਸ ਦੇ ਨਾਲ ਰਲਾ ਕੇ ਪੜ੍ਹੋ (ਵਿਚਕਾਰਲੇ ਸਾਰੇ ਸਲੋਕ ਸਤਿਗੁਰੂ ਜੀ ਦੇ ਹਨ), ਭਾਵ ਇਹ ਹੈ ਕਿ ਜਗਤ ਦੇ ਵਿਕਾਰਾਂ ਤੋਂ ਬਚਣ ਦਾ ਇਕੋ ਹੀ ਉਪਾਉ ਹੈ—ਪਰਮਾਤਮਾ ਦੀ ਓਟ, ਇਹ ਓਟ ਕਿਸੇ ਭੀ ਭ੍ਹਾ ਤੇ ਮਿਲੇ ਤਾਂ ਭੀ ਸਉਦਾ ਸਸਤਾ ਹੈ।

ਪਦ ਅਰਥ:- ਸਿਰਿ—ਸਿਰ ਨੇ। ਪੈਰੀ—ਪੈਰੀਂ, ਪੈਰਾਂ ਨੇ। ਫੇੜਿਆ—ਵਿਗਾੜਿਆ ਹੈ। ਨਿਹਾਲਿ—ਵੇਖ, ਤੱਕ।

ਅਰਥ:- ਸਰੀਰ ਨੂੰ (ਧੂਣੀਆਂ ਨਾਲ) ਤਨੂਰ ਵਾਂਗ ਨਾਹ ਸਾੜ; ਤੇ ਹੱਡਾਂ ਨੂੰ ਇਉਂ ਨਾਹ ਬਾਲ ਜਿਵੇਂ ਇਹ ਬਾਲਣ ਹੈ। ਸਿਰ ਨੇ ਤੇ ਪੈਰਾਂ ਨੇ ਕੁਝ ਨਹੀਂ ਵਿਗਾੜਿਆ ਹੈ, (ਇਸ ਵਾਸਤੇ ਇਹਨਾਂ ਨੂੰ ਦੁਖੀ ਨਾਹ ਕਰ) ਪਰਮਾਤਮਾ ਨੂੰ ਆਪਣੇ ਅੰਦਰ ਵੇਖ। 120।

ਹਉ ਢੂਢੇਦੀ ਸਜਣਾ ਸਜਣੁ ਮੈਡੇ ਨਾਲਿ ॥ ਨਾਨਕ ਅਲਖੁ ਨ ਲਖੀਐ ਗੁਰਮੁਖਿ ਦੇਇ ਦਿਖਾਲਿ ॥੧੨੧॥ {ਪੰਨਾ 1384}

ਨੋਟ:- ਇਹ ਸ਼ਲੋਕ ਗੁਰੂ ਰਾਮਦਾਸ ਜੀ ਦਾ ਹੈ। ਰਾਗ ਕਾਨੜੇ ਦੀ ਵਾਰ ਦੀ ਪੰਦ੍ਰਵੀਂ ਪਉੜੀ ਵਿਚ ਆਇਆ ਹੈ, ਥੋੜਾ ਕੁ ਫ਼ਰਕ ਹੈ, ਉਥੇ ਇਉਂ ਹੈ:

ਸਲੋਕ ਮ: 4 ॥ ਹਉ ਢੂਢੇਦੀ ਸਜਣਾ, ਸਜਣੁ ਮੈਡੇ ਨਾਲਿ ॥ ਜਨ ਨਾਨਕ ਅਲਖੁ ਨ ਲਖੀਐ, ਗੁਰਮੁਖਿ ਦੇਇ ਦਿਖਾਲਿ ॥1॥15॥

ਗੁਰੂ ਰਾਮਦਾਸ ਜੀ ਦਾ ਇਹ ਸ਼ਲੋਕ ਗੁਰੂ ਨਾਨਕ ਦੇਵ ਜੀ ਦੇ ਸ਼ਲੋਕ ਨੰ: 120 ਦੀ ਵਿਆਖਿਆ ਹੈ।

ਪਦ ਅਰਥ:- ਮੈਡੇ ਨਾਲਿ—ਮੇਰੇ ਨਾਲ, ਮੇਰੇ ਹਿਰਦੇ ਵਿਚ। ਅਲਖੁ—ਲੱਛਣਹੀਨ, ਜਿਸ ਦਾ ਕੋਈ ਖ਼ਾਸ ਲੱਛਣ ਨਹੀਂ ਪਤਾ ਲੱਗਦਾ। ਦੇਇ ਦਿਖਾਲਿ—ਵਿਖਾ ਦੇਂਦਾ ਹੈ।

ਅਰਥ:- ਮੈਂ (ਜੀਵ-ਇਸਤ੍ਰੀ) ਸੱਜਣ (-ਪ੍ਰਭੂ) ਨੂੰ (ਬਾਹਰ) ਭਾਲ ਰਹੀ ਹਾਂ, (ਪਰ ਉਹ) ਸੱਜਣ (ਤਾਂ) ਮੇਰੇ ਹਿਰਦੇ ਵਿਚ ਵੱਸ ਰਿਹਾ ਹੈ। ਹੇ ਨਾਨਕ! ਉਸ (ਸੱਜਣ) ਦਾ ਕੋਈ ਲੱਛਣ ਨਹੀਂ, (ਆਪਣੇ ਉੱਦਮ ਨਾਲ ਜੀਵ ਪਾਸੋਂ) ਉਹ ਪਛਾਣਿਆ ਨਹੀਂ ਜਾ ਸਕਦਾ, ਸਤਿਗੁਰੂ ਵਿਖਾਲ ਦੇਂਦਾ ਹੈ। 121।

ਹੰਸਾ ਦੇਖਿ ਤਰੰਦਿਆ ਬਗਾ ਆਇਆ ਚਾਉ ॥ ਡੁਬਿ ਮੁਏ ਬਗ ਬਪੁੜੇ ਸਿਰੁ ਤਲਿ ਉਪਰਿ ਪਾਉ ॥੧੨੨॥ {ਪੰਨਾ 1384}

ਨੋਟ:- ਇਹ ਸ਼ਲੋਕ ਗੁਰੂ ਅਮਰਦਾਸ ਜੀ ਦਾ ਹੈ। 'ਵਡਹੰਸ ਕੀ ਵਾਰ' ਵਿਚ ਇਹ ਅਤੇ ਇਸ ਤੋਂ ਅਗਲਾ ਸ਼ਲੋਕ (ਨੰ: 123) ਜੋ ਗੁਰੂ ਅਮਰਦਾਸ ਜੀ ਦਾ ਹੈ, ਇਉਂ ਦਰਜ ਹਨ:

ਹੰਸਾ ਵੇਖਿ ਤਰੰਦਿਆ ਬਗਾਂ ਭਿ ਆਇਆ ਚਾਉ ॥ ਡੁਬਿ ਮੁਇ ਬਗ ਬਪੁੜੇ, ਸਿਰੁ ਤਲਿ ਉਪਰਿ ਪਾਉ ॥3॥1॥ ਮੈ ਜਾਨਿਆ ਵਡਹੰਸੁ ਹੈ, ਤਾ ਮੈ ਕੀਆ ਸੰਗੁ ॥ ਜੇ ਜਾਣਾ ਬਗੁ ਬਪੁੜਾ, ਤ ਜਨਮਿ ਨ ਦੇਦੀ ਅੰਗੁ ॥2॥1॥

ਪਦ ਅਰਥ:- ਬਗਾ—ਬਗਲਿਆਂ ਨੂੰ। ਬਪੁੜੇ—ਵਿਚਾਰੇ। ਤਲਿ—ਹੇਠਾਂ।

ਅਰਥ:- ਹੰਸਾਂ ਨੂੰ ਤਰਦਿਆਂ ਵੇਖ ਕੇ ਬਗਲਿਆਂ ਨੂੰ ਭੀ ਚਾਉ ਆ ਗਿਆ, ਪਰ ਵਿਚਾਰੇ ਬਗਲੇ (ਇਹ ਉੱਦਮ ਕਰਦੇ) ਸਿਰ ਹੇਠਾਂ ਤੇ ਪੈਰ ਉੱਪਰ (ਹੋ ਕੇ) ਡੁੱਬ ਕੇ ਮਰ ਗਏ। 122।

ਮੈ ਜਾਣਿਆ ਵਡ ਹੰਸੁ ਹੈ ਤਾਂ ਮੈ ਕੀਤਾ ਸੰਗੁ ॥ ਜੇ ਜਾਣਾ ਬਗੁ ਬਪੁੜਾ ਜਨਮਿ ਨ ਭੇੜੀ ਅੰਗੁ ॥੧੨੩॥ {ਪੰਨਾ 1384}

ਪਦ ਅਰਥ:- ਵਡਹੰਸੁ—ਵੱਡਾ ਹੰਸ। ਸੰਗੁ—ਸਾਥ। ਜੇ ਜਾਣਾ—ਜੇ ਮੈਨੂੰ ਪਤਾ ਹੁੰਦਾ। ਜਨਮਿ—ਜਨਮ ਵਿਚ, ਜਨਮ ਭਰ, ਸਾਰੀ ਉਮਰ। ਨ ਭੇੜੀ—ਨਾਹ ਛੁਹੰਦੀ, ਨ ਭੇੜੀਂ।

ਅਰਥ:- ਮੈਂ ਸਮਝਿਆ ਕਿ ਇਹ ਕੋਈ ਵੱਡਾ ਹੰਸ ਹੈ, ਇਸੇ ਕਰ ਕੇ ਮੈਂ ਉਸ ਦੀ ਸੰਗਤਿ ਕੀਤੀ। ਪਰ ਜੇ ਮੈਨੂੰ ਪਤਾ ਹੁੰਦਾ ਕਿ ਇਹ ਤਾਂ ਨਕਾਰਾ ਬਗਲਾ ਹੈ, ਤਾਂ ਮੈਂ ਕਦੇ ਉਸ ਦੇ ਨੇੜੇ ਨਾਹ ਢੁਕਦੀ। 123।

ਨੋਟ:- ਇਹਨਾਂ ਦੋਹਾਂ ਸ਼ਲੋਕਾਂ ਦਾ ਭਾਵ ਇਹ ਹੈ ਕਿ ਧੂਣੀਆਂ ਨੂੰ ਹੀ ਪ੍ਰਭੂ-ਮਿਲਾਪ ਦਾ ਵਸੀਲਾ ਜਾਣਨ ਵਾਲੇ ਦਾ ਇਹ ਉੱਦਮ ਇਉਂ ਹੈ ਜਿਵੇਂ ਕੋਈ ਬਗੁਲਾ ਹੰਸਾਂ ਦੀ ਰੀਸ ਕਰਨ ਲਗ ਪਏ। ਇਸ ਦਾ ਸਿੱਟਾ ਇਹ ਨਿਕਲਦਾ ਹੈ ਕਿ ਇੱਕ ਤਾਂ ਉਹ ਵਿਅਰਥ ਦੁੱਖ ਸਹੇੜਦਾ ਹੈ; ਦੂਜੇ, ਇਹ ਪਾਜ ਉੱਘੜ ਜਾਂਦਾ ਹੈ, ਕੋਈ ਇਸ ਤੇ ਰੀਝਦਾ ਨਹੀਂ।

ਕਿਆ ਹੰਸੁ ਕਿਆ ਬਗੁਲਾ ਜਾ ਕਉ ਨਦਰਿ ਧਰੇ ॥ ਜੇ ਤਿਸੁ ਭਾਵੈ ਨਾਨਕਾ ਕਾਗਹੁ ਹੰਸੁ ਕਰੇ ॥੧੨੪॥ {ਪੰਨਾ 1384}

ਨੋਟ:- ਇਹ ਸ਼ਲੋਕ ਗੁਰੂ ਨਾਨਕ ਦੇਵ ਜੀ ਦਾ ਹੈ। 'ਵਾਰ ਸਿਰੀ ਰਾਗ' ਦੀ ਪਉੜੀ ਨੰ: 20 ਨਾਲ ਇਹ ਇਉਂ ਦਰਜ ਹੈ:

ਕਿਆ ਹੰਸੁ ਕਿਆ ਬਗੁਲਾ, ਜਾ ਕਉ ਨਦਰਿ ਕਰੇਇ ॥ ਜੋ ਤਿਸੁ ਭਾਵੈ ਨਾਨਕਾ, ਕਾਗਹੁ ਹੰਸੁ ਕਰੇਇ ॥2॥20॥

ਪਦ ਅਰਥ:- ਕਿਆ—ਭਾਵੇਂ। ਜਾ ਕਉ—ਜਿਸ ਉਤੇ। ਨਦਰਿ—ਮਿਹਰ ਦੀ ਨਜ਼ਰ। ਤਿਸੁ—ਉਸ (ਪ੍ਰਭੂ) ਨੂੰ। ਕਾਗਹੁ—ਕਾਂ ਤੋਂ।

ਅਰਥ:- ਭਾਵੇਂ ਹੋਵੇ ਹੰਸ ਤੇ ਭਾਵੇਂ ਬਗਲਾ, ਜਿਸ ਉਤੇ (ਪ੍ਰਭੂ) ਕਿਰਪਾ ਦੀ ਨਜ਼ਰ ਕਰੇ (ਉਸ ਨੂੰ ਆਪਣਾ ਬਣਾ ਲੈਂਦਾ ਹੈ; ਸੋ ਕਿਸੇ ਤੋਂ ਨਫ਼ਰਤਿ ਕਿਉਂ?) ਹੇ ਨਾਨਕ! ਜੇ ਪਰਮਾਤਮਾ ਨੂੰ ਚੰਗਾ ਲੱਗੇ ਤਾਂ (ਬਗਲਾ ਤਾਂ ਕਿਤੇ ਰਿਹਾ, ਉਹ) ਕਾਂ ਤੋਂ (ਭੀ) ਹੰਸ ਬਣਾ ਦੇਂਦਾ ਹੈ (ਭਾਵ, ਬੜੇ ਵਿਕਾਰੀ ਨੂੰ ਭੀ ਸੁਧਾਰ ਲੈਂਦਾ ਹੈ)। 124।

ਨੋਟ:- ਅਗਲਾ ਸ਼ਲੋਕ (ਨੰ. 125) ਫਰੀਦ ਜੀ ਦੇ ਸ਼ਲੋਕ ਨੰ: 119 ਦੇ ਸਿਲਸਿਲੇ ਵਿਚ ਹੈ। ਵਿਚਕਾਰਲੇ ਪੰਜੇ ਸ਼ਲੋਕ ਉਸ ਭੁਲੇਖੇ ਨੂੰ ਦੂਰ ਕਰਨ ਵਾਸਤੇ ਹਨ, ਜੋ ਫਰੀਦ ਜੀ ਦੇ ਇਕੱਲੇ ਸ਼ਲੋਕ ਨੰ: 119 ਨੂੰ ਪੜ੍ਹ ਕੇ ਲੱਗ ਸਕਦਾ ਸੀ।

ਸਰਵਰ ਪੰਖੀ ਹੇਕੜੋ ਫਾਹੀਵਾਲ ਪਚਾਸ ॥ ਇਹੁ ਤਨੁ ਲਹਰੀ ਗਡੁ ਥਿਆ ਸਚੇ ਤੇਰੀ ਆਸ ॥੧੨੫॥ {ਪੰਨਾ 1384}

ਪਦ ਅਰਥ: ਸਰਵਰ—(ਜਗਤ-ਰੂਪ) ਤਲਾਬ ਦਾ। ਹੇਕੜੋ—ਇਕੱਲਾ। ਗਡੁ ਥਿਆ—ਫਸ ਗਿਆ ਹੈ। ਲਹਰੀ—ਲਹਰੀਂ, ਲਹਿਰਾਂ ਵਿਚ।

ਅਰਥ:- (ਜਗਤ-ਰੂਪ) ਤਲਾਬ ਦਾ (ਇਹ ਜੀਵ-ਰੂਪ) ਪੰਛੀ ਇਕੱਲਾ ਹੀ ਹੈ, ਫਸਾਉਣ ਵਾਲੇ (ਕਾਮਾਦਿਕ) ਪੰਜਾਹ ਹਨ। (ਮੇਰਾ) ਇਹ ਸਰੀਰ (ਸੰਸਾਰ-ਰੂਪ ਤਲਾਬ ਦੀਆਂ ਵਿਕਾਰਾਂ ਰੂਪ) ਲਹਿਰਾਂ ਵਿਚ ਫਸ ਗਿਆ ਹੈ। ਹੇ ਸੱਚੇ (ਪ੍ਰਭੂ)! (ਇਹਨਾਂ ਤੋਂ ਬਚਣ ਲਈ) ਇਕ ਤੇਰੀ (ਸਹੈਤਾ ਦੀ ਹੀ) ਆਸ ਹੈ (ਇਸ ਵਾਸਤੇ ਤੈਨੂੰ ਮਿਲਣ ਲਈ ਜੇ ਤਪ ਤਪਣੇ ਪੈਣ ਤਾਂ ਭੀ ਸੌਦਾ ਸਸਤਾ ਹੈ)। 125।

ਨੋਟ:- ਉਹ 'ਤਪ' ਕੇਹੜੇ ਹਨ, ਜੋ ਫਰੀਦ ਜੀ ਦੇ ਖ਼ਿਆਲ-ਅਨੁਸਾਰ ਪ੍ਰਭੂ-ਮਿਲਾਪ ਲਈ ਤੇ "ਫਾਹੀਵਾਲ ਪਚਾਸ" ਤੋਂ ਬਚਣ ਲਈ ਜ਼ਰੂਰੀ ਹਨ? ਉਹ ਅਗਲੇ ਪੰਜ ਸ਼ਲੋਕਾਂ ਵਿਚ ਦਿੱਤੇ ਗਏ ਹਨ।

ਕਵਣੁ ਸੁ ਅਖਰੁ ਕਵਣੁ ਗੁਣੁ ਕਵਣੁ ਸੁ ਮਣੀਆ ਮੰਤੁ ॥ ਕਵਣੁ ਸੁ ਵੇਸੋ ਹਉ ਕਰੀ ਜਿਤੁ ਵਸਿ ਆਵੈ ਕੰਤੁ ॥੧੨੬॥ {ਪੰਨਾ 1384}

ਪਦ ਅਰਥ:- ਮਣੀਆ—ਸ਼ਿਰੋਮਣੀ। ਹਉ—ਮੈਂ। ਜਿਤੁ—ਜਿਸ (ਵੇਸ) ਨਾਲ। ਵਸਿ—ਵੱਸ ਵਿਚ।

ਅਰਥ:- (ਹੇ ਭੈਣ!) ਉਹ ਕੇਹੜਾ ਅੱਖਰ ਹੈ? ਉਹ ਕੇਹੜਾ ਗੁਣ ਹੈ? ਉਹ ਕੇਹੜਾ ਸ਼ਿਰੋਮਣੀ ਮੰਤਰ ਹੈ? ਉਹ ਕੇਹੜਾ ਵੇਸ ਮੈਂ ਕਰਾਂ ਜਿਸ ਨਾਲ (ਮੇਰਾ) ਖਸਮ (ਮੇਰੇ) ਵੱਸ ਵਿਚ ਆ ਜਾਏ?। 126।

ਨਿਵਣੁ ਸੁ ਅਖਰੁ ਖਵਣੁ ਗੁਣੁ ਜਿਹਬਾ ਮਣੀਆ ਮੰਤੁ ॥ ਏ ਤ੍ਰੈ ਭੈਣੇ ਵੇਸ ਕਰਿ ਤਾਂ ਵਸਿ ਆਵੀ ਕੰਤੁ ॥੧੨੭॥ {ਪੰਨਾ 1384}

ਪਦ ਅਰਥ:- ਖਵਣੁ—ਸਹਾਰਨਾ। ਜਿਹਬਾ—ਮਿੱਠੀ ਜੀਭ, ਮਿੱਠਾ ਬੋਲਣਾ।

ਅਰਥ:- ਹੇ ਭੈਣ! ਨਿਊਣਾ ਅੱਖਰ ਹੈ, ਸਹਾਰਨਾ ਗੁਣ ਹੈ, ਮਿੱਠਾ ਬੋਲਣਾ ਸ਼ਿਰੋਮਣੀ ਮੰਤਰ ਹੈ। ਜੇ ਇਹ ਤਿੰਨ ਵੇਸ ਕਰ ਲਏਂ ਤਾਂ (ਮੇਰਾ) ਖਸਮ (ਤੇਰੇ) ਵੱਸ ਵਿਚ ਆ ਜਾਇਗਾ। 127।

ਮਤਿ ਹੋਦੀ ਹੋਇ ਇਆਣਾ ॥ ਤਾਣ ਹੋਦੇ ਹੋਇ ਨਿਤਾਣਾ ॥ਅਣਹੋਦੇ ਆਪੁ ਵੰਡਾਏ ॥ ਕੋ ਐਸਾ ਭਗਤੁ ਸਦਾਏ ॥੧੨੮॥ {ਪੰਨਾ 1384}

ਪਦ ਅਰਥ:- ਮਤਿ—ਅਕਲ। ਹੋਇ—ਬਣੇ। ਤਾਣੁ—ਜ਼ੋਰ, ਤਾਕਤ। ਅਣਹੋਦੇ—ਜਦੋਂ ਕੁਝ ਭੀ ਦੇਣ ਜੋਗਾ ਨਾਹ ਹੋਵੇ। ਸਦਾਏ—ਅਖਵਾਏ।

ਅਰਥ:- (ਜੋ ਮਨੁੱਖ) ਅਕਲ ਹੁੰਦਿਆਂ ਭੀ ਅੰਞਾਣਾ ਬਣੇ (ਭਾਵ, ਅਕਲ ਦੇ ਤ੍ਰਾਣ ਦੂਜਿਆਂ ਤੇ ਕੋਈ ਦਬਾਉ ਨ ਪਾਏ), ਜ਼ੋਰ ਹੁੰਦਿਆਂ ਕਮਜ਼ੋਰਾਂ ਵਾਂਗ ਜੀਵੇ (ਭਾਵ, ਕਿਸੇ ਉਤੇ ਧੱਕਾ ਨਾ ਕਰੇ), ਜਦੋਂ ਕੁਝ ਭੀ ਦੇਣ-ਜੋਗਾ ਨਾਹ ਹੋਵੇ, ਤਦੋਂ ਆਪਣਾ ਆਪ (ਭਾਵ, ਆਪਣਾ ਹਿੱਸਾ) ਵੰਡ ਦੇਵੇ, ਕਿਸੇ ਅਜੇਹੇ ਮਨੁੱਖ ਨੂੰ (ਹੀ) ਭਗਤ ਆਖਣਾ ਚਾਹੀਦਾ ਹੈ। 128।

ਇਕੁ ਫਿਕਾ ਨ ਗਾਲਾਇ ਸਭਨਾ ਮੈ ਸਚਾ ਧਣੀ ॥ ਹਿਆਉ ਨ ਕੈਹੀ ਠਾਹਿ ਮਾਣਕ ਸਭ ਅਮੋਲਵੇ ॥੧੨੯॥ {ਪੰਨਾ 1384}

ਪਦ ਅਰਥ:- ਗਾਲਾਇ—ਬੋਲ। ਇਕੁ—ਇੱਕ ਭੀ ਬਚਨ। ਧਣੀ—ਮਾਲਕ, ਖਸਮ। ਹਿਆਉ—ਹਿਰਦਾ।

ਕੈਹੀ—ਕਿਸੇ ਦਾ ਭੀ। ਠਾਹਿ—ਢਾਹ। ਮਾਣਕ—ਮੋਤੀ।

ਅਰਥ:- ਇੱਕ ਭੀ ਫਿੱਕਾ ਬਚਨ ਨਾਹ ਬੋਲ (ਕਿਉਂਕਿ) ਸਭ ਵਿਚ ਸੱਚਾ ਮਾਲਕ (ਵੱਸ ਰਿਹਾ ਹੈ), ਕਿਸੇ ਦਾ ਭੀ ਦਿਲ ਨਾਹ ਦੁਖਾ (ਕਿਉਂਕਿ) ਇਹ ਸਾਰੇ (ਜੀਵ) ਅਮੋਲਕ ਮੋਤੀ ਹਨ। 129।

ਸਭਨਾ ਮਨ ਮਾਣਿਕ ਠਾਹਣੁ ਮੂਲਿ ਮਚਾਂਗਵਾ ॥ ਜੇ ਤਉ ਪਿਰੀਆ ਦੀ ਸਿਕ ਹਿਆਉ ਨ ਠਾਹੇ ਕਹੀ ਦਾ ॥੧੩੦॥ {ਪੰਨਾ 1384}

ਪਦ ਅਰਥ:- ਠਾਹਣੁ—ਢਾਹੁਣਾ, ਦੁਖਾਣਾ। ਮੂਲਿ—ਉੱਕਾ ਹੀ। ਮਚਾਂਗਵਾ—ਚੰਗਾ ਨਹੀਂ। ਤਉ—ਤੈਨੂੰ।

ਅਰਥ:- ਸਾਰੇ ਜੀਵਾਂ ਦੇ ਮਨ ਮੋਤੀ ਹਨ, (ਕਿਸੇ ਨੂੰ ਭੀ) ਦੁਖਾਣਾ ਉੱਕਾ ਹੀ ਚੰਗਾ ਨਹੀਂ। ਜੇ ਤੈਨੂੰ ਪਿਆਰੇ ਪ੍ਰਭੂ ਦੇ ਮਿਲਣ ਦੀ ਤਾਂਘ ਹੈ, ਤਾਂ ਕਿਸੇ ਦਾ ਦਿਲ ਨਾਹ ਢਾਹ। 130।